22-APRIL-PAGE-1.qxd 4/21/2023 10:39 PM Page 1

ਸ਼ਨੀਵਾਰ, 22 ਅਪ੍ਰੈਲ, 2023
9 ਵਿਸਾਖ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 321

ਨਵਾਂ ਜ਼ਮਾਨਾ

DAILY NAWAN ZAMANA • SATURDAY, 22 APRIL, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਪੁਣਛ 'ਚ ਦਹਿਸ਼ਤਗਰਦਾਂ ਦੀ ਵੱਡੀ ਪੱਧਰ 'ਤੇ ਭਾਲ

ਸ਼ਹੀਦ ਹੋਣ ਵਾਲੇ ਕੁਲਵੰਤ ਦਾ ਪਿਤਾ ਵੀ ਕਾਰਗਿਲ ਜੰਗ 'ਚ ਸ਼ਹੀਦ ਹੋਇਆ ਸੀ

ਸ੍ਰੀਨਗਰ : ਪੁਣਛ 'ਚ ਵੀਰਵਾਰ ਪੰਜ ਜਵਾਨਾਂ ਦੇ ਸ਼ਹੀਦ ਹੋਣ ਤੋਂ ਬਾਅਦ ਸੁਰੱਖਿਆ ਬਲਾਂ ਨੇ ਬਾਟਾ-ਡੋਰੀਆ ਖੇਤਰ ਦੇ ਸੰਘਣੇ ਜੰਗਲੀ ਖੇਤਰ 'ਚ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ ਹੈ। ਪੂਰੇ ਇਲਾਕੇ ਦੀ ਘੇਰਾਬੰਦੀ ਕਰ ਦਿੱਤੀ ਗਈ ਹੈ ਅਤੇ ਦਹਿਸ਼ਤਗਰਦਾਂ ਦਾ ਪਤਾ ਲਗਾਉਣ ਲਈ ਡਰੋਨ ਤੇ ਸੂਹੀਆ ਕੁੱਤਿਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਰਾਜੌਰੀ ਅਤੇ ਪੁਣਛ ਦੇ ਸਰਹੱਦੀ ਜ਼ਿਲ੍ਹਿਆਂ 'ਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ ਅਤੇ ਕੰਟਰੋਲ ਰੇਖਾ 'ਤੇ ਸਖਤ ਚੌਕਸੀ ਰੱਖੀ ਜਾ ਰਹੀ ਹੈ। ਹਮਲੇ ਤੋਂ ਬਾਅਦ ਭਿੰਬਰ ਗਲੀ-ਪੁਣਛ ਰੋਡ 'ਤੇ ਆਵਾਜਾਈ ਰੋਕ ਦਿੱਤੀ ਗਈ ਹੈ ਅਤੇ ਲੋਕਾਂ ਨੂੰ ਮੋਂਢਰ ਦੇ ਰਸਤੇ ਪੁਣਛ ਜਾਣ ਦੀ ਸਲਾਹ ਦਿੱਤੀ ਗਈ ਹੈ। ਜੰਮੂ-ਕਸ਼ਮੀਰ ਵਿਚ ਵੀਰਵਾਰ ਦਹਿਸ਼ਤਗਰਦਾਂ ਦੇ ਹਮਲੇ ਵਿਚ ਸ਼ਹੀਦ ਹੋਣ ਵਾਲੇ ਪੰਜ ਜਵਾਨਾਂ ਵਿੱਚੋਂ ਇਕ ਮੋਗਾ ਦੇ ਪਿੰਡ ਚੜਿੱਕ ਦੀ ਪੱਤੀ ਜੰਗੀਰ ਦਾ ਕੁਲਵੰਤ ਸਿੰਘ ਕਰੀਬ 13 ਸਾਲ ਪਹਿਲਾਂ ਫੌਜ 'ਚ ਭਰਤੀ ਹੋਇਆ ਸੀ। ਉਸ ਦਾ ਦੋ ਸਾਲ ਪਹਿਲਾਂ ਵਿਆਹ ਹੋਇਆ ਅਤੇ ਦੋ ਬੱਚਿਆਂ ਦਾ ਬਾਪ ਸੀ।

● ਬਾਕੀ ਸਫ਼ਾ 2 'ਤੇ

ਸ਼ਹੀਦ ਸੈਨਿਕਾਂ ਦੇ ਪਰਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਤੇ ਇੱਕ ਕਰੋੜ ਐੱਕਸ-ਗ੍ਰੇਸ਼ੀਆ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਮਾਨ ਨੇ ਜੰਮੂ-ਕਸ਼ਮੀਰ ਵਿਚ ਦੇਸ਼ ਸੇਵਾ ਦੀ ਡਿਊਟੀ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕਰਨ ਵਾਲੇ ਚਾਰ ਬਹਾਦਰ ਸੈਨਿਕਾਂ ਦੇ ਪਰਵਾਰਾਂ ਦੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਤੇ ਇੱਕ-ਇੱਕ ਕਰੋੜ ਰੁਪਏ ਐਕਸ-ਗ੍ਰੇਸ਼ੀਆ ਦੇਣ ਦਾ ਐਲਾਨ ਕੀਤਾ ਹੈ। ਮਾਨ ਨੇ ਅੱਤਵਾਦੀ ਹਮਲੇ ਦੀ ਨਿਖੇਧੀ ਕਰਦੇ ਹੋਏ ਇਸ ਹਮਲੇ ਵਿਚ ਬਹਾਦਰ ਸੈਨਿਕਾਂ ਦੀ ਸ਼ਹਾਦਤ ਉਤੇ ਦੁੱਖ ਜ਼ਾਹਰ ਕੀਤਾ।

ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀ ਨੀਤੀ ਮੁਤਾਬਕ ਸ਼ਹੀਦ ਸੈਨਿਕ ਦੇ ਪਰਵਾਰ ਨੂੰ ਇਕ ਕਰੋੜ ਰੁਪਏ ਐਕਸ-ਗ੍ਰੇਸ਼ੀਆ ਅਤੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ। ਉਹਨਾ ਕਿਹਾ ਕਿ ਪਹਿਲਾਂ ਵੀ ਮੁਲਕ ਨੂੰ ਬਰਤਾਨਵੀ ਹਕੂਮਤ ਤੋਂ ਆਜ਼ਾਦ ਕਰਵਾਉਣ ਲਈ ਪੰਜਾਬੀਆਂ ਨੇ ਅਹਿਮ ਭੂਮਿਕਾ ਨਿਭਾਈ ਸੀ। ਹੁਣ ਪੰਜਾਬੀਆਂ ਵੱਲੋਂ ਸਰਹੱਦਾਂ 'ਤੇ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਲਈ ਮੋਹਰੀ ਭੂਮਿਕਾ ਨਿਭਾਈ ਜਾ ਰਹੀ ਹੈ।

ਵਿਧਾਇਕ ਦਾ ਪਿਤਾ ਬਲੈਕਮੇਲਿੰਗ ਦੇ ਦੋਸ਼ 'ਚ ਗ੍ਰਿਫਤਾਰ

ਬੇਟੇ ਦਾ ਬਿਆਨ : ਗਲਤ ਕੰਮ ਕਰਨ ਵਾਲਾ ਜੇਲ੍ਹ ਜਾਵੇਗਾ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਜਲਾਲਾਬਾਦ ਤੋਂ 'ਆਪ' ਵਿਧਾਇਕ ਜਗਦੀਪ ਗੋਲਡੀ ਕੰਬੋਜ ਦੇ ਪਿਤਾ ਸੁਰਿੰਦਰ ਕੰਬੋਜ (65) ਨੂੰ ਪ੍ਰਾਪਰਟੀ ਡੀਲਰ ਨੂੰ ਬਲੈਕਮੇਲ ਕਰਨ ਅਤੇ ਉਸ 'ਤੇ ਲੱਗੇ ਬਲਾਤਕਾਰ ਦੇ ਦੋਸ਼ ਨੂੰ ਰਫਾ-ਦਫਾ ਕਰਨ ਲਈ 10 ਲੱਖ ਰੁਪਏ ਵਸੂਲਣ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਹੈ। ਡੀ ਐੱਸ ਪੀ ਅਤੁਲ ਸੋਨੀ ਨੇ ਦੱਸਿਆ ਕਿ ਉਸ ਕੋਲੋਂ 50,000 ਰੁਪਏ ਦੀ ਫਿਰੌਤੀ ਵੀ ਬਰਾਮਦ ਕੀਤੀ ਗਈ ਹੈ। ਐੱਫ ਆਈ ਆਰ ਅਨੁਸਾਰ ਜਲਾਲਾਬਾਦ ਦੇ ਪ੍ਰਾਪਰਟੀ ਡੀਲਰ ਸੁਨੀਲ ਕੁਮਾਰ ਨੇ ਦੋਸ਼ ਲਾਇਆ ਸੀ ਕਿ ਰਾਣੋ ਬਾਈ ਨਾਂਅ ਦੀ ਔਰਤ ਉਸ ਨੂੰ ਮਕਾਨ ਖਰੀਦਣ ਲਈ ਮਿਲੀ ਸੀ। ਉਸ ਨੇ ਉਸ ਨੂੰ ਮਕਾਨ ਦਿਖਾਇਆ। ਇਸ ਤੋਂ ਬਾਅਦ ਰਾਣੋ ਨੇ ਉਸ ਨੂੰ ਫੋਨ ਕੀਤਾ ਕਿ ਉਸ ਦਾ ਬੇਟਾ ਉਸ ਨਾਲ ਕੁੱਟਮਾਰ ਕਰ ਰਿਹਾ ਹੈ ਤੇ ਕਹਿ ਰਿਹਾ ਹੈ ਕਿ ਤੂੰ ਉਸ ਨਾਲ ਗਲਤ ਕੰਮ ਕਰਕੇ ਆਈ ਹੈਂ। ਇਸ ਤੋਂ ਬਾਅਦ ਸੁਰਿੰਦਰ ਕੰਬੋਜ ਨੇ ਉਸ ਨੂੰ ਫੋਨ ਕੀਤਾ ਕਿ ਰਾਣੋ ਹਸਪਤਾਲ ਵਿਚ ਭਰਤੀ ਹੈ ਤੇ ਉਸ ਵੱਲੋਂ ਉਸ 'ਤੇ ਬਲਾਤਕਾਰ ਦਾ ਕੇਸ ਦਰਜ ਕਰਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜੇ ਬਚਣਾ ਹੈ ਤਾਂ ਉਸ ਦੇ ਘਰ ਆ ਕੇ ਮਿਲ। ਸੁਰਿੰਦਰ ਕੰਬੋਜ ਨੇ ਉਸ ਨੂੰ ਬਚਾਉਣ ਲਈ 10 ਲੱਖ ਰੁਪਏ ਮੰਗੇ। ਸੁਨੀਲ ਕੁਮਾਰ ਨੇ ਇਸ ਦੀ ਰਿਕਾਰਡਿੰਗ ਵੀ ਪੁਲਸ ਨੂੰ ਦਿੱਤੀ। ਪੁਲਸ ਨੇ ਬਾਅਦ ਵਿਚ ਸੁਰਿੰਦਰ ਕੰਬੋਜ ਤੇ ਇਕ ਹੋਰ ਸ਼ਖਸ ਨੂੰ ਹਿਰਾਸਤ 'ਚ ਲੈ ਲਿਆ। ਜ਼ਿਕਰਯੋਗ ਹੈ ਕਿ ਵਿਧਾਇਕ ਵੱਲੋਂ ਆਪਣੇ ਪਿਤਾ ਨਾਲ ਤੋੜ-ਵਿਛੋੜਾ ਕੀਤਾ ਹੋਇਆ ਹੈ ਅਤੇ ਇਸ ਬਾਬਤ ਅਖ਼ਬਾਰਾਂ ਵਿਚ ਕਾਨੂੰਨੀ ਨੋਟਿਸ ਵੀ ਕਾਫ਼ੀ ਦੇਰ ਪਹਿਲਾਂ ਕਢਵਾਏ ਹੋਏ ਹਨ। ਵਿਧਾਇਕ ਗੋਲਡੀ ਨੇ ਕਿਹਾ- ਮੈਂ ਇਸ ਗ੍ਰਿਫਤਾਰੀ ਦਾ ਸਵਾਗਤ ਕਰਦਾ ਹਾਂ, ਕਿਉਂਕਿ ਭਗਵੰਤ ਮਾਨ ਦੀ ਸਰਕਾਰ ਰਿਸ਼ਵਤਖੋਰਾਂ ਤੇ ਭ੍ਰਿਸ਼ਟਾਚਾਰੀਆਂ ਦੇ ਖਿਲਾਫ ਹੈ। ਮੇਰਾ ਕੋਈ ਰਿਸ਼ਤੇਦਾਰ ਕਿਉਂ ਨਾ ਹੋਵੇ, ਜਿਹੜਾ ਗਲਤ ਕੰਮ ਕਰੇਗਾ, ਜੇਲ੍ਹ ਜਾਵੇਗਾ। ਮੇਰੇ ਪਿਤਾ ਮੇਰੇ ਨਾਲ ਨਹੀਂ ਰਹਿੰਦੇ ਤੇ ਜੇ ਕੋਈ ਠੱਗੀ ਮਾਰੇਗਾ, ਅਸੀਂ ਬਰਦਾਸ਼ਤ ਨਹੀਂ ਕਰਾਂਗੇ। ਪਿਤਾ ਹੋਣ ਦਾ ਮਤਲਬ ਇਹ ਨਹੀਂ ਕਿ ਉਹ ਠੱਗੀ ਮਾਰਦਾ ਫਿਰੇ। ਮੈਨੂੰ ਥਾਣੇ ਤੋਂ ਰਾਤੀਂ ਫੋਨ ਆਇਆ ਸੀ ਕਿ ਪਿਤਾ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਮੈਂ ਪੁਲਸ ਨੂੰ ਕਿਹਾ ਕਿ ਜੋ ਵੀ ਠੱਗੀ ਮਾਰਦਾ ਹੈ, ਬਲੈਕਮੇਲ ਕਰਦਾ ਹੈ, ਉਸ ਦੇ ਖਿਲਾਫ ਕਾਰਵਾਈ ਕਰੋ।

ਸੁਰਿੰਦਰ ਕੰਬੋਜ

ਮਾਨ ਵੱਲੋਂ ਕੌਮੀ ਖਿਡਾਰੀਆਂ ਦਾ ਵਜ਼ੀਫਾ ਦੁੱਗਣਾ ਕਰਨ ਦਾ ਐਲਾਨ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਕੌਮੀ ਖੇਡਾਂ ਵਿਚ ਤਮਗਾ ਜਿੱਤਣ ਵਾਲੇ 147 ਖਿਡਾਰੀਆਂ ਨੂੰ 5.43 ਕਰੋੜ ਦੀ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ। ਸੋਨ ਤਮਗਾ ਜੇਤੂਆਂ ਨੂੰ 5-5 ਲੱਖ ਰੁਪਏ, ਚਾਂਦੀ ਤਮਗਾ ਜੇਤੂਆਂ ਨੂੰ 3-3 ਲੱਖ ਰੁਪਏ ਅਤੇ ਕਾਂਸੀ ਦਾ ਤਮਗਾ ਜੇਤੂਆਂ ਨੂੰ 2-2 ਲੱਖ ਰੁਪਏ ਨਾਲ ਸਨਮਾਨਤ ਕੀਤਾ ਗਿਆ। 'ਉਲੰਪੀਅਨ ਬਲਬੀਰ ਸਿੰਘ ਸੀਨੀਅਰ ਵਜ਼ੀਫਾ ਸਕੀਮ' ਤਹਿਤ ਖਿਡਾਰੀਆਂ ਨੂੰ 8 ਹਜ਼ਾਰ ਰੁਪਏ ਮਹੀਨਾ ਵਜ਼ੀਫੇ ਦੀ ਰਕਮ ਨੂੰ ਦੁੱਗਣਾ (16 ਹਜ਼ਾਰ ਰੁਪਏ) ਕਰਨ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨ ਖਿਡਾਰੀਆਂ ਦਾ ਮਨੋਬਲ ਉੱਚਾ ਚੁੱਕਣ ਲਈ ਸੂਬਾ ਸਰਕਾਰ ਨੇ ਇਹ ਵੱਡਾ ਫੈਸਲਾ ਲਿਆ ਹੈ।

ਉਨ੍ਹਾ ਕਿਹਾ ਕਿ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਸੂਬਾ ਸਰਕਾਰ ਡੀ ਪੀ ਅਤੇ ਪੀ ਟੀ ਆਈ ਦੀ ਭਰਤੀ ਜੰਗੀ ਪੱਧਰ 'ਤੇ ਕਰ ਰਹੀ ਹੈ।

ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਪੰਜਾਬ ਦੀ ਖੇਡ ਨੀਤੀ ਨੂੰ ਇਕ ਨਿਵੇਕਲਾ ਦਸਤਾਵੇਜ਼ ਬਣਾਉਣ ਲਈ ਵਿਭਾਗ ਸਖਤ ਮਿਹਨਤ ਕਰ ਰਿਹਾ ਹੈ। ਉਨ੍ਹਾ ਕਿਹਾ ਕਿ ਇਹ ਪਹਿਲਾ ਮੌਕਾ ਹੈ, ਜਦੋਂ ਥਲ ਸੈਨਾ, ਜਲ ਸੈਨਾ ਤੇ ਹੋਰ ਸੇਵਾਵਾਂ ਦੇ ਕੌਮੀ ਐਵਾਰਡ ਜੇਤੂਆਂ ਨੂੰ ਸੂਬਾ ਸਰਕਾਰ ਵੱਲੋਂ ਸਨਮਾਨਤ ਕੀਤਾ ਗਿਆ ਹੈ।

ਸ਼ਾਹ ਨੇ ਬਾਦਲ ਦਾ ਹਾਲ ਜਾਣਿਆ

ਮੋਹਾਲੀ : ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਸਿਹਤ ਸਥਿਰ ਦੱਸੀ ਜਾ ਰਹੀ ਹੈ। ਉਹ ਫੋਰਟਿਸ ਹਸਪਤਾਲ ਦੇ ਆਈ ਸੀ ਯੂ ਵਾਰਡ 'ਚ ਹਨ। ਇਸੇ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੁਖਬੀਰ ਸਿੰਘ ਬਾਦਲ ਨਾਲ ਫੋਨ 'ਤੇ ਗੱਲ ਕੀਤੀ ਅਤੇ ਵੱਡੇ ਬਾਦਲ ਦੀ ਖਬਰਸਾਰ ਲਈ। ਉਨ੍ਹਾ ਸਾਬਕਾ ਮੁੱਖ ਮੰਤਰੀ ਦੀ ਸਿਹਤਯਾਬੀ ਲਈ ਪ੍ਰਾਰਥਨਾ ਵੀ ਕੀਤੀ।

ਖੇਡ ਸਿਤਾਰਿਆਂ ਨੇ ਬਲੂ ਟਿੱਕ ਗੁਆਇਆ

ਨਵੀਂ ਦਿੱਲੀ : ਸਚਿਨ ਤੇਂਦੁਲਕਰ, ਵਿਰਾਟ ਕੋਹਲੀ ਅਤੇ ਦੋ ਵਾਰ ਦੀ ਉਲੰਪਿਕ ਤਮਗਾ ਜੇਤੂ ਪੀ ਵੀ ਸਿੰਧੂ ਸਮੇਤ ਭਾਰਤ ਦੇ ਖੇਡ ਸਿਤਾਰਿਆਂ ਨੇ ਮਾਈਕ੍ਰੋ-ਬਲੌਗਿੰਗ ਸਾਈਟ ਟਵਿੱਟਰ 'ਤੇ ਆਪਣਾ 'ਬਲੂ ਟਿੱਕ' ਗੁਆ ਲਿਆ ਹੈ। ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਨਕਲ ਅਤੇ 'ਸਪੈਮ' ਤੋਂ ਬਚਣ ਲਈ ਪੱਤਰਕਾਰਾਂ, ਸਰਕਾਰੀ ਅਧਿਕਾਰੀਆਂ ਅਤੇ ਆਪਣੇ ਖੇਤਰ ਦੀਆਂ ਮਸ਼ਹੂਰ ਹਸਤੀਆਂ ਨੂੰ ਬਲੂ ਟਿੱਕ ਮੁਫਤ ਪ੍ਰਦਾਨ ਕੀਤੇ ਗਏ ਸਨ। ਹਾਲਾਂਕਿ ਟਵਿੱਟਰ ਨੇ ਵੀਰਵਾਰ ਨੂੰ ਉਨ੍ਹਾਂ ਖਾਤਿਆਂ ਤੋਂ ਬਲੂ ਟਿੱਕ ਹਟਾ ਦਿੱਤਾ, ਜੋ ਸੇਵਾ ਲਈ ਮਹੀਨਾਵਾਰ ਭੁਗਤਾਨ ਨਹੀਂ ਕਰਦੇ। ਤੇਂਦੁਲਕਰ, ਕੋਹਲੀ ਅਤੇ ਸਿੰਧੂ ਤੋਂ ਇਲਾਵਾ ਵਿਸ਼ਵ ਕੱਪ

● ਬਾਕੀ ਸਫ਼ਾ 2 'ਤੇ

ਅਸਤੀਫੇ ਤੋਂ ਬਾਅਦ ਹਸਪਤਾਲ 'ਚ

ਨਵੀਂ ਦਿੱਲੀ : ਸ਼ਿਮਲਾ ਨਗਰ ਨਿਗਮ ਚੋਣਾਂ ਤੋਂ ਪਹਿਲਾਂ ਹਿਮਾਚਲ ਭਾਜਪਾ ਦੇ ਪ੍ਰਧਾਨ ਸੁਰੇਸ਼ ਕਸ਼ਯਪ ਨੇ ਪਾਰਟੀ ਦੇ ਕੌਮੀ ਪ੍ਰਧਾਨ ਭਾਜਪਾ ਨੱਢਾ ਨੂੰ ਨਿੱਜੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਆਪਣਾ ਅਸਤੀਫਾ ਸੌਂਪ ਦਿੱਤਾ। ਕੁੱਝ ਘੰਟਿਆਂ ਬਾਅਦ ਕਸ਼ਯਪ ਦਾ ਸ਼ੂਗਰ ਦਾ ਪੱਧਰ ਡਿੱਗਣ ਕਾਰਨ ਉਨ੍ਹਾ ਨੂੰ ਦਿੱਲੀ ਦੇ ਰਾਮ ਮਨੋਹਰ ਲੋਹੀਆ ਹਸਪਤਾਲ 'ਚ ਭਰਤੀ ਕਰਵਾਉਣਾ ਪਿਆ।

ਕਰਮਜੀਤ ਕੌਰ ਚੌਧਰੀ ਦੀ ਡਟਵੀਂ ਹਮਾਇਤ ਦਾ ਫੈਸਲਾ

ਕਾਂਗਰਸ ਅਤੇ ਸੀ ਪੀ ਆਈ ਦੇ ਆਗੂ ਇਕਜੁਟਤਾ ਦਾ ਪ੍ਰਗਟਾਵਾ ਕਰਦੇ ਹੋਏ।

ਜਲੰਧਰ (ਗਿਆਨ ਸੈਦਪੁਰੀ)

ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਦੇ ਸੰਦਰਭ ਵਿੱਚ ਸ਼ੁੱਕਰਵਾਰ ਕਾਂਗਰਸ ਪਾਰਟੀ ਦੀ ਸੂਬਾਈ ਲੀਡਰਸ਼ਿਪ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਲੀਡਰਸ਼ਿਪ ਦੀ ਜਲੰਧਰ ਵਿੱਚ ਮੀਟਿੰਗ ਹੋਈ। ਮੀਟਿੰਗ ਵਿੱਚ ਮੌਜੂਦਾ ਸਿਆਸੀ ਪ੍ਰਸਥਿਤੀਆਂ ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਹੋਇਆ। ਕਾਂਗਰਸੀ ਆਗੂਆਂ ਦੀ ਗੱਲ ਸੁਣ ਕੇ ਸੀ ਪੀ ਆਈ ਦੀ ਲੀਡਰਸ਼ਿਪ ਨੇ ਫੈਸਲਾ ਕੀਤਾ ਕਿ ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਵਿੱਚ ਕਾਂਗਰਸੀ ਉਮੀਦਵਾਰ ਸ੍ਰੀਮਤੀ ਕਰਮਜੀਤ ਕੌਰ ਚੌਧਰੀ ਦੀ ਡਟਵੀਂ ਮਦਦ ਕੀਤੀ ਜਾਵੇਗੀ।

ਕਮਿਊਨਿਸਟ ਆਗੂਆਂ ਨੇ ਕਿਹਾ ਕਿ ਮੌਜੂਦਾ ਦੌਰ ਵਿੱਚ ਦੇਸ਼ ਅੰਦਰ

● ਬਾਕੀ ਸਫ਼ਾ 2 'ਤੇ

ਸਹੇਲੀ ਨੂੰ ਕਾਕਪਿਟ 'ਚ ਸੱਦਣ ਦੀ ਜਾਂਚ

ਨਵੀਂ ਦਿੱਲੀ : ਹਵਾਬਾਜ਼ੀ ਰੈਗੂਲੇਟਰ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ (ਡੀ ਜੀ ਸੀ ਏ) 27 ਫਰਵਰੀ ਨੂੰ ਏਅਰ ਇੰਡੀਆ ਦੀ ਦੁਬਈ-ਦਿੱਲੀ ਉਡਾਣ ਦੌਰਾਨ ਪਾਇਲਟ ਵੱਲੋਂ ਆਪਣੀ ਮਹਿਲਾ ਦੋਸਤ ਨੂੰ ਕਾਕਪਿਟ ਵਿਚ ਆਉਣ ਦੀ ਇਜਾਜ਼ਤ ਦੇਣ ਦੀ ਜਾਂਚ ਕਰ ਰਿਹਾ ਹੈ।

ਅਧਿਕਾਰੀਆਂ ਨੇ ਕਿਹਾ ਕਿ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਏਅਰਲਾਈਨ ਵੀ ਜਾਂਚ ਕਰ ਰਹੀ ਹੈ। ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ ਏਅਰਲਾਈਨ ਯਾਤਰੀਆਂ ਦੀ ਸੁਰੱਖਿਆ ਅਤੇ ਦੇਖਭਾਲ ਨਾਲ ਸੰਬੰਧਤ ਪਹਿਲੂਆਂ 'ਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕਰੇਗੀ ਅਤੇ ਇਸ ਘਟਨਾ ਦੇ ਸੰਬੰਧ 'ਚ ਲੋੜੀਂਦੀ ਕਾਰਵਾਈ ਕਰੇਗੀ। ਰਿਪੋਰਟਾਂ ਮੁਤਾਬਕ ਚਾਲਕ ਦਲ ਦੇ ਮੈਂਬਰ ਵੱਲੋਂ ਡੀ ਜੀ ਸੀ ਏ ਕੋਲ ਇਸ ਬਾਰੇ ਸ਼ਿਕਾਇਤ ਦਰਜ ਕਰਵਾਈ ਗਈ ਸੀ।

ਇਸਤਗਾਸਾ ਧਿਰ ਦੀਆਂ ਖਾਮੀਆਂ ਕਾਰਨ ਨਰੋਦਾ ਦੇ ਮੁਲਜ਼ਮ ਛੁੱਟੇ : ਕਾਂਗਰਸ

ਨਵੀਂ ਦਿੱਲੀ : ਕਾਂਗਰਸ ਨੇ ਸ਼ੁੱਕਰਵਾਰ ਦੋਸ਼ ਲਗਾਇਆ ਕਿ ਅਹਿਮਦਾਬਾਦ ਦੇ ਨਰੋਦਾ ਗਾਮ 'ਚ ਗੋਧਰਾ ਤੋਂ ਬਾਅਦ ਹੋਏ ਦੰਗਿਆਂ ਦੇ ਸਾਰੇ 67 ਮੁਲਜ਼ਮਾਂ ਨੂੰ ਇਸਤਗਾਸਾ ਧਿਰ ਦੀਆਂ ਖਾਮੀਆਂ ਕਾਰਨ ਬਰੀ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਪਾਰਟੀ ਨੇ ਉਮੀਦ ਜਤਾਈ ਕਿ ਇਨਸਾਫ ਮਿਲਣ 'ਚ ਦੇਰੀ ਹੋ ਸਕਦੀ ਹੈ, ਪਰ ਇਸ ਤੋਂ ਇਨਕਾਰ ਨਹੀਂ ਕੀਤਾ ਜਾਵੇਗਾ। ਪਾਰਟੀ ਨੇ ਕਿਹਾ ਕਿ ਉਹ ਇਸ ਮਾਮਲੇ ਦੀ ਜਾਂਚ ਕਰੇਗੀ ਅਤੇ ਇਸ ਘਿਨਾਉਣੇ ਅਪਰਾਧ ਕਾਰਨ ਜਾਨਾਂ ਗੁਆਉਣ ਵਾਲਿਆਂ ਦੇ ਪਰਵਾਰਾਂ ਨਾਲ ਖੜ੍ਹੀ ਹੋਵੇਗੀ।

ਕਾਂਗਰਸ ਦੇ ਜਨਰਲ ਸਕੱਤਰ (ਸੰਚਾਰ) ਜੈਰਾਮ ਰਮੇਸ਼ ਨੇ ਬਿਆਨ 'ਚ ਕਿਹਾ-ਅਸੀਂ ਬਿਆਨ ਜਾਰੀ ਕਰਨ ਲਈ ਅਦਾਲਤ ਦੇ ਵਿਸਤ੍ਰਿਤ ਫੈਸਲੇ ਦਾ ਇੰਤਜ਼ਾਰ ਕਰਾਂਗੇ, ਪਰ ਇਹ ਸਪੱਸ਼ਟ ਹੈ ਕਿ ਇਸਤਗਾਸਾ ਪੱਖ ਤੋਂ ਸਪੱਸ਼ਟ ਗਲਤੀ ਹੋਈ ਹੈ। ਇਸਤਗਾਸਾ ਪੱਖ ਅਤੇ ਸਰਕਾਰੀ ਵਕੀਲ ਇਸ ਵਿਰੁੱਧ ਤੁਰੰਤ ਅਤੇ ਗੰਭੀਰਤਾ ਨਾਲ ਅੱਗੇ ਅਪੀਲ ਕਰਕੇ ਇਸ ਨੂੰ ਝੂਠਾ ਸਾਬਤ ਕਰ ਸਕਦੇ ਹਨ।

ਗਟਰ ਸਾਫ ਕਰਦਿਆਂ ਇੱਕ ਨੌਜਵਾਨ ਦੀ ਮੌਤ, ਦੂਜਾ ਗੰਭੀਰ

ਲਾਲੜੂ : ਨੇੜਲੇ ਪਿੰਡ ਜੌਲਾਂ ਕਲਾਂ ਦੇ 29 ਸਾਲਾ ਰਵੀ ਕੁਮਾਰ ਪੁੱਤਰ ਜਸਵੀਰ ਸਿੰਘ ਦੀ ਸੀਵਰੇਜ ਦਾ ਗਟਰ ਸਾਫ ਕਰਨ ਮੌਕੇ ਗੈਸ ਚੜ੍ਹਨ ਕਾਰਨ ਮੌਤ ਹੋ ਗਈ, ਜਦਕਿ ਦੂਜੇ ਨੌਜਵਾਨ ਗੁਰਪ੍ਰੀਤ ਸਿੰਘ ਦੀ ਹਾਲਤ ਵੀ ਗੰਭੀਰ ਬਣੀ ਹੋਈ ਸੀ। ਸ਼ੁੱਕਰਵਾਰ ਪਿੰਡ ਵਿਚ ਸੀਵਰੇਜ

22-APRIL-PAGE-1.qxd 4/21/2023 10:39 PM Page 2

ਨਵੀਂ ਪਹਿਲ : ਸੰਗਰਾਣਾ ਵਾਸੀਆਂ ਨੇ 5 ਵਿਦਿਆਰਥੀਆਂ ਦੇ ਖਰਚ ਦਾ ਲਿਆ ਜ਼ਿੰਮਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਲਾਗਲੇ ਪਿੰਡ ਸੰਗਰਾਣਾ ਵਿਖੇ 'ਵਿੱਦਿਆ ਦਾ ਲੰਗਰ' ਸੇਵਾ ਸੁਸਾਇਟੀ ਦੀ ਅਗਵਾਈ ਹੇਠ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸੰਸਥਾ ਨੇ 5 ਵਿਦਿਆਰਥੀਆਂ ਦੀ ਸਾਲ ਭਰ ਦੀ ਪੜ੍ਹਾਈ ਦਾ ਜ਼ਿੰਮਾ ਆਪਣੇ ਸਿਰ ਲਿਆ ਹੈ। ਸੰਸਥਾ ਦੇ ਇਸ ਉੱਦਮ ਦੀ ਖੇਤਰ ਵਿੱਚ ਭਾਰੀ ਸਰਾਹਣਾ ਕੀਤੀ ਜਾ ਰਹੀ ਹੈ। ਸੁਸਾਇਟੀ ਦੇ ਅਹੁਦੇਦਾਰਾਂ ਦਰਸ਼ਨ ਸਿੰਘ ਵੜਿੰਗ, ਹਰਨੇਕ ਸਿੰਘ ਬਰਾੜ, ਨਿਰਮਲ ਸਿੰਘ ਔਲਖ, ਨਿਰਮਲ ਸਿੰਘ ਬਰਾੜ, ਗੁਰਕੀਰਤ ਸਿੰਘ, ਰਾਜਵੰਤ ਸਿੰਘ ਬਰਾੜ, ਪਰਮਜੀਤ ਸਿੰਘ ਬਰਾੜ ਤੇ ਪ੍ਰੋ. ਗੁਰਪ੍ਰੀਤ ਸਿੰਘ ਦੇ ਸਹਿਯੋਗ ਨਾਲ ਸਰਕਾਰੀ ਹਾਈ ਸਕੂਲ ਸੱਕਾਂਵਾਲੀ ਵਿਖੇ ਪੜ੍ਹਨ ਵਾਲੇ ਪਿੰਡ ਸੰਗਰਾਣਾ ਦੇ 5 ਵਿਦਿਆਰਥੀਆਂ ਨੂੰ ਸਟੇਸ਼ਨਰੀ, ਬੈਗ ਤੇ ਹੋਰ ਲੋੜੀਂਦੀਆਂ ਵਸਤਾਂ ਦਿੱਤੀਆਂ। ਸੁਸਾਇਟੀ ਦੇ ਪ੍ਰਧਾਨ ਪ੍ਰੋ. ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸੁਸਾਇਟੀ ਨੇ ਪਹਿਲੇ ਸਾਲ ਦੇ ਬਜਟ ਅਨੁਸਾਰ ਪੰਜ ਵਿਦਿਆਰਥੀਆਂ ਨੂੰ ਅਡੌਪਟ ਕੀਤਾ ਹੈ, ਜਿਨ੍ਹਾਂ ਦੀ ਇਸ ਸਾਲ ਦੀ ਪੜ੍ਹਾਈ ਦਾ ਸਾਰਾ ਖਰਚਾ ਸੁਸਾਇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੁਸਾਇਟੀ ਅਗਲੇ ਸਾਲ ਤੋਂ ਵੱਧ ਤੋਂ ਵੱਧ ਬੱਚਿਆਂ ਨੂੰ ਅਡੌਪਟ ਕਰਿਆ ਕਰੇਗੀ। ਸਕੂਲ ਦੇ ਮੁੱਖ ਅਧਿਆਪਕ ਸ੍ਰੀ ਵਰੁਨ ਖੁਰਾਨਾ ਤੇ ਸਕੂਲ ਦੇ ਸਮੂਹ ਸਟਾਫ ਨੇ ਭਰਪੂਰ ਸਹਿਯੋਗ ਦਿੱਤਾ। ਸੁਸਾਇਟੀ ਦੇ ਅਹੁਦੇਦਾਰਾਂ ਨੇ ਸਕੂਲ ਦੇ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ। ਸਕੂਲ ਵੱਲੋਂ ਵੀ ਸੁਸਾਇਟੀ ਦੇ ਸਾਰੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ ਗਿਆ।

ਜਲੰਧਰ 'ਚ ਝੰਡਾ ਮਾਰਚ ਸੰਬੰਧੀ ਪਸਸਫ ਦੀ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406/22/ ਬੀ ਚੰਡੀਗੜ੍ਹ ਦੇ ਜ਼ਿਲ੍ਹਾ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਦੀ ਸ਼ੁਰੂਆਤ ਜ਼ਿਲ੍ਹਾ ਜਰਨਲ ਸਕੱਤਰ ਇੰਜ. ਜਗਦੀਪ ਸਿੰਘ ਮਾਂਗਟ ਨੇ ਮਲਾਜ਼ਮ ਹੱਕਾਂ ਸਬੰਧੀ ਵੱਖ ਵੱਖ ਮਤੇ ਪੜ੍ਹ ਕੇ ਕੀਤੀ।ਮੀਟਿੰਗ ਦੌਰਨ ਮਤਾ ਪਾਸ ਕਰਦਿਆ ਇਕ ਮਈ ਨੂੰ ਆਲ ਇੰਪਲਾਈਜ਼ ਕੋਆਡੀਨੇਸ਼ਨ ਕਮੇਟੀ ਫਿਰੋਜ਼ਪੁਰ ਵੱਲੋਂ ਨਾਰਦਨ ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਵਿਖੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਕਰਵਾਏ ਜਾਣ ਵਾਲੇ ਸ਼ਰਧਾਂਜਲੀ ਸਮਾਗਮ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ, ਜਿਲ੍ਹਾ ਜਰਨਲ ਸਕੱਤਰ ਜਗਦੀਪ ਸਿੰਘ ਮਾਂਗਟ, ਸੀਨੀਅਰ ਮੀਤ ਪ੍ਰਧਾਨ ਰਾਜੀਵ ਹਾਂਡਾ, ਬਲਵਿੰਦਰ ਸਿੰਘ ਭੁੱਟੋ ਜ਼ਿਲ੍ਹਾ ਪ੍ਰਧਾਨ ਜੀਟੀਯੂ, ਗੁਰਪ੍ਰੀਤ ਸਿੰਘ ਇੰਜੀਨੀਅਰਿੰਗ ਕਾਲਜ ਫਿਰੋਜ਼ਪੁਰ, ਮਹਿੰਦਰ ਸਿੰਘ ਧਾਲੀਵਾਲ ਸਾਬਕਾ ਪ੍ਰਧਾਨ ਪਸਸਫ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਨੂੰ ਟਾਲ ਮਟੋਲ ਕਰਨ ਵਾਲੀ ਨੀਤੀ ਖ਼ਿਲਾਫ਼ ਜਲੰਧਰ ਵਿਖੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਝੰਡਾ ਮਾਰਚ ਕੱਢਿਆ ਜਾ ਰਿਹਾ ਹੈ, ਵਿਚ ਸ਼ਾਮਲ ਹੋਣ ਲਈ ਵੱਡੀ ਪੱਧਰ 'ਤੇ ਮੁਲਾਜ਼ਮ ਸ਼ਾਮਲ ਹੋਣਗੇ।ਉਨ੍ਹਾਂ ਕਿਹਾ ਕਿ ਇਕ ਮਈ ਨੂੰ ਵੱਖ ਵੱਖ ਦਫ਼ਤਰਾਂ ਦੇ ਗੇਟਾਂ ਅੱਗੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ ਤੇ ਲਾਲ ਝੰਡੇ ਲਹਿਰਾਏ ਜਾਣਗੇ।ਉਪਰੰਤ ਰੇਲਵੇ ਸਟੇਸ਼ਨ ਫਿਰੋਜ਼ਪੁਰ ਵਿਖੇ ਸਮਾਗਮ ਵਿੱਚ ਸ਼ਾਮਲ ਹੋਣਗੇ।

ਰਾਜਵੰਤ ਘੁੱਲੀ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ

ਧੂਰੀ (ਸੁਖਦੇਵ ਧੂਰੀ, ਬਿੰਨੀ ਗਰਗ, ਰਜੇਸ਼ਵਰ ਪਿੰਟੂ)-ਸਥਾਨਕ ਮਾਰਕੀਟ ਕਮੇਟੀ ਦੇ ਦਫਤਰ ਵਿਖੇ ਪੰਜਾਬ ਸਰਕਾਰ ਵੱਲੋਂ ਨਵ-ਨਿਯੁਕਤ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਤਿਕਾਰਯੋਗ ਮਾਤਾ ਹਰਪਾਲ ਕੌਰ, ਕੈਬਿਨਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ, ਵਿਧਾਇਕਾ ਨਰਿੰਦਰ ਕੌਰ ਭਰਾਜ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਓਂਕਾਰ ਸਿੰਘ ਸਿੱਧੂ ਸਮੇਤ ਅਨੇਕਾਂ ਸ਼ਖਸੀਅਤਾਂ ਦੀ ਹਾਜ਼ਰੀ ਵਿੱਚ ਅਪਣਾ ਆਹੁਦਾ ਸੰਭਾਲਿਆ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੇ ਬਹੁਤ ਧੰਨਵਾਦੀ ਹਨ, ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਇੱਕ ਵਰਕਰ ਨੂੰ ਚੇਅਰਮੈਨ ਦਾ ਅਹੁਦਾ ਦੇ ਕੇ ਸਮੂਹ ਵਰਕਰਾਂ ਦਾ ਮਾਣ ਵਧਾਇਆ ਹੈ। ਉਨ੍ਹਾ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੇ ਨਾਲ ਨਾਲ ਧੂਰੀ ਤੇ ਸੰਬੰਧਤ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਹਰ ਸੰਭਵ ਯਤਨ ਕਰਨਗੇ ਤੇ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮਾਤਾ ਹਰਪਾਲ ਕੌਰ ਨੇ ਕਿਹਾ ਕਿ ਵਰਕਰਾਂ ਦੇ ਮਾਣ ਸਨਮਾਨ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਡਾਕਟਰ ਅਨਵਰ ਭਸੌੜ, ਸਤਿੰਦਰ ਸਿੰਘ ਚੱਠਾ, ਅਮਰਦੀਪ ਸਿੰਘ ਧਾਂਦਰਾ, ਪੁੰਨੂੰ ਕਾਤਰੋਂ, ਬਲਵਿੰਦਰ ਸਿੰਘ ਬਿੱਲੂ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਗਤਾਰ ਸਿੰਘ ਸਮਰਾ, ਸੰਦੀਪ ਤਾਇਲ ਸਾਬਕਾ ਪ੍ਰਧਾਨ ਨਗਰ ਕੌਂਸਲ, ਸਾਬਕਾ ਚੇਅਰਮੈਨ ਬਲਵੰਤ ਸਿੰਘ ਮੀਮਸਾ, ਜਤਿੰਦਰ ਸਿੰਘ ਸੋਨੀ ਮੰਡੇਰ, ਪ੍ਰੇਮ ਬਾਂਸਲ, ਮਨਜੀਤ ਸਿੰਘ ਬਖਸ਼ੀ ਸਾਬਕਾ ਡੀ ਪੀ ਆਰ ਓ ਸਮੇਤ ਵੱਡੀ ਗਿਣਤੀ 'ਚ ਪੰਚ, ਸਰਪੰਚ, ਨਗਰ ਕੌਂਸਲਰ, ਸਮੂਹ ਆਪ ਲੀਡਰਸ਼ਿਪ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ 'ਚ ਐਨ.ਐੱਸ.ਐੱਸ. ਕੈਂਪ ਲਾਇਆ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ (ਬਰਨਾਲਾ) ਵਿਖੇ ਸੈਸ਼ਨ 2023-23 ਦੀ ਸ਼ੁਰੂਆਤ 'ਚ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਦਾ ਪਹਿਲਾ ਐੱਨ.ਐੱਸ.ਐੱਸ. ਕੈਂਪ ਪ੍ਰਿੰਸੀਪਲ ਪ੍ਰਦੀਪ ਕੌਰ ਦੀ ਅਗਵਾਈ ਹੇਠ ਲਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਪੂਰੀ ਤਨਦੇਹੀ ਨਾਲ ਭਾਗ ਗਿਆ। ਪ੍ਰਬੰਧਕ ਕਮੇਟੀ ਦੇ ਆਗੂ ਡਾ. ਤਪਿੰਦਰ ਸਿੰਘ ਗਰੇਵਾਲ, ਪ੍ਰਿੰਸੀਪਲ ਪ੍ਰਦੀਪ ਕੌਰ ਧਨੇਰ ਦੱਸਿਆ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ 'ਚ ਬੇਹੱਦ ਅਹਿਮ ਰੋਲ ਅਦਾ ਕਰਦੇ ਹਨ। ਐਨ.ਐਸ.ਐਸ. ਟੀਮ ਦੇ ਵਲੰਟੀਅਰਾਂ ਨੇ ਸੁਚਾਰੂ ਢੰਗ ਨਾਲ ਇਸ ਕੈਂਪ ਨੂੰ ਨੇਪਰੇ ਚਾੜ੍ਹਿਆ। ਵਿਦਿਆਰਥੀਆਂ ਦੀ ਅਗਵਾਈ ਮੈਡਮ ਸ਼ਹਿਨਾਜ਼, ਡੀ.ਪੀ. ਅਧਿਆਪਕ ਗੁਰਲਾਲ ਸਿੰਘ ਵਲੋਂ ਕੀਤੀ ਗਈ। ਸਕੂਲ ਮੁਖੀ ਮੈਡਮ ਪ੍ਰਦੀਪ ਕੌਰ ਨੇ ਵਿਦਿਆਰਥੀਆਂ ਦੇ ਕੰਮ ਦੀ ਖੂਬ ਪ੍ਰਸੰਸਾ ਕੀਤੀ।

ਯੂ ਕੇ ਇੰਟਰਨੈਸਨਲ ਸਕੂਲ 'ਚ ਮਨਾਇਆ ਧਰਤੀ ਦਿਵਸ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਯੂ ਕੇ ਇੰਟਰਨੈਸ਼ਨਲ ਸਕੂਲ ਵਿੱਚ ਬੱਚਿਆਂ ਵੱਲੋਂ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਅਧਿਆਪਕਾਂ ਵੱਲੋਂ ਹਰ ਜਮਾਤ ਦੇ ਵਿਦਿਆਰਥੀਆਂ ਦੇ ਧਰਤੀ ਨੂੰ ਸੁਰੱਖਿਅਤ ਰੱਖਣ ਲਈ ਚਾਰਟ ਮੁਕਾਬਲੇ ਕਰਾਏ ਗਏ, ਜਿਸ ਵਿੱਚ ਬੱਚਿਆਂ ਨੇ ਬਹੁਤ ਹੀ ਸੋਹਣੇ ਸੋਹਣੇ ਚਾਰਟ ਬਣਾਏ। ਪ੍ਰਿੰਸੀਪਲ ਮੈਡਮ ਡਾਕਟਰ ਰਾਜਵਿੰਦਰ ਕੌਰ ਨੇ ਪਹਿਲੇ, ਦੂਜੇ, ਤੀਜੇ ਨੰਬਰ 'ਤੇ ਆਉਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾਯੋਗ ਪ੍ਰਸੰਸਾ ਕੀਤੀ। ਇਸ ਮੌਕੇ ਪ੍ਰਿੰਸੀਪਲ ਮੈਡਮ, ਮੈਨੇਜਮੈਂਟ ਮੈਂਬਰ ਤੇ ਬੱਚਿਆਂ ਵੱਲੋਂ ਸਕੂਲ ਵਿੱਚ ਰੁੱਖ ਲਾਏ ਗਏ ਤੇ ਬੱਚਿਆਂ ਨੂੰ ਧਰਤੀ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਸਾਨੂੰ ਆਪਣੀ ਧਰਤੀ ਦੀ ਸੰਭਾਲ ਕਰਨੀ ਚਾਹੀਦੀ ਹੈ। ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ ਤੇ ਪਾਣੀ ਦੀ ਵਰਤੋਂ ਸੰਭਾਲ ਕੇ ਕਰਨੀ ਚਾਹੀਦੀ ਹੈ, ਕਿਉਂਕਿ ਅੱਜ ਦੇ ਸਮੇਂ ਵਿੱਚ ਵਧ ਰਹੇ ਪ੍ਰਦੂਸ਼ਣ ਦੇ ਕਾਰਨ ਸਾਨੂੰ ਆਪਣੀ ਧਰਤੀ ਦੀ ਸੰਭਾਲ ਕਰਨੀ ਬਹੁਤ ਜ਼ਰੂਰੀ ਹੈ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਬਲਿਹਾਰ ਸਿੰਘ ਬਾਸੀ, ਕੁਲਵੰਤ ਸਿੰਘ ਚੀਮਾ, ਬਲਕਾਰ ਸਿੰਘ ਤੇ ਸਮੂਹ ਸਟਾਫ਼ ਮੈਂਬਰ ਸ਼ਾਮਲ ਸਨ।

ਸਾਮਰਾਜੀ ਤੇ ਫ਼ਿਰਕੂ ਹੱਲੇ ਖਿਲਾਫ਼ ਜੂਝਣ ਲਈ ਵਿਚਾਰਧਾਰਕ ਤੇ ਲੋਕ ਸੰਗਰਾਮ ਕਰਨਾ ਜ਼ਰੂਰੀ

ਜਲੰਧਰ : ਗ਼ਦਰ ਪਾਰਟੀ ਦੇ 110ਵੇਂ ਸਥਾਪਨਾ ਦਿਵਸ ਸਮਾਗਮ ਨੇ ਸ਼ੁੱਕਰਵਾਰ ਗ਼ਦਰ ਪਾਰਟੀ ਦੀ ਸਾਮਰਾਜਵਾਦ ਵਿਰੋਧੀ, ਧਰਮ-ਨਿਰਪੱਖ, ਹਰ ਵੰਨਗੀ ਦੀ ਗ਼ੁਲਾਮੀ, ਵਿਤਕਰੇ, ਦਾਬੇ ਅਤੇ ਜਬਰ ਸਿਤਮ ਤੋਂ ਮੁਕਤ ਸਾਂਝੀਵਾਲਤਾ ਵਾਲਾ ਨਿਜ਼ਾਮ ਸਿਰਜਣ ਨੂੰ ਪ੍ਰਨਾਈ ਸੋਚ ਨੂੰ ਲੋਕਾਂ ਤੱਕ ਲਿਜਾਣ ਅਤੇ ਚੇਤਨ ਲੋਕ ਲਹਿਰ ਉਸਾਰਨ ਦਾ ਹੋਕਾ ਦਿੱਤਾ।

ਦੇਸ਼ ਭਗਤ ਯਾਦਗਾਰ ਕੰਪਲੈਕਸ ਦੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ 'ਚ ਹੋਏ ਸਮਾਗਮ ਦਾ ਆਗਾਜ਼ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਕ੍ਰਿਸ਼ਨਾ ਕੁਮਾਰੀ ਵੱਲੋਂ ਗ਼ਦਰ ਪਾਰਟੀ ਦਾ ਝੰਡਾ ਲਹਿਰਾਉਣ ਨਾਲ ਹੋਇਆ। ਸਮਾਗਮ ਮੌਕੇ ਮੰਚ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਕਮੇਟੀ ਮੈਂਬਰ ਕ੍ਰਿਸ਼ਨਾ ਕੁਮਾਰੀ, ਮੰਗਤ ਰਾਮ ਪਾਸਲਾ, ਰਮਿੰਦਰ ਪਟਿਆਲਾ, ਡਾ. ਪਰਮਿੰਦਰ ਸਿੰਘ ਅਤੇ ਅਮੋਲਕ ਸਿੰਘ ਸੁਸ਼ੋਭਤ ਸਨ।

ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਾਬਕਾ ਪ੍ਰਧਾਨ ਬਾਬਾ ਭਗਤ ਸਿੰਘ ਬਿਲਗਾ ਦੀ ਪੁਸਤਕ 'ਅਣਫੋਲੇ ਵਰਕੇ' ਦਾ ਮਾਸਟਰ ਮਲਕੀਤ ਸਿੰਘ ਵੱਲੋਂ ਕੀਤਾ ਅੰਗਰੇਜ਼ੀ ਅਨੁਵਾਦ 'ਅਨਐਕਸਪਲੋਰਡ ਪੇਜਿਜ਼ ਆਫ਼ ਗ਼ਦਰ ਮੂਵਮੈਂਟ' ਕਮੇਟੀ ਮੈਂਬਰ ਕੁਲਬੀਰ ਸਿੰਘ ਸੰਘੇੜਾ ਅਤੇ ਸੁਰਿੰਦਰ ਕੌਰ ਨੇ ਲੋਕ ਅਰਪਣ ਕੀਤਾ। ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਨੇ ਜੀ ਆਇਆਂ ਸ਼ਬਦਾਂ ਮੌਕੇ ਕਿਹਾ ਕਿ ਗ਼ਦਰ ਪਾਰਟੀ ਦੀ ਇਨਕਲਾਬੀ ਵਿਰਾਸਤ ਨੂੰ ਬੁਲੰਦ ਕਰਨਾ ਸਮੇਂ ਦੀ ਤੀਬਰ ਲੋੜ ਹੈ। ਉਹਨਾਂ ਕਿਹਾ ਕਿ ਅਜਿਹੇ ਸਮਾਗਮ ਹਾਲ ਤੋਂ ਬਾਹਰ ਉਹਨਾਂ ਦੀਆਂ ਵਾਰਸ ਸੰਸਥਾਵਾਂ ਨੂੰ ਵੀ ਕਰਨ ਦੀ ਲੋੜ ਹੈ। ਕਮੇਟੀ ਮੈਂਬਰ ਕ੍ਰਿਸ਼ਨਾ ਕੁਮਾਰੀ ਨੇ ਗ਼ਦਰ ਪਾਰਟੀ 'ਚ ਔਰਤਾਂ ਵੱਲੋਂ ਪਾਏ ਅਹਿਮ ਯੋਗਦਾਨ ਦਾ ਜ਼ਿਕਰ ਕਰਦਿਆਂ ਅਜੋਕੇ ਸਮੇਂ ਲੋਕ ਲਹਿਰ 'ਚ ਔਰਤਾਂ ਨੂੰ ਪਿੜ ਮੱਲਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਔਰਤਾਂ ਨੇ ਨਿੱਗਰ ਯੋਗਦਾਨ ਸਦਕਾ ਹੀ ਸਾਮਰਾਜਵਾਦ ਦਾ ਡਟਵਾਂ ਵਿਰੋਧ ਕਰਨਾ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਨੂੰ ਅਮਲੀ ਜਾਮਾ ਪਹਿਨਾਇਆ ਜਾ ਸਕਦਾ ਹੈ। ਕਮੇਟੀ ਮੈਂਬਰ ਮੰਗਤ ਰਾਮ ਪਾਸਲਾ ਨੇ ਗ਼ਦਰ ਪਾਰਟੀ ਦੀ ਇਤਿਹਾਸਕ ਪ੍ਰਸੰਗਿਕਤਾ ਉਪਰ ਜ਼ੋਰ ਦਿੰਦੇ ਹੋਏ ਕਿਹਾ ਕਿ ਵਿਚਾਰ-ਚਰਚਾ ਦਾ ਆਪਣਾ ਯੋਗਦਾਨ ਹੈ, ਪਰ ਸਮਾਜਿਕ ਤਬਦੀਲੀ ਲਈ ਪੈਰੀਂ ਬਿਆਈਆਂ ਅਤੇ ਅੱਟਣਾਂ ਭਰੇ ਹੱਥਾਂ ਵਾਲੇ ਮਿਹਨਤਕਸ਼ਾਂ ਦੇ ਕਾਫ਼ਲਿਆਂ ਨੂੰ ਜੱਦੋ-ਜਹਿਦ ਦੇ ਮੈਦਾਨ 'ਚ ਲਿਆਉਣਾ ਜ਼ਰੂਰੀ ਹੈ। ਕਮੇਟੀ ਮੈਂਬਰ ਸੁਖਵਿੰਦਰ ਸਿੰਘ ਸੋਖੋਂ ਨੇ ਬੋਲਦਿਆਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਅਤੇ ਫ਼ਿਰਕਾਪ੍ਰਸਤੀ ਦੇ ਹੱਲੇ ਸਾਡੇ ਇਤਿਹਾਸ, ਕੁਦਰਤੀ ਸੋਮਿਆਂ, ਜ਼ਿੰਦਗੀ ਦੇ ਸਭਨਾਂ ਖੇਤਰਾਂ ਉਪਰ ਦੂਰ-ਪ੍ਰਭਾਵ ਪਾ ਰਹੇ ਹਨ। ਇਹਨਾਂ ਨੂੰ ਲੱਕ ਤੋੜਵੀਂ ਹਾਰ ਦੇਣ ਲਈ ਸੂਝਵਾਨ, ਚੇਤਨ ਜਨਤਕ ਲਹਿਰ ਉਸਾਰਨਾ ਗ਼ਦਰੀ ਦੇਸ਼ ਭਗਤਾਂ ਦੀ ਸੋਚ 'ਤੇ ਪਹਿਰਾ ਦੇਣਾ ਹੈ। ਕਮੇਟੀ ਮੈਂਬਰ ਰਮਿੰਦਰ ਪਟਿਆਲਾ ਨੇ ਕਿਹਾ ਕਿ ਸਾਮਰਾਜ ਅਤੇ ਉਸ ਦੇ ਹਿੱਤ ਪਾਲਕ ਨਿਜ਼ਾਮ ਨੂੰ ਹਰਾਉਣ ਲਈ ਲੋਕਾਂ ਨੂੰ ਸੜਕਾਂ, ਗਲੀਆਂ ਵਿੱਚ ਹੱਕੀ ਜੱਦੋ-ਜਹਿਦ ਲਈ ਨਿੱਤਰਨਾ ਪਵੇਗਾ। ਉਹਨਾਂ ਕਿਹਾ ਕਿ ਦਿੱਲੀ ਕਿਸਾਨ ਮੋਰਚੇ ਦਾ ਟਰੈਕਟਰ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਜੱਦੋ-ਜਹਿਦ ਇਸ ਦਾ ਮਿਸਾਲੀ ਚਿੰਨ੍ਹ ਹੈ। ਕਮੇਟੀ ਮੈਂਬਰ ਡਾ. ਪਰਮਿੰਦਰ ਸਿੰਘ ਨੇ ਕਿਹਾ ਕਿ ਗ਼ਦਰ ਪਾਰਟੀ ਦੀ ਵਿਲੱਖਣ ਸ਼ਕਤੀਸ਼ਾਲੀ ਅਤੇ ਇਨਕਲਾਬੀ ਤਾਕਤ ਇਹ ਹੈ ਕਿ ਇਸ ਵਿੱਚ ਬੌਧਿਕ ਅਤੇ ਲੋਕ ਸ਼ਕਤੀ ਦੀ ਮਜ਼ਬੂਤ ਕੜੀ ਕੰਮ ਕਰਦੀ ਸੀ। ਅਜੋਕੇ ਸਮੇਂ ਧਰਤੀ ਹੇਠਲੇ ਅਤੇ ਉਪਰਲੇ ਸਭਨਾਂ ਸੋਮਿਆਂ ਉਪਰ ਸਾਮਰਾਜੀ ਤਾ

22-April-PAGE-3.qxd 4/21/2023 10:59 PM Page 1

ਫਸਲਾਂ ਦੀ ਨੁਕਸਾਨ ਪੂਰਤੀ ਲਈ ਮੁੜ ਹੋਵੇਗੀ ਗਿਰਦਾਵਰੀ : ਧਾਲੀਵਾਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)

ਬੀਤੀ ਰਾਤ ਅਜਨਾਲਾ ਸਮੇਤ ਰਾਜ ਦੇ ਕਈ ਹਿੱਸਿਆਂ ਵਿਚ ਅਚਨਚੇਤ ਹੋਈ ਭਾਰੀ ਗੜ੍ਹੇਮਾਰੀ ਕਾਰਨ ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਹੈ, ਸਰਕਾਰ ਮੁੜ ਗਿਰਦਾਵਰੀ ਕਰਵਾਕੇ ਉਨਾਂ ਦੇ ਨੁਕਸਾਨ ਦੀ ਭਰਪਾਈ ਕਰੇਗੀ। ਉਕਤ ਸ਼ਬਦਾਂ ਦਾ ਪ੍ਰਗਟਾਵਾ ਖੇਤੀਬਾੜੀ ਅਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅਜਨਾਲਾ ਹਲਕੇ ਦੇ ਅਜਿਹੇ ਪਿੰਡ ਜਿਨ੍ਹਾਂ ਵਿਚ ਬੀਤੇ ਦਿਨ ਭਾਰੀ ਗੜ੍ਹੇਮਾਰੀ ਹੋਈ ਸੀ, ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਰਾਜ ਭਰ ਵਿਚ ਜਿੰਨਾ ਵੀ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਹੈ, ਉਨਾਂ ਦੇ ਨੁਕਸਾਨ ਦੀ ਭਰਪਾਈ ਰਾਜ ਸਰਕਾਰ ਕਰੇਗੀ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੇ ਇਸ ਬਾਰੇ ਵਿਸੇਸ਼ ਆਦੇਸ਼ ਦਿੱਤੇ ਹਨ। ਧਾਲੀਵਾਲ ਨੇ ਤੇੜਾ ਕਲਾਂ, ਭੋਏਵਾਲੀ, ਤੇਰੀ, ਚਮਿਆਰੀ, ਕਮਾਲਪੁਰਾ, ਮੁਕਾਮ ਅਤੇ ਖਾਨੋਵਾਲ ਦਾ ਦੌਰਾ ਕੀਤਾ ਅਤੇ ਨੁਕਸਾਨੀਆਂ ਗਈਆਂ ਫਸਲਾਂ, ਜਿਨ੍ਹਾਂ ਵਿੱਚ ਕਣਕ, ਚਾਰਾ, ਮੱਕੀ, ਸਬਜ਼ੀਆਂ, ਖਰਬੂਜ਼ੇ ਆਦਿ ਸ਼ਾਮਿਲ ਸਨ, ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਆਪ ਸਰਕਾਰ ਤੁਹਾਡੀ ਸਰਕਾਰ ਹੈ ਅਤੇ ਆਪਣੀ ਜਨਤਾ ਦੇ ਦੁੱਖ ਸੁੱਖ ਵਿੱਚ ਖੜੇ ਹਾਂ। ਪੀੜਤ ਪਰਿਵਾਰਾਂ ਨੂੰ ਹੌਸਲਾ ਦੇਣ ਪੁੱਜੇ ਕੈਬਨਿਟ ਮੰਤਰੀ ਨੇ ਮੌਕੇ ਹਾਜ਼ਰ ਐਸਡੀਐਮ ਰਾਜੇਸ਼ ਸ਼ਰਮਾ ਨੂੰ ਹਦਾਇਤ ਕੀਤੀ ਕਿ ਉਕਤ ਪਿੰਡਾਂ ਦੀ ਗਿਰਦਾਵਰੀ ਦੋ ਦਿਨਾਂ ਵਿਚ ਪੂਰੀ ਕੀਤੀ ਜਾਵੇ ਤਾਂ ਜੋ ਇਨ੍ਹਾਂ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਫਸਲ ਦੀ ਅਦਾਇਗੀ ਦੇ ਨਾਲ ਹੀ ਕੀਤਾ ਜਾ ਸਕੇ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰੇਕ ਪੀੜਤ ਕਿਸਾਨ ਦਾ ਬਣਦਾ ਮੁਆਵਜ਼ਾ ਦੇਵੇਗੀ, ਪਰ ਕੁਦਰਤੀ ਕਰੋਪੀ ਦੀ ਭਰਪਾਈ ਕਰਨੀ ਸਾਡੇ ਸਾਰਿਆਂ ਲਈ ਔਖੀ ਹੈ। ਇਸ ਮੌਕੇ ਉਨਾਂ ਨਾਲ ਖੁਸ਼ਪਾਲ ਸਿੰਘ ਧਾਲੀਵਾਲ, ਮੁੱਖ ਖੇਤੀਬਾੜੀ ਅਧਿਕਾਰੀ ਜਤਿੰਦਰ ਸਿੰਘ ਗਿੱਲ, ਤਹਿਸੀਲਦਾਰ ਰੋਬਿਨਜੀਤ ਕੌਰ, ਡੀਐਸਪੀ ਸੰਜੀਵ ਕੁਮਾਰ, ਖੇਤੀਬਾੜੀ ਵਿਸਥਾਰ ਅਫਸਰ ਪ੍ਰਭਦੀਪ ਸਿੰਘ ਗਿੱਲ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਸਾਰਗ ਸਮਾਰਟ ਸਕੂਲ 'ਚ ਵਿਸ਼ਵ ਧਰਤੀ ਦਿਵਸ ਮਨਾਇਆ

ਸ੍ਰੀ ਚਮਕੌਰ ਸਾਹਿਬ (ਗੁਰਿੰਦਰਪਾਲ ਸਿੰਘ ਬੋਬੀ)-ਸਾਰਗ ਸਮਾਰਟ ਸਕੂਲ ਬੈਂਕ ਰੋਡ ਸ੍ਰੀ ਚਮਕੌਰ ਸਾਹਿਬ ਵਿਖੇ ਬੱਚਿਆਂ ਨੂੰ ਵਾਤਾਵਰਣ ਅਤੇ ਕੁਦਰਤ ਪ੍ਰਤੀ ਜਾਗਰੂਕ ਕਰਦਿਆਂ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਸਕੂਲ ਦੇ ਪ੍ਰਧਾਨ ਅਮਰਜੀਤ ਸਿੰਘ ਕਲਸੀ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਪਹਿਲਾਂ ਧਰਤੀ ਦਿਵਸ ਬਾਰੇ ਲੋਕ ਬਹੁਤਾ ਕੁਝ ਨਹੀਂ ਸਨ ਜਾਣਦੇ, ਕਿਉਂਕਿ ਉਸ ਸਮੇਂ ਧਰਤੀ ਸਾਫ਼ ਸੁਥਰੀ ਹੁੰਦੀ ਸੀ । ਪਰ ਵਰਤਮਾਨ ਸਮੇਂ ਧਰਤੀ ਉੱਪਰ ਵਧ ਰਹੇ ਪ੍ਰਦੂਸ਼ਣ ਕਾਰਨ ਲੋਕਾਂ ਨੂੰ ਜਾਗਰੂਕ ਕਰਨ ਲਈ ਧਰਤੀ ਦਿਵਸ ਮਨਾਉਣਾ ਬਹੁਤ ਹੀ ਜ਼ਰੂਰੀ ਹੈ। ਉਨ੍ਹਾਂ ਆਪਣੇ ਵਿਦਿਆਵਾਨ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਅਤੇ ਕੂੜਾ ਕਰਕਟ ਕੂੜੇਦਾਨਾਂ ਵਿੱਚ ਸੁੱਟਣ ਦੀ ਪ੍ਰੇਰਨਾ ਦਿੱਤੀ। ਪ੍ਰਿੰਸੀਪਲ ਸ੍ਰੀਮਤੀ ਰਸਿੰਦਰ ਕੌਰ ਵਲੋਂ ਬੱਚਿਆਂ ਨੂੰ ਫੁੱਲਾਂ, ਰੁੱਖਾਂ, ਪੱਤਿਆਂ, ਮਿੱਟੀ ,ਪਾਣੀ ,ਗੈਸਾਂ ਅਤੇ ਧਰਤੀ ਬਾਰੇ ਵਿਸਥਾਰ ਨਾਲ ਸਮਝਾਇਆ ਗਿਆ ਅਤੇ ਨਾਲ ਹੀ ਉਨ੍ਹਾਂ ਨੂੰ ਬੂਟਿਆਂ ਨੂੰ ਨਾ ਤੋੜਨ ਦੀ ਅਤੇ ਪੇੜ ਪੌਦਿਆਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਵਾਤਾਵਰਣ ਅਤੇ ਕੁਦਰਤ ਦੀ ਸਾਂਭ ਸੰਭਾਲ ਬਾਰੇ ਵੀ ਦੱਸਿਆ ਗਿਆ। ਬੱਚਿਆਂ ਨੇ ਧਰਤੀ ਅਤੇ ਰੁੱਖਾਂ ਦੀਆਂ ਸੁੰਦਰ ਤਸਵੀਰਾਂ ਬਣਾ ਕੇ ਰੰਗ ਭਰੇ। ਨਾਲ ਹੀ ਬੱਚਿਆਂ ਨੂੰ ਕੁਦਰਤ ਦੇ ਹਰੇ ਰੰਗ ਦੀ ਪਹਿਚਾਣ ਵੀ ਕਰਵਾਈ ਗਈ। ਇਸ ਮੌਕੇ ਚੇਅਰਮੈਨ ਯਤਨ ਸ਼ਰਮਾ, ਉੱਘੇ ਸਮਾਜ ਸੇਵੀ ਡਾ. ਰਾਜਪਾਲ ਸਿੰਘ ਚੌਧਰੀ ਅਤੇ ਸਕੂਲ ਸਟਾਫ ਹਾਜਰ ਸੀ।

ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼

ਦਰਦਮੰਦਾਂ ਦਾ ਦਰਦੀ ਸੂਬੇਦਾਰ ਮੱਖਣ ਸਿੰਘ ਬਾਸਰਕੇ ਗਿੱਲਾਂ

ਇਸ ਸੰਸਾਰ 'ਚ ਅਜਿਹੇ ਵਿਅਕਤੀ ਵਿਰਲੇ ਹੀ ਪੈਦਾ ਹੁੰਦੇ ਹਨ ਜੋ ਸਮਾਜ ਦੇ ਸਾਂਝੇ ਕੰਮਾਂ ਵਿਚ ਸਹਿਯੋਗ ਕਰਨ ਅਤੇ ਔਖੀ ਘੜੀ ਜ਼ਰੂਰਤਮੰਦਾਂ ਦੀ ਮਦਦ ਕਰਨ ਦੀ ਆਪਣੀ ਤੀਬਰ-ਇੱਛਾ ਮਨ ਵਿਚ ਸਦਾ ਕਾਇਮ ਰੱਖਦੇ ਹੋਏ ਨਿਰਸਵਾਰਥ ਭਾਵ ਨਾਲ ਸਮਾਜ ਵਿਚ ਵਿਚਰਦੇ ਹੋਏ ਇੱਥੋਂ ਵਿਦਾ ਹੁੰਦੇ ਹਨ। ਅਜਿਹੇ ਹੀ ਮਨੁੱਖਤਾ ਦੇ ਦਰਦੀ ਇਨਸਾਨ ਸਨ ਮਰਹੂਮ ਸੂਬੇਦਾਰ ਮੱਖਣ ਸਿੰਘ ਬਾਸਰਕੇ ਗਿੱਲਾਂ। ਉਨ੍ਹਾਂ ਨੇ ਪਿਛਲੇ ਦਿਨੀਂ ਕੁਝ ਬਿਮਾਰ ਹੋਣ ਕਰਕੇ ਇਲਾਜ ਦੌਰਾਨ ਹਸਪਤਾਲ ਵਿਚ ਹੀ ਆਪਣੇ ਅੰਤਮ ਸਵਾਸ ਤਿਆਗੇ। ਉਨ੍ਹਾਂ ਦੇ ਜਨਮ ਸਮੇਂ ਭਾਰਤ ਅੰਗਰੇਜ਼ੀ ਸਾਮਰਾਜ ਦਾ ਗੁਲਾਮ ਸੀ। ਉਨ੍ਹਾਂ ਨੇ ਆਪਣੀ ਹੋਸ਼ ਸੰਭਾਲਣ ਦੇ ਮੁੱਢਲੇ ਦਿਨਾਂ ਤੋਂ ਗੁਲਾਮੀ ਦੀ ਜਿਲੱਤ ਵੀ ਹੱਡੀਂ ਹੰਢਾਈ ਸੀ ਅਤੇ ਉਨ੍ਹਾਂ ਦੇ ਪਰਿਵਾਰ ਨੇ ਦੇਸ਼ ਵੰਡ ਦਾ ਸੰਤਾਪ ਵੀ ਭੋਗਿਆ ਸੀ। ਉਨ੍ਹਾਂ ਦਾ ਜਨਮ ਕਿਸਾਨ ਪਰਿਵਾਰ ਵਿਚ ਹੋਇਆ ਸੀ। ਮਿਹਨਤ-ਮੁਸ਼ੱਕਤ ਕਰਨ ਵਾਲੇ ਪਰਿਵਾਰ ਵਿਚ ਜਨਮ ਲੈਣ ਕਰਕੇ ਜਿਉਂਦੇ ਰਹਿਣ ਲਈ ਘਾਲੀ ਸਖਤ ਘਾਲਣਾ ਕਰਕੇ ਉਨਾਂ ਦਾ ਸਰੀਰ ਤਾਉਮਰ ਬਹੁਤ ਗਠੀਲਾ ਤੇ ਤੰਦਰੁਸਤ ਰਿਹਾ। ਉਨ੍ਹਾਂ ਕਿਸਾਨੀ ਕਿੱਤਾ ਕਰਦੇ ਹੋਏ ਵੀ ਕੁਝ ਅੱਖਰ ਗਿਆਨ ਹਾਸਲ ਕਰ ਲਿਆ ਸੀ ਜਿਸ ਕਰਕੇ ਫੌਜ ਦੀ ਨੌਕਰੀ ਆਸਾਨੀ ਨਾਲ ਮਿਲ ਗਈ ਸੀ। ਬਾਕੀ ਪੜ੍ਹਾਈ ਉਨ੍ਹਾਂ ਨੇ ਫੌਜ ਦੀ ਨੌਕਰੀ ਦੌਰਾਨ ਹੀ ਕੀਤੀ। 1950 ਦੀ ਕਸ਼ਮੀਰ ਦੀ ਜੰਗ, 1962 ਦੀ ਭਾਰਤ-ਚੀਨ ਜੰਗ, 1965 ਅਤੇ 1971 ਦੀਆਂ ਭਾਰਤ-ਪਾਕਿਸਤਾਨ ਜੰਗਾਂ ਵਿਚ ਬਹਾਦਰੀ ਨਾਲ ਹਿੱਸਾ ਲਿਆ। ਨੌਕਰੀ ਤੋਂ ਫਾਰਗ ਹੋ ਕੇ ਪਿੰਡ ਪਰਤਣ 'ਤੇ ਉਨ੍ਹਾਂ ਨੇ ਫਿਰ ਕਿਸਾਨੀ ਧੰਦਾ ਅਪਣਾਇਆ ਅਤੇ ਆਪਣੇ ਆਖਰੀ ਸਵਾਸਾਂ ਤੱਕ ਕਿਰਤ ਦਾ ਫਰਜ਼ ਬਾਖੂਬੀ ਨਿਭਾਇਆ। ਆਪ ਸਮਾਜ ਦੇ ਸਾਂਝੇ ਕੰਮਾਂ ਲਈ ਹਰ ਸਮੇਂ ਤਤਪਰ ਰਹਿੰਦੇ ਸਨ ਅਤੇ ਅਜਿਹੇ ਕਾਰਜਾਂ ਵਿੱਚ ਸਰੀਰ ਅਤੇ ਧਨ ਦੋਹਾਂ ਨਾਲ ਭਰਪੂਰ ਇਮਦਾਦ ਕਰਦੇ ਸਨ। ਆਪ ਭਾਵੇਂ ਕਿਸੇ ਵੀ ਰਾਜਨੀਤਕ ਪਾਰਟੀ ਨਾਲ ਜੁੜੇ ਹੋਏ ਨਹੀਂ ਸਨ ਪਰ ਲਾਲ ਝੰਡੇ ਵਾਲੀਆਂ ਕਿਰਤੀ ਲੋਕਾਂ ਦੀਆਂ ਪਾਰਟੀਆਂ ਦੇ ਬਹੁਤ ਵੱਡੇ ਪ੍ਰਸ਼ੰਸ਼ਕ ਸਨ। 1947 ਦੀਆਂ ਵੰਡ ਦੇ ਸੰਤਾਪ ਦੀਆਂ ਗੱਲਾਂ ਕਰਕੇ ਆਪ ਅਕਸਰ ਭਾਵੁਕ ਹੋ ਜਾਂਦੇ ਤੇ ਕਹਿੰਦੇ ਸਨ ਕਿ ਅੱਜ ਫਿਰ ਉਹੋ ਸ਼ਕਤੀਆਂ ਬਦੇਸ਼ੀ ਸਾਮਰਾਜ ਨਾਲ ਮਿਲਕੇ ਦੇਸ਼ ਅਤੇ ਪੰਜਾਬ ਨੂੰ ਫਿਰਕਾਪ੍ਰਸਤੀ ਦੀ ਭੱਠੀ ਦੀ ਅੱਗ 'ਚ ਸੁੱਟਣ ਦੇ ਯਤਨ ਕਰ ਰਹੀਆਂ ਹਨ। ਪੱਛਮੀ ਬੰਗਾਲ ਵਿਚ ਉਥੋਂ ਦੀ ਕਿਰਤੀ ਲੋਕਾਂ ਦੀ ਪਾਰਟੀ ਦੀ ਸਰਕਾਰ ਦੀ ਉਹ ਇਸ ਗੱਲੋਂ ਪ੍ਰਸ਼ੰਸਾ ਵੀ ਕਰਿਆ ਕਰਦੇ ਸਨ ਕਿ ਉੱਥੇ ਕਿਸੇ ਵੀ ਦੰਗਾਕਾਰੀ ਨੂੰ ਸਿਰ ਨਹੀਂ ਸੀ ਚੁੱਕਣ ਦਿੱਤਾ ਗਿਆ। ਆਪ ਦੇ ਦੋ ਲੜਕੇ ਹਨ। ਵੱਡਾ ਜਸਬੀਰ ਸਿੰਘ ਖੇਤੀਬਾੜੀ ਦੇ ਨਾਲ ਦੁੱਧ ਵੇਚਣ ਦਾ ਸਹਾਇਕ ਧੰਦਾ ਕਰਦਾ ਹੈ ਅਤੇ ਪਰਚੂਨ ਦੀ ਦੁਕਾਨ ਵੀ ਚਲਾਉਂਦਾ ਹੈ। ਛੋਟਾ ਭੁਪਿੰਦਰ ਸਿੰਘ, ਅਧਿਆਪਕ ਵਜੋਂ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ ਤੇ ਮੁਲਾਜ਼ਮ ਜਥੇਬੰਦੀ ਵਿਚ ਸਰਗਰਮ ਹੈ। ਸੂਬੇਦਾਰ ਦੀ ਮਰਹੂਮ ਪਤਨੀ ਸੁਰਜੀਤ ਕੌਰ, ਜੋ ਪਿੰਡ ਵਿਚ ਇਕ ਦਾਨਿਸ਼ਮੰਦ ਔਰਤ ਵਜੋਂ ਬੇਹੱਦ ਸਤਿਕਾਰੇ ਜਾਂਦੇ ਸਨ, ਮੌਂਬਰ ਪੰਚਾਇਤ ਰਹਿ ਚੁੱਕੇ ਹਨ। ਸੂਬੇਦਾਰ ਮੱਖਣ ਸਿੰਘ ਵਰਗੀਆਂ ਸ਼ਖਸੀਅਤਾਂ ਧਰਤੀ 'ਤੇ ਵਾਰ-ਵਾਰ ਪੈਦਾ ਨਹੀਂ ਹੁੰਦੀਆਂ। ਉਨ੍ਹਾਂ ਦੇ ਵਿਛੋੜੇ ਨਾਲ ਕੇਵਲ ਪਰਿਵਾਰ ਨੂੰ ਹੀ ਨਹੀਂ, ਸਮੁੱਚੇ ਸਮਾਜ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

- ਡਾ. ਬਲਵਿੰਦਰ ਛੇਹਰਟਾ
98552-76844

ਬੇਮੌਸਮੀ ਬਰਖਾ ਤੇ ਗੜੇਮਾਰੀ ਨੇ ਕਿਸਾਨਾਂ ਦਾ ਸੋਨਾ ਮਿੱਟੀ 'ਚ ਰੋਲਿਆ

ਮਜੀਠਾ (ਸੋਇਮ ਆਨੰਦ)

ਕੇਂਦਰ ਦੀ ਸਰਕਾਰ ਹੋਵੇ, ਭਾਵੇਂ ਸੂਬੇ ਦੀ ਕਿਸਾਨਾਂ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ ਰਿਹਾ ਹੈ ਅਤੇ ਇਨ੍ਹਾਂ ਸਰਕਾਰਾਂ ਦੀ ਸਮੇਂ-ਸਮੇਂ ਤੇ ਮਾਰ ਝੱਲ ਰਹੇ ਕਿਸਾਨ ਕੁਦਰਤ ਦੇ ਕਹਿਰ ਤੋਂ ਵੀਂ ਨਹੀਂ ਬਚ ਸਕੇ ਅਤੇ ਕੁਦਰਤ ਦੀ ਭਾਰੀ ਕਰੋਪੀ ਨੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਤਬਾਹ ਕਰਕੇ ਰੱਖ ਦਿੱਤੀ ਹੈ ਅਤੇ ਆਪਣੀ ਕਿਸਮਤ ਨੂੰ ਕੋਸਦੇ ਹੋਏ ਮੌਜੂਦਾ ਸਰਕਾਰ ਕੋਲੋਂ ਸਿਰਫ ਵਾਧਆ ਦੀ ਆਸ ਰੱਖ ਸਕਦੇ ਹਨ। ਵੀਰਵਾਰ ਦੀ ਸ਼ਾਮ ਨੂੰ ਪਈ ਭਾਰੀ ਗੜੇਮਾਰੀ ਅਤੇ ਮੀਂਹ ਨੇ ਕਿਸਾਨਾਂ ਨੂੰ ਮੁੜ ਵੱਡੀ ਪ੍ਰੇਸ਼ਾਨੀ ਵਿੱਚ ਪਾ ਦਿੱਤਾ ਹੈ। ਆਪਣੀ ਕਿਸਮਤ ਨੂੰ ਰੋ ਰਹੇ ਕਿਸਾਨਾਂ ਰਮਨਦੀਪ ਸਿੰਘ ਪੁੱਤਰ ਗੁਰਮੁੱਖ ਸਿੰਘ, ਰਘੁਬੀਰ ਸਿੰਘ ਸਮੇਤ ਵੱਡੀ ਗਿਣਤੀ 'ਚ ਕਿਸਾਨਾਂ ਨੇ ਪੱਤਰਕਾਰਾ ਨੂੰ ਆਪਣੀ ਖਰਾਬ ਹੋਈਆ ਕਣਕ ਦੀ ਫਸਲ ਬਾਰੇ ਦੱਸਦਿਆਂ ਕਿਹਾ ਕਿ ਪੱਕ ਚੁੱਕੀ ਕਣਕ ਦੀ ਵਾਢੀ ਸ਼ੁਰੂ ਹੋ ਚੁੱਕੀ ਹੈ ਅਤੇ ਮੰਡੀਆਂ ਵਿਚ ਕਣਕ ਪਹੁੰਚਣੀ ਸ਼ੁਰੂ ਹੋ ਗਈ ਹੈ ਪਰ ਇਸ ਬੇਮੌਸਮੀ ਮੀਂਹ ਨੇ ਖਲੋਤੀਆਂ ਕਣਕਾਂ ਬਿਲਕੁਲ ਤਬਾਹ ਕਰ ਕੇ ਰੱਖ ਦਿੱਤੀਆਂ ਹਨ ਜਦੋਂਕਿ ਪਿਛਲੇ ਪਏ ਮੀਂਹ ਦੀ ਅਜੇ ਤੱਕ ਸਰਕਾਰ ਵੱਲੋਂ ਕੋਈ ਵੀ ਗਿਰਦਾਵਰੀ ਨਹੀਂ ਕਰਵਾਈ ਗਈ ਅਤੇ ਨਾ ਹੀ ਕਿਸੇ ਨੂੰ ਕੋਈ ਕਿਸਾਨਾਂ ਨੂੰ ਮੁਆਵਜਾ ਮਿਲ ਸਕਿਆ ਹੈ। ਉਧਰ ਕੁਦਰਤ ਦੀ ਕਰੋਪੀ ਨੇ ਫਿਰ ਕਿਸਾਨਾਂ ਦੀ ਰਹਿੰਦੀ-ਖੂੰਹਦੀ ਕਣਕ ਵੀ ਬਰਬਾਦ ਕਰਕੇ ਰੱਖ ਦਿੱਤੀ ਹੈ ਜਿਸ ਨਾਲ ਕਰਜ਼ਾਈ ਕਿਸਾਨਾਂ ਦੀ ਹਾਲਤ ਹੋਰ ਪਤਲੀ ਹੋ ਗਈ ਹੈ। ਕਿਸਾਨਾਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕਰਦਿਆਂ ਅਪੀਲ ਕੀਤੀ ਹੈ ਕਿ ਬਰਬਾਦ ਹੋਈ ਕਣਕ ਦਾ ਪਹਿਲ ਦੇ ਅਧਾਰ ਤੇ ਮੁਆਵਜ਼ਾ ਦਿੱਤਾ ਜਾਵੇ ਤਾਂ ਕਿ ਦੁਨੀਆ ਨੂੰ ਦੋ ਵਕਤ ਦੀ ਰੋਟੀ ਦੇਣ ਵਾਲਾ ਕਰਜ਼ਾਈ ਕਿਸਾਨ ਆਪਣੇ ਪਰਿਵਾਰ ਨੂੰ ਦੋ ਵਕਤ ਦੀ ਰੋਟੀ ਤਾਂ ਖਵਾ ਸਕੇ।

ਸਕੂਲਾਂ 'ਚ ਦਾਖਲਾ ਵਧਾਉਣ ਦੇ ਨਾਂਅ 'ਤੇ ਅਧਿਆਪਕਾਂ ਨੂੰ ਜ਼ਲੀਲ ਕਰਨਾ ਅਤਿ ਨਿੰਦਣਯੋਗ : ਫੱਜੂਪੁਰ/ਪਰਮਾਰ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਐਲੀਮੈਂਟਰੀ ਟੀਚਰਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਜਨਰਲ ਸਕੱਤਰ ਅਸ਼ਵਨੀ ਫੱਜੂਪੁਰ ਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਜ਼ਾਰੀ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ/ਐਲੀਮੈਂਟਰੀ ਸਕੂਲਾਂ ਵਿੱਚ ਪੜ੍ਹਾਉਂਦੇ ਅਧਿਆਪਕਾਂ ਨੂੰ ਜ਼ਿਲ੍ਹਾ ਅਤੇ ਬਲਾਕ ਸਿੱਖਿਆ ਅਫ਼ਸਰਾਂ ਵਲੋਂ ਸਕੂਲਾਂ ਵਿੱਚ ਦਾਖਲਾ ਵਧਾਉਣ ਸਬੰਧੀ ਬਲਾਕ ਅਤੇ ਜ਼ਿਲ੍ਹਾ ਪੱਧਰ ਤੇ ਮੀਟਿੰਗ ਕਰਕੇ ਅਧਿਆਪਕਾਂ ਨੂੰ ਬਿਨਾਂ ਵਜ੍ਹਾ ਹਿਰਾਸ ਕੀਤਾ ਜਾ ਰਿਹਾ। ਇਨ੍ਹਾਂ ਮੀਟਿੰਗਾਂ ਵਿੱਚ ਕਈ ਬਲਾਕ ਸਿੱਖਿਆ ਅਸਫਰਾਂ ਵਲੋਂ ਖਾਸ ਕਰਕੇ ਮਹਿਲਾ ਅਧਿਆਪਕਾਂ ਨੂੰ ਸਾਰਿਆਂ ਦੇ ਸਾਹਮਣੇ ਖੜਾ ਕਰਕੇ ਜਲੀਲ ਕੀਤਾ ਜਾਣਾ ਅਤਿ ਨਿੰਦਣਯੋਗ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਸਰਕਾਰ ਸਾਰਾ ਸਾਲ ਅਧਿਆਪਕਾਂ ਨੂੰ ਗੈਰ-ਵਿਦਿਅਕ ਕੰਮਾਂ, ਸਾਰਾ ਦਿਨ ਆਨ-ਲਾਈਨ ਡਾਕ, ਗੁਗਲ ਸੀਟਾਂ ਭਰਨ, 36 ਪ੍ਰਕਾਰ ਦੀਆਂ ਗ੍ਰਾਂਟਾਂ ਨੂੰ ਖਰਚਣ ਤੋਂ ਇਲਾਵਾ ਮਿਡ ਡੇਅ ਮੀਲ ਅਤੇ ਬੀ.ਐਲ.ਓ ਡਿਊਟੀ ਸਮੇਤ ਹੋਰ ਕੰਮਾਂ ਵਿੱਚ ਉਲਝਾਈ ਰੱਖਦੀ ਹੈ। ਜਿਸ ਕਾਰਨ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਪੜ੍ਹਾਈ ਪ੍ਰਭਾਵਿਤ ਹੁੰਦੀ ਹੈ। ਸਰਕਾਰ ਦੇ ਸਿੱਖਿਆ ਵਿਭਾਗ ਦੇ ਇਸ ਰਵੱਈਏ ਨੂੰ ਦੇਖ ਕੇ ਆਮ ਲੋਕ ਸਰਕਾਰੀ ਸਕੂਲਾਂ ਵਿੱਚ ਆਪਣੇ ਬੱਚੇ ਕਰਵਾਉਣ ਤੋਂ ਵੀ ਕੰਨੀ ਕਤਰਾਉਂਦੇ ਹੈ। ਈਟੀਯੂ ਆਗੂਆਂ ਨੇ ਕਿਹਾ ਕਿ ਸਰਕਾਰ ਵਲੋਂ ਅਧਿਆਪਕਾਂ ਨੂੰ ਸਿੱਖਿਆ ਪ੍ਰਦਾਨ ਕਰਨ ਲਈ ਭਰਤੀ ਕੀਤਾ ਹੈ ਨਾ ਕਿ ਗੈਰ-ਵਿੱਦਿਅਕ ਕੰਮਾਂ ਲਈ। ਜ਼ਿਲ੍ਹਾ ਗੁਰਦਾਸਪੁਰ ਅੰਦਰ ਕਈ ਪ੍ਰਾਇਮਰੀ ਸਕੂਲ ਅਜਿਹੇ ਹਨ, ਜਿਨ੍ਹਾਂ ਵਿੱਚ ਜਮਾਤਵਾਰ ਅਧਿਆਪਕਾਂ ਦੀ ਗਿਣਤੀ ਪੂਰੀ ਨਾ ਹੋਣ ਕਾਰਨ ਇਕ ਜਾਂ ਦੋ ਹੀ ਅਧਿਆਪਕ ਮਜ਼ਬੂਰਨ ਸਾਰੀਆਂ ਜਮਾਤਾਂ ਨੂੰ ਪੜ੍ਹਾਉਣ ਦੇ ਨਾਲ ਨਾਲ ਸਾਰਾ ਦਿਨ ਵਿਭਾਗ ਦੀਆਂ ਡਾਕਾਂ ਪੂਰੀਆਂ ਕਰਨ ਵਿੱਚ ਹੀ ਉਲਝੇ ਰਹਿੰਦੇ ਹਨ। ਦੂਜੇ ਪਾਸੇ ਪ੍ਰਾਇਮਰੀ ਸਿੱਖਿਆ ਅਫਸਰਾਂ ਵਲੋਂ ਸਕੂਲਾਂ ਵਿੱਚ 10 ਪ੍ਰਤੀਸ਼ਤ ਦਾਖਲਾ ਵਧਾਉਣ ਲਈ ਅਧਿਆਪਕਾਂ ਤੇ ਦਬਾਅ ਬਣਾਇਆ ਜਾ ਰਿਹਾ ਹੈ। ਜਿਸ ਕਾਰਨ ਸਮੁੱਚਾ ਪ੍ਰਾਇਮਰੀ ਅਧਿਆਪਕ ਵਰਗ ਮਾਨਸਿਕ ਪ੍ਰੇਸ਼ਾਨੀ ਦੌਰ ਵਿੱਚੋਂ ਗੁਜ਼ਰ ਰਿਹਾ ਹੈ ਅਤੇ ਦੂਜਾ ਸਿੱਖਿਆ ਅਧਿਕਾਰੀਆਂ ਦੀ ਜ਼ਲੀਲਤਾ ਦਾ ਸ਼ਿਕਾਰ ਹੋ ਰਿਹਾ ਹੈ। ਇਨ੍ਹਾਂ ਗੈਰ-ਵਿੱਦਿਅਕ ਸਮੱਸਿਆਵਾਂ ਕਾਰਨ ਪ੍ਰਾਇਮਰੀ ਅਧਿਆਪਕਾਂ ਵਿੱਚ ਪੰਜਾਬ ਸਰਕਾਰ ਅਤੇ ਸਿੱਖਿ

ਨਵਾਂ ਜ਼ਮਾਨਾ
ਸ਼ਨੀਵਾਰ, 22 ਅਪ੍ਰੈਲ 2023

ਪੁਲਵਾਮਾ ਦਾ ਸੱਚ

ਜੰਮੂ-ਕਸ਼ਮੀਰ ਦੇ ਸਾਬਕਾ ਰਾਜਪਾਲ ਸੱਤਿਆਪਾਲ ਮਲਿਕ ਵੱਲੋਂ 2019 ਦੇ ਪੁਲਵਾਮਾ ਅੱਤਵਾਦੀ ਹਮਲੇ ਬਾਰੇ ਕੀਤੇ ਖੁਲਾਸਿਆਂ ਤੋਂ ਬਾਅਦ ਇਸ ਹਮਲੇ ਵਿੱਚ ਜਾਨ ਗੁਆ ਦੇਣ ਵਾਲੇ 40 ਪਰਵਾਰਾਂ ਦੇ ਜ਼ਖ਼ਮ ਫਿਰ ਤਾਜ਼ਾ ਹੋ ਗਏ ਹਨ। ਉਨ੍ਹਾਂ ਵਿੱਚੋਂ ਕੁਝ ਪਰਵਾਰਾਂ ਦੇ ਮੈਂਬਰਾਂ ਨੇ ਇਸ ਘਟਨਾ ਦੀ ਜਾਂਚ ਕਰਾਉਣ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ ਹੈ।

ਸ਼ਹੀਦ ਹੋਏ ਭਾਗੀਰਥ ਦੇ ਪਿਤਾ ਪਰਸੂ ਰਾਮ ਨੇ 'ਦੀ ਵਾਇਰ' ਨਾਲ ਗੱਲ ਕਰਦਿਆਂ ਕਿਹਾ ਕਿ 14 ਫ਼ਰਵਰੀ 2019 ਦੇ ਉਸ ਘਿਨੌਣੇ ਕਾਂਡ ਦੇ ਦਿਨ ਤੋਂ ਹੀ ਉਸ ਨੂੰ ਕਈ ਸਵਾਲ ਪ੍ਰੇਸ਼ਾਨ ਕਰਦੇ ਰਹੇ ਹਨ। ਮਲਿਕ ਦੇ ਖੁਲਾਸੇ ਤੋਂ ਬਾਅਦ ਉਸ ਦੇ ਇਸ ਭਰੋਸੇ ਉੱਤੇ ਮੋਹਰ ਲੱਗ ਗਈ ਹੈ ਕਿ ਪੁਲਵਾਮਾ ਹਮਲਾ ਸਰਕਾਰ ਵੱਲੋਂ ਰਚਿਆ ਗਿਆ ਇੱਕ ਸਿਆਸੀ ਛੜਯੰਤਰ ਸੀ। ਪਰਸੂ ਰਾਮ ਨੇ ਕਿਹਾ ਕਿ ਉਸ ਨੂੰ ਸੌ ਫ਼ੀਸਦੀ ਭਰੋਸਾ ਹੈ ਕਿ ਇਹ ਸਭ ਸੱਤਾ ਵਿੱਚ ਰਹਿਣ ਲਈ ਕੀਤਾ ਗਿਆ ਤੇ ਮੋਦੀ ਸਰਕਾਰ ਨੇ ਗੱਦੀ ਹਾਸਲ ਕਰਨ ਲਈ ਅਜਿਹਾ ਕੀਤਾ ਸੀ। ਭਲਾ ਇਹ ਕਿਵੇਂ ਹੋ ਸਕਦਾ ਹੈ ਕਿ 200 ਕਿਲੋ ਧਮਾਕਾਖੇਜ਼ ਸਮੱਗਰੀ ਨਾਲ ਲੱਦਿਆ ਟਰੱਕ ਕਿਸੇ ਪਾਸਿਓਂ ਆਉਂਦਾ ਹੈ ਤੇ ਜਵਾਨਾਂ ਦੀ ਬੱਸ ਨੂੰ ਉਡਾ ਦਿੰਦਾ ਹੈ। ਆਪਣਾ ਗੁੱਸਾ ਜ਼ਾਹਰ ਕਰਦਿਆਂ ਉਹ ਕਹਿੰਦਾ ਹੈ, "ਉਸ ਵੇਲੇ ਪ੍ਰਧਾਨ ਮੰਤਰੀ ਕਿੱਥੇ ਸਨ, ਕੀ ਉਹ ਸੌਂ ਰਹੇ ਸਨ।"

ਕਰਨ ਥਾਪਰ ਨਾਲ ਸੱਤਿਆਪਾਲ ਮਲਿਕ ਦੀ ਗੱਲਬਾਤ ਤੋਂ ਬਾਅਦ ਇਹ ਮੰਗ ਉੱਠਣੀ ਸ਼ੁਰੂ ਹੋ ਗਈ ਹੈ ਕਿ ਖ਼ੁਫ਼ੀਆ ਏਜੰਸੀਆਂ ਦੀ ਨਾਕਾਮੀ ਸੰਬੰਧੀ ਪ੍ਰਧਾਨ ਮੰਤਰੀ ਨੂੰ ਜਵਾਬ ਦੇਣਾ ਚਾਹੀਦਾ ਹੈ। ਸਾਬਕਾ ਰਾਜਪਾਲ ਨੇ ਕਿਹਾ ਸੀ ਕਿ ਪੁਲਵਾਮਾ ਹਮਲਾ ਮੋਦੀ ਸਰਕਾਰ ਦੀ ਲਾਪਰਵਾਹੀ ਤੇ ਨਾਕਾਮੀ ਕਾਰਨ ਹੋਇਆ ਸੀ। ਅਗਰ ਗ੍ਰਹਿ ਮੰਤਰਾਲਾ ਸੈਨਾ ਦੀ ਮੰਗ 'ਤੇ ਸੈਨਿਕਾਂ ਨੂੰ ਲਿਜਾਣ ਲਈ ਹਵਾਈ ਜਹਾਜ਼ ਦਾ ਪ੍ਰਬੰਧ ਕਰ ਦਿੰਦਾ ਤਾਂ ਇਸ ਹਾਦਸੇ ਤੋਂ ਬਚਿਆ ਜਾ ਸਕਦਾ ਸੀ।

ਇਸ ਅੱਤਵਾਦੀ ਹਮਲੇ ਵਿੱਚ ਜਾਨ ਗੁਆ ਦੇਣ ਵਾਲੇ ਜੀਤ ਰਾਮ ਦੇ ਭਰਾ ਵਿਕਰਮ ਨੇ ਕਿਹਾ ਕਿ ਇਸ ਹਾਦਸੇ ਦੀ ਜਾਂਚ ਹੋਣੀ ਚਾਹੀਦੀ ਹੈ। ਉਸ ਨੇ ਕਿਹਾ ਕਿ ਉਨ੍ਹਾ ਦਾ ਪਰਵਾਰ ਅੱਜ ਵੀ ਸਦਮੇ ਵਿੱਚ ਹੈ, ਜਿਸ ਨੇ ਆਪਣੇ 30 ਸਾਲਾ ਜਵਾਨ ਬੇਟੇ ਨੂੰ ਗੁਆ ਦਿੱਤਾ ਸੀ। ਵਿਕਰਮ ਨੇ ਇਹ ਵੀ ਕਿਹਾ ਕਿ ਮਲਿਕ ਨੂੰ ਘਟਨਾ ਸਮੇਂ ਹੀ ਬੋਲਣਾ ਚਾਹੀਦਾ ਸੀ।

ਰੋਹਤਾਸ਼ ਦਾ ਪਰਵਾਰ ਵੀ ਦੁਖੀ ਹੈ। ਉਸ ਦੇ ਭਰਾ ਜਿਤੇਂਦਰ ਨੇ ਕਿਹਾ ਹੈ ਕਿ ਜੋ ਉਨ੍ਹਾਂ ਜਵਾਨਾਂ ਨਾਲ ਹੋਇਆ, ਉਹ ਹੋਰਨਾਂ ਨਾਲ ਨਹੀਂ ਹੋਣਾ ਚਾਹੀਦਾ। ਮਲਿਕ ਦੇ ਦਾਅਵਿਆਂ ਬਾਰੇ ਜਿਤੇਂਦਰ ਨੇ ਕਿਹਾ ਕਿ ਉਹ ਕਿਸੇ ਤੋਂ ਨਹੀਂ ਡਰਦੇ ਤੇ ਜੋ ਕਹਿੰਦੇ ਹਨ, ਸਹੀ ਕਹਿੰਦੇ ਹਨ।

ਇਸੇ ਦੌਰਾਨ ਦੀ 'ਟੈਲੀਗਰਾਫ' ਨੇ ਬੰਗਾਲ ਦੇ ਦੋ ਜਵਾਨਾਂ ਦੇ ਪਰਵਾਰਾਂ ਦੀ ਇੰਟਰਵਿਊ ਛਾਪੀ ਹੈ। ਸੁਦੀਪ ਵਿਸ਼ਵਾਸ ਨਾਦੀਆ ਜ਼ਿਲ੍ਹੇ ਦੇ ਤੇਹਟਾ ਦੇ ਰਹਿਣ ਵਾਲੇ ਸਨ। ਸੁਦੀਪ ਦੀ ਭੈਣ ਨੇ ਕਿਹਾ ਕਿ ਕੇਂਦਰ ਨੂੰ ਆਪਣੀ ਸਫ਼ਾਈ ਦੇਣੀ ਚਾਹੀਦੀ ਹੈ, ਭਾਵੇਂ ਸਾਡੇ ਲਈ ਇਸ ਦਾ ਕੋਈ ਅਰਥ ਨਹੀਂ ਹੈ।

ਬਬਲੂ ਦੀ 71 ਸਾਲਾ ਮਾਂ ਬੋਨੋਮਾਲਾ ਤੇ 36 ਸਾਲਾ ਪਤਨੀ ਮੀਤਾ ਨੇ ਕਿਹਾ ਕਿ ਉਹ ਸੱਚ ਜਾਣਨਾ ਚਾਹੁੰਦੇ ਹਨ, ਭਾਵੇਂ ਇਸ ਨਾਲ ਕੁਝ ਨਹੀਂ ਬਦਲੇਗਾ। ਮੀਤਾ ਨੇ ਕਿਹਾ ਕਿ ਭਾਰੀ ਬਰਫ਼ਬਾਰੀ ਕਾਰਨ ਸੈਨਾ ਦੀ ਆਵਾਜਾਈ ਰੋਕ ਦਿੱਤੀ ਗਈ ਸੀ। ਇਸ ਫ਼ੈਸਲੇ ਨੂੰ ਰੱਦ ਕਰਨ ਦਾ ਹੁਕਮ ਮੇਰੇ ਲਈ ਇੱਕ ਰਹੱਸ ਬਣਿਆ ਹੋਇਆ ਹੈ। ਮਲਿਕ ਦੇ ਬਿਆਨ ਤੋਂ ਬਾਅਦ ਭਾਰਤੀ ਫ਼ੌਜ ਦੇ ਇੱਕ ਸਾਬਕਾ ਜਨਰਲ ਸ਼ੰਕਰ ਰਾਏ ਚੌਧਰੀ ਨੇ ਵੀ ਕਿਹਾ ਹੈ ਕਿ ਸੈਨਿਕਾਂ ਦੀ ਮੌਤ ਦਾ ਦੋਸ਼ ਪ੍ਰਧਾਨ ਮੰਤਰੀ ਦੀ ਅਗਵਾਈ ਵਾਲੀ ਸਰਕਾਰ ਉੱਤੇ ਹੈ। ਪ੍ਰਧਾਨ ਮੰਤਰੀ ਤੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਨੂੰ ਇਸ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਦੇਸ਼ ਦੇ ਲੋਕ ਪੁਲਵਾਮਾ ਦਾ ਸੱਚ ਜਾਣਨਾ ਚਾਹੁੰਦੇ ਹਨ, ਪਰ ਮੋਦੀ ਚੁੱਪ ਹਨ।

ਹੁਣ ਕਿਹੜੇ ਸਕੂਲਾਂ ਦੇ ਜਮਾਤ ਕਮਰਿਆਂ 'ਚ ਘੜੀ ਜਾਵੇਗੀ ਭਾਰਤ ਦੀ ਤਕਦੀਰ ?

ਚਰਨ ਸਿੰਘ ਸਰਾਭਾ

ਇਨ੍ਹਾਂ ਦਿਨਾਂ 'ਚ ਸਾਡੇ ਪੰਜਾਬ ਅਤੇ ਭਾਰਤ ਭਰ ਵਿੱਚੋਂ ਸਿੱਖਿਆ ਖੇਤਰ ਸੰਬੰਧੀ ਵੱਡੀਆਂ ਅਤੇ ਮਹੱਤਵਪੂਰਨ ਖਬਰਾਂ ਪ੍ਰੈੱਸ ਵਿੱਚ ਛਪ ਰਹੀਆਂ ਹਨ। ਵੈਸੇ ਤਾਂ ਅਜਿਹੀਆਂ ਖ਼ਬਰਾਂ ਪਿਛਲੇ ਕੋਈ ਦੋ ਸਾਲਾਂ ਤੋਂ ਕੇਂਦਰੀ ਸਰਕਾਰ ਦੀ ਸਿੱਖਿਆ-ਨੀਤੀ-2020 ਅਤੇ ਦਿੱਲੀ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਸਰਕਾਰੀ ਸਕੂਲਾਂ ਨੂੰ ਵਿਸ਼ੇਸ਼ ਪਹਿਲ ਦੇ ਕੇ ਸਿੱਖਿਆ ਸੁਧਾਰ ਕਰਨ ਦੇ ਐਲਾਨਾਂ ਕਾਰਨ ਪੰਜਾਬ ਵਿੱਚ ਵੀ ਵਾਦ-ਵਿਵਾਦ ਪੈਦਾ ਕਰਦੀਆਂ ਆ ਰਹੀਆਂ ਹਨ। ਪ੍ਰੰਤੂ ਹੁਣ ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ 117 "ਸਕੂਲ ਆਫ਼ ਐਮੀਨੈਂਸ" ਅਤੇ "1000 ਸੁਪਰ ਸਮਾਰਟ ਸਕੂਲ" ਵਜੋਂ ਅੱਪਗਰੇਡ ਕਰਕੇ ਇਨ੍ਹਾਂ ਸਕੂਲਾਂ ਰਾਹੀਂ ਉੱਚ ਪੱਧਰੀ ਗੁਣਾਤਮਕ ਅਤੇ ਆਧੁਨਿਕ ਸਿੱਖਿਆ ਦੇਣ ਦੇ ਪ੍ਰੋਗਰਾਮ ਦਾ ਐਲਾਨ ਕੀਤਾ ਜਾ ਰਿਹਾ ਹੈ। ਇਨ੍ਹਾਂ ਹੀ ਪਿਛਲੇ ਮਹੀਨਿਆਂ ਵਿੱਚ ਕੇਂਦਰ ਸਰਕਾਰ ਨੇ ਵੀ ਦੇਸ਼ ਵਿੱਚ ਗੁਣਾਤਮਕ ਸਿੱਖਿਆ ਦੇਣ ਦੇ ਐਲਾਨ ਅਧੀਨ ਸਿੱਖਿਆ ਨੀਤੀ-2020 ਲਾਗੂ ਕਰਦੇ ਸਮੇਂ 14500 ਵਿਸ਼ੇਸ਼ ਸਕੂਲ "ਪ੍ਰਧਾਨ ਮੰਤਰੀ ਸ੍ਰੀ" ਸਕੂਲ ਵਜੋਂ ਅੱਪਗਰੇਡ ਕਰਨ ਦੇ ਫ਼ੈਸਲੇ ਅਤੇ ਐਲਾਨ ਕੀਤੇ ਹਨ ਅਤੇ ਕੇਂਦਰੀ ਬੱਜਟ ਪੇਸ਼ ਹੋਣ ਤੋਂ ਪਿਛੋਂ ਇਸ 'ਤੇ ਅਮਲ ਆਰੰਭ ਹੋਣ ਦੀਆਂ ਖ਼ਬਰਾਂ ਵੀ ਪ੍ਰੈੱਸ ਵਿੱਚ ਛਪ ਚੁੱਕੀਆਂ ਹਨ।

ਭਾਰਤ ਦੀ ਸਕੂਲ ਪੱਧਰੀ ਸਿੱਖਿਆ ਸੰਬੰਧੀ ਕੇਂਦਰ ਸਰਕਾਰ ਦੇ ਐਲਾਨ ਅਤੇ ਪੰਜਾਬ ਸਰਕਾਰ ਦੇ ਐਲਾਨ ਹੋਣ ਨਾਲ ਭਾਰਤੀ ਸਿੱਖਿਆ ਖੇਤਰ ਵਿੱਚ 1990 ਤੋਂ ਪਿੱਛੋਂ ਆਰੰਭ ਹੋਏ ਵਿਵਾਦਾਂ ਨੇ ਹੋਰ ਤਿੱਖਾ ਰੂਪ ਧਾਰਨ ਕਰ ਲਿਆ ਹੈ। ਇਸ ਵਿਵਾਦ ਵਿੱਚ ਕੇਂਦਰੀ ਸਿੱਖਿਆ ਨੀਤੀ ਵਿੱਚ ਕੇਂਦਰੀ ਬਿੰਦੂ ਬਣਾਇਆ ਜਾ ਰਿਹਾ ਹੈ ਕਿ ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਬਣੀਆਂ ਪਹਿਲੀਆਂ ਸਿੱਖਿਆ ਨੀਤੀਆਂ ਵਿੱਚ ਗੁਣਾਤਮਕ ਸਿੱਖਿਆ ਪ੍ਰਦਾਨ ਨਹੀਂ ਕੀਤੀ ਗਈ। ਕੇਵਲ ਸਿੱਖਿਆ ਤੱਕ ਪਹੁੰਚ ਅਤੇ ਸਮਾਨਤਾ ਵਾਲੀ ਵਿਵਸਥਾ ਦੀ ਗੱਲ ਹੀ ਕੀਤੀ ਜਾਂਦੀ ਰਹੀ। ਸਿੱਖਿਆ ਨੀਤੀ-2020 ਦਾ ਵਰਨਣ ਕਰਦੇ ਸਮੇਂ ਕਿਹਾ ਜਾਂਦਾ ਹੈ ਕਿ 1986/1992 ਤੋਂ ਪਿੱਛੋਂ ਚੌਂਤੀ ਸਾਲਾਂ ਪਿੱਛੋਂ ਅਜਿਹੀ ਗੁਣਾਤਮਕਤਾ ਵਾਲੀ ਸਿੱਖਿਆ ਨੀਤੀ ਲਿਆਂਦੀ ਜਾ ਰਹੀ ਹੈ।

ਅਜਿਹੇ ਵਿਵਾਦ ਭਰਪੂਰ ਸੰਦਰਭ ਵਿੱਚ ਇਹ ਵਿਚਾਰ ਕਰਨਾ ਜ਼ਰੂਰੀ ਬਣ ਜਾਂਦਾ ਹੈ ਕਿ ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਹੁਣ ਤੱਕ 75 ਸਾਲਾਂ ਦੇ ਸਮੇਂ ਵਿੱਚ ਭਾਰਤੀ ਸਿੱਖਿਆ ਵਿਸ਼ੇਸ਼ ਕਰਕੇ ਸਕੂਲੀ ਸਿੱਖਿਆ ਕਿਹੜੇ ਪੜਾਵਾਂ ਵਿੱਚੋਂ ਲੰਘੀ ਹੈ। ਸਕੂਲੀ ਸਿੱਖਿਆ ਨੂੰ ਵਿਸ਼ੇਸ਼ ਮੰਨਿਆ ਜਾਂਦਾ ਹੈ, ਕਿਉਂਕਿ ਇਹ ਸਿੱਖਿਆ ਦਾ ਉਹ ਪੱਧਰ ਹੈ, ਜੋ ਭਾਰਤ ਦੇ ਹਰ ਇੱਕ ਬੱਚੇ ਦੇ ਵਿਕਾਸ ਨਾਲ ਸੰਬੰਧਤ ਹੈ ਅਤੇ ਇਸ ਤਰ੍ਹਾਂ ਇਹ ਭਾਰਤ ਦੇ ਸਮੁੱਚੇ ਮਨੁੱਖੀ ਅਤੇ ਸਮਾਜਿਕ ਵਿਕਾਸ ਨੂੰ ਪ੍ਰਭਾਵਤ ਕਰਦਾ ਹੈ। ਇਹ ਵਿਚਾਰ-ਚਰਚਾ ਹੋਰ ਵੀ ਸਾਰਥਕ ਹੋ ਜਾਵੇਗੀ, ਜੇਕਰ ਇਹ ਵੀ ਜਾਣ ਲਿਆ ਜਾਵੇ ਕਿ ਭਾਰਤ ਵਿੱਚ ਆਜ਼ਾਦੀ ਪ੍ਰਾਪਤੀ ਤੋਂ ਪਹਿਲਾਂ ਅੰਗਰੇਜ਼ੀ ਸਾਮਰਾਜ ਨੇ ਆਪਣੇ ਰਾਜਨੀਤਕ ਮੰਤਵਾਂ ਅਤੇ ਪ੍ਰਬੰਧਕੀ ਲੋੜਾਂ ਦੀ ਪੂਰਤੀ ਲਈ ਕਿਹੋ ਜਿਹੀ ਸਿੱਖਿਆ ਨੀਤੀ ਅਪਣਾਈ ਸੀ। ਇਤਿਹਾਸਕ ਵੇਰਵਿਆਂ ਅਨੁਸਾਰ ਅੰਗਰੇਜ਼ ਸਰਕਾਰ ਨੇ 1835 ਅਤੇ 1855 ਵਿੱਚ ਇੱਕ ਪਾਸੇ ਸਾਰੇ ਭਾਰਤੀ ਬੱਚਿਆਂ ਨੂੰ ਸਿੱਖਿਆ ਦੇਣ ਦੇ ਐਲਾਨ ਕੀਤੇ ਅਤੇ ਦੂਜੇ ਪਾਸੇ ਇਹ ਐਲਾਨ ਵੀ ਕੀਤੇ ਕਿ ਅੰਗਰੇਜ਼ ਸਰਕਾਰ ਸਾਰੇ ਭਾਰਤੀ ਬੱਚਿਆਂ ਨੂੰ ਸਿੱਖਿਆ ਦੇਣ ਦਾ ਖਰਚਾ ਸਹਿਣ ਨਹੀਂ ਕਰ ਸਕਦੀ। ਇਸ ਸਥਿਤੀ ਵਿੱਚ ਅੰਗਰੇਜ਼ ਦੀ ਸਿੱਖਿਆ ਨੀਤੀ ਦੇ ਘਾੜੇ ਮਿਸਟਰ ਮੈਕਾਲੇ ਦੀ ਅਗਵਾਈ ਵਿੱਚ ਅੰਗਰੇਜ਼ ਸਰਕਾਰ ਨੇ ਆਪਣੀਆਂ ਪ੍ਰਬੰਧਕੀ ਲੋੜਾਂ ਪੂਰੀਆਂ ਕਰਨ ਲਈ ਕੁਝ ਚੋਣਵੇਂ ਭਾਰਤੀਆਂ ਨੂੰ ਸਿੱਖਿਅਤ ਕਰਨ ਲਈ ਚੋਣਵੀਆਂ ਥਾਵਾਂ ਤੋਂ ਜ਼ਿਲ੍ਹਾ ਪੱਧਰੀ ਅੰਗਰੇਜ਼ ਮਾਧਿਅਮ ਵਾਲੇ "ਮਾਡਲ ਸਕੂਲ" ਸਥਾਪਤ ਕਰਨ ਦਾ ਫ਼ੈਸਲਾ ਕੀਤਾ। ਮੈਕਾਲੇ ਨੇ ਇਹ ਵੀ ਕਿਹਾ ਸੀ ਕਿ ਅਜਿਹੇ ਅੰਗਰੇਜ਼ੀ ਮਾਡਲਾਂ ਸਕੂਲ ਭਾਰਤੀਆਂ ਵਿੱਚੋਂ ਇੱਕ ਅਜਿਹਾ ਵਰਗ ਪੈਦਾ ਕਰਨਗੇ ਜੋ ਦੇਖਣ ਵਿੱਚ ਭਾਰਤੀ ਹੋਵੇਗਾ, ਪਰ ਉਨ੍ਹਾਂ ਦੀਆਂ ਰੁਚੀਆਂ, ਨੈਤਿਕਤਾ, ਪ੍ਰਤਿਭਾ ਅਤੇ ਵਿਚਾਰ ਅੰਗਰੇਜ਼ੀ ਪ੍ਰਭਾਵ ਵਾਲੇ ਹੋਣਗੇ ਜੋ ਹੌਲੀ-ਹੌਲੀ ਆਮ ਭਾਰਤੀਆਂ ਤੱਕ ਵੀ ਪੁੱਜ ਜਾਣਗੇ। ਅੰਗਰੇਜ਼ ਸਰਕਾਰ ਦੀ ਇਸ ਨੀਤੀ ਨੂੰ ਮੈਕਾਲੇ ਨੇ ਸਿੱਖਿਆ ਦੀ "ਫਿਲਟਰ ਡਾਊਨ" ਨੀਤੀ ਕਿਹਾ ਸੀ। ਅੰਗਰੇਜ਼ ਸਰਕਾਰ ਦਾ ਇਹ ਫ਼ੈਸਲਾ ਸਾਰੇ ਭਾਰਤੀ ਬੱਚਿਆਂ ਨੂੰ ਮੁਢਲੀ ਸਿੱਖਿਆ ਤੋਂ ਵਾਂਝੇ ਰੱਖਣ ਅਤੇ ਭਾਰਤੀਆਂ ਵਿੱਚ ਵੰਡੀਆਂ ਪਾਉਣ ਦਾ ਬੇਈਮਾਨੀ ਵਾਲਾ ਫੈਸਲਾ ਸੀ, ਜਿਸ ਵਿਰੁੱਧ ਗ਼ਦਰ ਪਾਰਟੀ ਦੇ ਆਗੂ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਉਸ ਸਮੇਂ ਹੀ 'ਗ਼ਦਰ' ਅਖ਼ਬਾਰ ਵਿੱਚ ਲਿਖਿਆ ਸੀ ਕਿ 24 ਕਰੋੜ ਭਾਰਤੀਆਂ ਦੀ ਸਿੱਖਿਆ ਲਈ ਕੇਵਲ 8 ਕਰੋੜ ਰੁਪਏ ਦਾ ਬੱਜਟ ਰੱਖਿਆ ਜਾਂਦਾ ਹੈ, ਜੋ ਜਨਤਕ ਸਿੱਖਿਆ ਦੀਆਂ ਲੋੜਾਂ ਤੋਂ ਬਹੁਤ ਘੱਟ ਹੈ।

1947 ਵਿੱਚ ਭਾਰਤੀ ਆਜ਼ਾਦੀ ਪ੍ਰਾਪਤੀ ਉਪਰੰਤ ਭਾਰਤੀ ਸਿੱਖਿਆ ਨੀਤੀ ਸੰਬੰਧੀ ਕਈ ਸਿੱਖਿਆ ਕਮਿਸ਼ਨ ਬਿਠਾਏ ਗਏ, ਜਿਨ੍ਹਾਂ ਵਿੱਚੋਂ ਇੱਕ ਸੀ 1964-66 ਵਾਲਾ ਕੋਠਾਰੀ ਸਿੱਖਿਆ ਕਮਿਸ਼ਨ, ਜਿਸ ਨੇ ਭਾਰਤੀ ਸਕੂਲੀ ਅਤੇ ਉਚੇਰੀ ਸਿੱਖਿਆ ਸੰਬੰਧੀ ਆਪਣੀਆਂ ਸਿਫ਼ਾਰਸ਼ਾਂ 1966 ਵਿੱਚ ਕੀਤੀਆਂ ਸਨ। ਕੋਠਾਰੀ ਕਮਿਸ਼ਨ ਦੀਆਂ ਇਨ੍ਹਾਂ ਸਿਫ਼ਾਰਸ਼ਾਂ ਨੂੰ ਲੋਕ ਸਭਾ ਵੱਲੋਂ ਬਣਾਈ ਗਈ ਪਾਰਲੀਮੈਂਟਰੀ ਕਮੇਟੀ ਅਤੇ ਫਿਰ ਭਾਰਤੀ ਲੋਕ ਸਭਾ ਵੱਲੋਂ ਸਵੀਕਾਰ ਕਰਨ ਉਪਰੰਤ 1968 ਵਿੱਚ ਭਾਰਤ ਦੀ ਪਹਿਲੀ ਕੌਮੀ ਸਿੱਖਿਆ ਨੀਤੀ ਨਿਰਧਾਰਤ ਕੀਤੀ ਗਈ, ਜਿਸ ਅਨੁਸਾਰ ਸਰਕਾਰੀ ਜ਼ਿੰਮੇਵਾਰੀ ਅਧੀਨ ਭਾਰਤ ਦੇ ਸਾਰੇ ਬੱਚਿਆਂ ਨੂੰ ਗੁਣਾਤਮਕ ਅਤੇ ਇਕਸਾਰ ਸਿੱਖਿਆ ਪ੍ਰਾਪਤੀ ਦੇ ਅਵਸਰ ਉਪਲੱਬਧ ਕਰਵਾਉਣ ਲਈ "ਕਾਮਨ ਸਕੂਲ ਪ੍ਰਣਾਲੀ" ਸਥਾਪਤ ਕਰਨ ਦਾ ਫ਼ੈਸਲਾ ਲਿਆ ਗਿਆ।

1968 ਦੀ ਇਸ ਸਿੱਖਿਆ ਨੀਤੀ ਤੋਂ ਪਹਿਲਾਂ ਭਾਰਤ ਦੇ ਪੰਜਾਬ ਸੂਬੇ ਵਿੱਚ ਇੱਕ ਮਹੱਤਵਪੂਰਨ ਘਟਨਾ ਵਾਪਰੀ, ਜਿਸ ਦਾ ਜ਼ਿਕਰ ਸਾਡੀ ਵਿਚਾਰ-ਚਰਚਾ ਦਾ ਹਿੱਸਾ ਬਣਨਾ ਜ਼ਰੂਰੀ ਹੈ। ਪੰਜਾਬ ਵਿੱਚ 1957 ਦੇ ਸਾਲ ਤੋਂ ਪਹਿਲਾਂ ਪੰਜਾਬ ਦੇ ਜ਼ਿਲ੍ਹਾ ਬੋਰਡ ਸਕੂਲਾਂ ਦੇ ਅਧਿਆਪਕਾਂ ਦੇ ਜ਼ੋਰਦਾਰ ਜਮਹੂਰੀ ਸੰਘਰਸ਼ ਦੀ ਮੰਗ ਅਤੇ ਉਸ ਸਮੇਂ ਦੇ ਕੇਂਦਰੀ ਸਿੱਖਿਆ ਮੰਤਰੀ ਮਾਨਯੋਗ ਮੌਲਾਨਾ ਅਬਦੁੱਲ ਕਲਾਮ ਆਜ਼ਾਦ ਦੇ ਸੰਜੀਦਾ ਦਖ਼ਲ ਅਤੇ ਸਮਰਥਨ ਸਦਕਾ ਪੰਜਾਬ ਦੇ ਸਾਰੇ ਜ਼ਿਲ੍ਹਾ ਬੋਰਡ ਸਕੂਲ 1.10.1957 ਤੋਂ ਸਰਕਾਰੀ ਸਿੱਖਿਆ ਵਿਭਾਗ ਵਿੱਚ ਸ਼ਾਮਲ ਕੀਤੇ ਗਏ ਸਨ, ਜਿਸ ਨਾਲ ਪੰਜਾਬ ਦੀ ਸਰਕਾਰੀ 'ਸਿੱਖਿਆ ਪ੍ਰਣਾਲੀ' ਸਰਕਾਰੀ ਜ਼ਿੰਮੇਵਾਰੀ ਅਧੀਨ 'ਕਾਮਨ ਸਕੂਲ ਪ੍ਰਣਾਲੀ' ਬਣ ਗਈ ਸੀ। ਜਿਸ ਵਿੱਚ ਸੰਬੰਧਤ ਪਿੰਡਾਂ, ਕਸਬਿਆਂ ਅਤੇ ਸ਼ਹਿਰੀ ਬਸਤੀਆਂ ਦੇ ਸਾਰੇ ਬੱਚਿਆਂ ਨੂੰ ਇੱਕ ਸਾਂਝੇ ਸਕੂਲ ਦੇ ਸਾਂਝੇ ਕਮਰਿਆਂ ਵਿੱਚ ਇਕੱਠੇ ਸਿੱਖਿਆ ਪ੍ਰਾਪਤੀ ਦੇ ਇਕਸਾਰ ਅਵਸਰ ਪ੍ਰਾਪਤ ਹੋਏ। ਇਸ ਤਰ੍ਹਾਂ 1.10.1957 ਤੋਂ ਸਥਾਪਤ ਹੋਇਆ ਪੰਜਾਬ ਦਾ ਇਹ ਸਰਕਾਰੀ ਸਕੂਲ ਪ੍ਰਬੰਧ ਭਾਰਤ ਵਿੱਚ 'ਕਾਮਨ ਸਕੂਲ ਪ੍ਰਣਾਲੀ' ਦਾ ਇੱਕ ਸ਼ਾਨਦਾਰ ਪ੍ਰਦਰਸ਼ਨ ਸੀ। ਪੰਜਾਬ ਦੇ ਇਸ ਸਰਕਾਰੀ ਸਕੂਲ ਪ੍ਰਬੰਧ ਨੇ ਹੀ ਪੰਜਾਬ ਦੇ ਮਨੁੱਖੀ ਅਤੇ ਇਕਸਾਰ ਸਮਾਜਕ ਵਿਕਾਸ ਵਿੱਚ ਇਤਿਹਾਸਿਕ ਯੋਗਦਾਨ ਪਾਇਆ, ਜਿਸ ਨਾਲ ਪੰਜਾਬ ਦੇ ਆਰਥਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲਿਆ ਸੀ। ਇਸੇ ਸਰਕਾਰੀ ਸਕੂਲ ਪ੍ਰਬੰਧ ਨੇ ਪੰਜਾਬ ਵਿੱਚੋਂ ਵੱਡੀ ਗਿਣਤੀ ਵਿੱਚ ਇੰਜੀਨੀਅਰ, ਡਾਕਟਰ, ਅਧਿਆਪਕ, ਵਿਗਿਆਨੀ ਅਤੇ ਹੋਰ ਖੇਤਰਾਂ ਦੇ ਮਾਹਰ ਵੀ ਪੈਦਾ ਕੀਤੇ। ਚੰਗਾ ਹੋਵੇਗਾ ਜੇ ਇਸ ਨੂੰ ਵੀ ਵਿਚਾਰ-ਚਰਚਾ ਵਿੱਚ ਲਿਆਂਦਾ ਜਾਵੇ।

ਇਥੇ ਫਿਰ ਅੱਜ ਦੇ ਵਿਵਾਦ ਵੱਲ ਪਰਤਦਿਆਂ ਸਾਂਝਾ ਕੀਤਾ ਜਾਂਦਾ ਹੈ ਕਿ ਸਾਲ 1986 ਵਿੱਚ ਵੀ ਭਾਰਤੀ ਸਿੱਖਿਆ 'ਤੇ ਵਿਚਾਰ ਕਰਦਿਆਂ ਨਵੀਂ ਸਿੱਖਿਆ ਨੀਤੀ ਦੀ ਗੱਲ ਹੋਈ ਸੀ। ਪ੍ਰੰਤੂ ਇਸ ਵਿਚਾਰ-ਚਰਚਾ ਸੰਬੰਧੀ ਕੇਂਦਰੀ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੜਚੋਲ ਪੇਪਰ ਵਿੱਚ ਸਵੀਕਾਰ ਕੀਤਾ ਗਿਆ ਸੀ ਕਿ 1968 ਦੀ ਸਿੱਖਿਆ ਨੀਤੀ ਨੂੰ ਸੰਜੀਦਗੀ ਨਾਲ ਲਾਗੂ ਨਹੀਂ ਕੀਤਾ ਗਿਆ ਸੀ। ਉਸ ਸਮੇਂ ਭਾਵ 1986 ਵਿੱਚ ਹੀ ਇਸ ਵਿੱਚ ਰਹੀਆਂ ਘਾਟਾਂ ਨੂੰ ਪੂਰਾ ਕਰਨ ਲਈ ਇੱਕ ਪ੍ਰੋਗਰਾਮ "ਬਲੈਕ ਬੋਰਡ ਉਪਰੇਸ਼ਨ" ਦੇ ਨਾਂਅ 'ਤੇ ਨਿਰਧਾਰਤ ਕੀਤਾ ਗਿਆ ਅਤੇ 1992 ਵਿੱਚ ਇਸ 'ਤੇ ਮੁੜ ਵਿਚਾਰਨ ਦਾ ਫ਼ੈਸਲਾ ਵੀ ਕੀਤਾ ਗਿਆ। ਇਸ ਤ

22-APRIL-PAGE-5.qxd 4/21/2023 10:43 PM Page 1

ਰੇਤ ਦੀਆਂ ਖੱਡਾਂ ਚਾਲੂ ਕਰਨ ਸੰਬੰਧੀ ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਫਾਜ਼ਿਲਕਾ (ਕ੍ਰਿਸ਼ਨ ਸਿੰਘ)

ਫਾਜ਼ਿਲਕਾ 'ਚ ਰੇਤ ਦੀਆਂ ਖੱਡਾਂ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਜਨਰਲ ਰੇਤਾ ਵਰਕਰ ਯੂਨੀਅਨ ਜਿਨ (ਏਟਕ) ਤੇ ਕਿਸਾਨ ਯੂਨੀਅਨ ਏਕਤਾ ਮਾਨਸਾ ਵੱਲੋਂ ਡੀ ਸੀ ਫਾਜ਼ਿਲਕਾ ਨੂੰ ਇੱਕ ਸੌਂਪਿਆ ਮੰਗ ਪੱਤਰ ਸੌਂਪਿਆ ਗਿਆ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਮਾਨਸਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਤੇ ਹੋਰ ਆਗੂਆਂ ਨੇ ਕਿਹਾ ਕਿ ਉਹ 97 ਤੋਂ ਲੈ ਕੇ ਰੇਤ ਦੀਆਂ ਖੇਡਾਂ ਤੇ ਮਜ਼ਦੂਰੀ ਦਾ ਕੰਮ ਕਰਦੇ ਆ ਰਹੇ ਹਨ। ਸਾਲ 1997 ਵਿੱਚ ਉਨ੍ਹਾਂ ਦੀ ਜਨਰਲ ਰੇਤਾ ਵਰਕਰ ਯੂਨੀਅਨ (ਏਟਕ) ਬਣੀ ਸੀ, ਜਿਸ ਵਿੱਚ ਜ਼ਿਲ੍ਹਾ ਫਾਜ਼ਿਲਕਾ ਵਿਖੇ ਲਗਭਗ 2000 ਰੇਤਾ ਮਜ਼ਦੂਰ ਕੰਮ ਕਰਦੇ ਹਨ। ਇਨ੍ਹਾਂ ਤੋਂ ਇਲਾਵਾ ਟਰੈਕਟਰ ਟਰਾਲੀਆਂ ਚਾਲਕ ਵੱਡੀ ਗਿਣਤੀ ਵਿੱਚ ਰੇਤ ਦੀਆਂ ਖੱਡਾਂ 'ਤੇ ਨਿਰਭਰ ਹਨ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਕੁੱਝ ਸਮੇਂ ਤੋਂ ਲਗਭਗ 2 ਮਹੀਨੇ ਰੇਤ ਦਾ ਕੰਮ ਚਲਾਇਆ ਗਿਆ ਸੀ, ਪਰ ਕੋਈ ਠੋਸ ਪੌਲਸੀ ਨਾ ਹੋਣ ਕਾਰਨ ਰੇਤ ਖੱਡਾਂ ਸਹੀ ਢੰਗ ਨਾਲ ਨਹੀ ਚੱਲ ਰਹੀਆਂ ਅਤੇ ਨਾ ਹੀ ਇਸ ਪਾਲਿਸੀ ਵਿੱਚ ਮਜ਼ਦੂਰਾਂ ਦਾ ਮਜ਼ਦੂਰੀ ਦਾ ਰੇਟ ਸ਼ਾਮਲ ਕੀਤਾ ਗਿਆ ਹੈ, ਜਿਸ ਕਾਰਨ ਮਜ਼ਦੂਰਾਂ ਦੀ ਅੰਨ੍ਹੀਂ ਲੁੱਟ ਕੀਤੀ ਜਾਂਦੀ ਹੈ। ਉਨ੍ਹਾਂ ਯੂਨੀਅਨ ਵੱਲੋਂ ਮੰਗ ਕਰਦੇ ਕਿਹਾ ਕਿ ਜਿੱਥੇ ਵੀ ਰੇਤ ਦੀਆਂ ਖੱਡਾਂ ਚਲਾਈਆਂ ਜਾਣ, ਉਸ ਜਗ੍ਹਾ 'ਤੇ ਮਜ਼ਦੂਰਾਂ ਦਾ ਮਜ਼ਦੂਰੀ ਦੇ ਰੇਟ ਦਾ ਬੋਰਡ ਲਗਾਇਆ ਜਾਵੇ ਤੇ ਨਾਲ ਹੀ ਸਿਹਤ ਸਹੂਲਤਾਂ ਲਈ ਡਾਕਟਰੀ ਅਤੇ ਪੀਣ ਲਈ ਪਾਣੀ ਦਾ ਪ੍ਰਬੰਧ ਵੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਰੇਤ ਦੀਆਂ ਖੱਡਾਂ ਵਿੱਚ ਮਜ਼ਦੂਰਾਂ ਨੂੰ ਪੂਰਾ ਕੰਮ ਨਹੀਂ ਦਿੱਤਾ ਜਾ ਰਿਹਾ ਅਤੇ ਦੂਸਰੇ ਪਾਸੇ ਰੇਤ ਮਾਫੀਆ ਕੁੱਝ ਅਫਸਰਾਂ ਦੀ ਮਿਲੀਭੁਗਤ ਨਾਲ ਫਾਜ਼ਿਲਕਾ ਵਿਚ ਧੜੱਲੇ ਨਾਲ ਰੇਤ ਦੀ ਕਾਲਾ ਬਾਜ਼ਾਰੀ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਰੇਤ ਦੀ ਇਸ ਕਾਲਾ ਬਾਜ਼ਾਰੀ ਨੂੰ ਰੋਕਿਆ ਜਾਵੇ ਅਤੇ ਜ਼ਦੂਰਾਂ ਨੂੰ ਜਲਦੀ ਕੰਮ ਦਿਵਾਇਆ ਜਾਵੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਆਉਂਦੇ ਕੁੱਝ ਦਿਨਾਂ ਤੱਕ ਉਨ੍ਹਾਂ ਦੀਆਂ ਮੰਗਾ ਨਹੀਂ ਮੰਨੀਆਂ ਜਾਂਦੀਆਂ ਤਾਂ ਉਹ ਜ਼ਿਲ੍ਹਾ ਹੈੱਡਕੁਆਟਰਾਂ 'ਤੇ ਪੰਜਾਬ ਪੱਧਰ 'ਤੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ।

ਸਰਕਾਰ ਕਿਸਾਨਾਂ ਦੀਆਂ ਲਿਮਟਾਂ ਦੀ ਕਿਸ਼ਤ 6 ਮਹੀਨੇ ਅੱਗੇ ਪਾਵੇ ਤੇ ਵਿਆਜ ਮਾਫ ਕਰੇ : ਬਹਿਰਾਮਕੇ

ਜਾਣਕਾਰੀ ਦਿੰਦੇ ਹੋਏ ਬਲਵੰਤ ਸਿੰਘ ਬਹਿਰਾਮਕੇ ਸੂਬਾ ਪ੍ਰਧਾਨ ਅਤੇ ਅਹੁਦੇਦਾਰ।

ਕੋਟ ਈਸੇ ਖਾਂ (ਅਰੋੜਾ)

ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮਕੇ, ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ ਨੇ ਇੱਕ ਸਾਂਝੇ ਬਿਆਨ ਰਾਹੀਂ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਅੰਦਰ ਬਹੁਤ ਥਾਵਾਂ 'ਤੇ ਭਾਰੀ ਬਾਰਸ਼, ਗੜੇਮਾਰੀ ਨੇ ਕਿਸਾਨਾਂ ਦੀਆਂ ਫਸਲਾਂ, ਸਬਜ਼ੀਆਂ, ਬਾਗਬਾਨੀ, ਵਗੈਰਾ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਭਾਵੇਂ ਸਰਕਾਰ ਨੇ ਗਿਰਦਾਵਰੀਆਂ ਕਰਵਾ ਲਈਆਂ ਹਨ ਪਰ 90 ਤੋਂ 100% ਹੋਏ ਨੁਕਸਾਨ ਦਾ ਸਰਕਾਰ ਪ੍ਰਤੀ ਏਕੜ ਦੇ ਪੂਰਾ ਬਣਦਾ ਮੁਆਵਜ਼ਾ ਨਹੀਂ ਦੇ ਰਹੀ, ਇਸ ਗੱਲ ਦੀ ਚਿੰਤਾ ਕਿਸਾਨਾਂ ਨੂੰ ਸਤਾ ਰਹੀ ਹੈ ਕਿਉਂਕਿ ਫਸਲਾਂ ਤੇ ਲਾਗਤ ਖਰਚੇ ਬਹੁਤ ਵਧ ਚੁੱਕੇ ਹਨ, ਉਪਰੋਂ ਕੇਂਦਰ ਸਰਕਾਰ ਵੱਲੋਂ ਵੈਲਿਯੂ ਕੱਟ ਲਾਉਣ ਦਾ ਫੁਰਮਾਨ ਜਾਰੀ ਕਰ ਦਿੱਤਾ ਹੈ। ਇੱਕ ਪਾਸੇ ਕੁਦਰਤ ਦੀ ਕ੍ਰੋਪੀ , ਦੂਜੇ ਕੇਂਦਰ ਸਰਕਾਰ ਦੀ ਮਾਰ। ਇਸ ਪਾਰੋਂ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੰਦੇ ਹਾਂ ਕਿ ਇਹ ਦੋਹਰਾ ਮਾਪਦੰਡ ਬੰਦ ਕੀਤਾ ਜਾਵੇ ਤੇ ਕਿਸਾਨਾਂ ਦੀ ਫਸਲ ਦੇ 2125 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਦਿੱਤੇ ਜਾਣ । ਬਹਿਰਾਮਕੇ ਨੇ ਕਿਹਾ ਕਿ ਕੁਦਰਤੀ ਮਾਰ ਹੇਠ ਆਏ ਪੀੜਤ ਕਿਸਾਨਾਂ ਦੀਆਂ ਲਿਮਟਾਂ ਦੀ ਕਿਸ਼ਤ ਛੇ ਮਹੀਨੇ ਅੱਗੇ ਪਾਈ ਜਾਵੇ ਤੇ ਵਿਆਜ ਮਾਫ ਕੀਤਾ ਜਾਵੇ। ਖੇਤੀਬਾੜੀ ਵਾਸਤੇ ਡੀਜ਼ਲ ਅੱਧੇ ਭਾਅ ਵਿੱਚ ਮਹੱਈਆ ਕਰਾਇਆ ਜਾਵੇ ਤਾਂ ਜੋ ਕਿਸਾਨ ਆਪਣੀ ਝੋਨੇ ਦੀ ਫ਼ਸਲ ਦੀ ਤਿਆਰੀ ਕਰ ਸਕੇ। ਸਵਾਮੀਨਾਥਨ ਦੀ ਰਿਪੋਰਟ ਦੀ ਮੰਗ ਕਰਦਿਆਂ ਦਹਾਕੇ ਬੀਤ ਚੁਕੇ ਹਨ ਪਰ ਅਜੇ ਤੱਕ ਕਿਸੇ ਸਰਕਾਰ ਨੇ ਕਿਸਾਨਾਂ ਦੀ ਇਸ ਮੰਗ ਨੂੰ ਪੂਰਾ ਨਹੀਂ ਕੀਤਾ। ਜੇਕਰ ਸਰਕਾਰਾਂ ਇਨ੍ਹਾਂ ਮੰਗਾਂ 'ਤੇ ਗੌਰ ਨਹੀ ਕਰਦੀਆ ਤਾਂ ਜਥੇਬੰਦੀਆਂ ਸੰਘਰਸ਼ ਦੀ ਅਗਲੀ ਰਣਨੀਤੀ ਤਿਆਰ ਕਰਨਗੀਆਂ। ਇਸ ਮੌਕੇ ਮਲਕੀਤ ਸਿੰਘ ਅਮੀਵਾਲਾ ਸੂਬਾ ਸਕੱਤਰ, ਬਾਜ ਸਿੰਘ ਸੰਗਲਾ ਐਗਜੈਕਟਿਵ ਮੈਂਬਰ ਪੰਜਾਬ, ਗੁਰਮੇਲ ਸਿੰਘ ਗਿੱਲ ਇਕਾਈ ਪ੍ਰਧਾਨ, ਕਰਨੈਲ ਸਿੰਘ ਅਮੀਵਾਲਾ, ਜਰਨੈਲ ਸਿੰਘ, ਬਚਿੱਤਰ ਸਿੰਘ ਆਦਿ ਕਿਸਾਨ ਹਾਜ਼ਰ ਸਨ।

ਮਾਨ ਸਰਕਾਰ ਦੇ ਇੱਕ ਸਾਲਾ ਸ਼ਾਸਨ ਦੌਰਾਨ ਮਜ਼ਦੂਰ ਨਿਰਾਸ਼ਤਾ ਦੇ ਆਲਮ 'ਚ : ਸਮਾਓਂ

ਮੋਰਚਾ 264ਵੇਂ ਦਿਨ 'ਚ ਹੋਇਆ ਦਾਖਲ

ਮਾਨਸਾ (ਆਤਮਾ ਸਿੰਘ ਪਮਾਰ)-ਮਜ਼ਦੂਰ ਮੁਕਤੀ ਮੋਰਚਾ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਏ ਡੀ ਸੀ ਵਿਕਾਸ ਦਫਤਰ ਅੱਗੇ ਚੱਲ ਰਿਹਾ ਦਿਨ-ਰਾਤ ਦਾ ਪੱਕਾ ਮਜ਼ਦੂਰ ਮੋਰਚਾ 264ਵੇਂ ਦਿਨ ਵੀ ਜਾਰੀ ਹੈ। ਇਸ ਸਮੇਂ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕਿਹਾ ਕਿ ਅਕਾਲੀਆਂ, ਕਾਂਗਰਸੀਆਂ ਦੇ 75 ਸਾਲਾਂ ਤੋਂ ਲੁੱਟ ਜਬਰ ਤੋਂ ਅੱਕੇ ਗਰੀਬਾਂ, ਨੌਜਵਾਨਾਂ ਨੇ ਆਪ ਪਾਰਟੀ ਤੋਂ ਸੱਚੇ ਸਿਆਸੀ ਬਦਲਾਅ ਦੀ ਉਮੀਦ ਨਾਲ ਵੋਟਾਂ ਪਾਈਆਂ ਸਨ, ਪਰ ਮਾਨ ਸਰਕਾਰ ਨੇ ਤਾਂ ਇੱਕ ਸਾਲ ਵਿੱਚ ਪੰਜਾਬ ਦੇ ਗਰੀਬਾਂ ਪੱਲੇ ਨਿਰਾਸ਼ਤਾ ਹੀ ਪਾਈ ਹੈ। ਉਨ੍ਹਾ ਕਿਹਾ ਕਿ ਸੱਤਾਧਾਰੀ ਹਾਕਮਾਂ ਸਮੇਤ ਰਾਜਨੀਤਕ ਪਾਰਟੀਆਂ ਦੇ ਮਨੂੰਵਾਦੀ ਲੀਡਰ 85% ਬਹੁਜਨ ਸਮਾਜ ਨੂੰ ਗੁਲਾਮ ਬਣਾਉਣਾ ਚਾਹੁੰਦੇ ਹਨ। ਉਨ੍ਹਾ ਕਿਹਾ ਕਿ ਮਜ਼ਦੂਰ ਵਰਗ ਨੂੰ ਸਾਰੀਆਂ ਰਾਜਨੀਤਕ, ਪਾਰਟੀਆਂ ਦੇ ਝੰਡੇ ਛੱਡ ਕੇ ਆਪਣੇ ਹੱਕਾਂ ਦੀ ਖਾਤਰ ਵਿਰੋਧੀ ਝੰਡਾ ਚੁੱਕਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਅੱਜ ਮਾਨ ਸਰਕਾਰ ਤਾਂ ਦਲਿਤਾਂ ਨੂੰ ਨਜ਼ਰਅੰਦਾਜ਼ ਕਰ ਹੀ ਰਹੀ ਹੈ, ਉਥੇ ਦੂਸਰੀਆਂ ਰਾਜਨੀਤਕ ਪਾਰਟੀਆਂ ਵੀ ਮਜ਼ਦੂਰਾਂ ਦੇ ਹੱਕ ਵਿੱਚ ਆਵਾਜ਼ ਨਹੀਂ ਉਠਾ ਰਹੀਆਂ। ਉਨ੍ਹਾ ਕਿਹਾ ਕਿ ਰਾਜਨੀਤੀ 'ਤੇ ਕਾਬਜ਼ ਜੱਟਵਾਦ ਤੇ ਬ੍ਰਾਹਮਣਵਾਦੀ ਲੀਡਰਾਂ ਤੋਂ ਦਲਿਤ ਸਮਾਜ ਦੇ ਭਲੇ ਦੀ ਉਮੀਦ ਕਰਨਾ ਮੂਰਖਤਾ ਤੋਂ ਵੱਧ ਕੁਝ ਵੀ ਨਹੀਂ ਹੈ।

ਉਨ੍ਹਾ ਕਿਹਾ ਕਿ ਮਾਨਸਾ ਵਿਖੇ ਮਜ਼ਦੂਰ ਮੰਗਾਂ ਲਈ ਪਿਛਲੇ ਅੱਠ ਮਹੀਨਿਆਂ ਤੋਂ ਧਰਨਾ ਦੇ ਰਹੇ ਹਨ, ਪਰ ਸਰਕਾਰ ਸਮੇਤ ਕਿਸੇ ਵੀ ਰਾਜਨੀਤਕ ਪਾਰਟੀ ਨੇ ਮਜ਼ਦੂਰਾਂ ਵੱਲ ਧਿਆਨ ਦੇਣ ਦਾ ਜੋਖਮ ਨਹੀਂ ਉਠਾਇਆ, ਜਿਸ ਤੋਂ ਸਾਬਿਤ ਹੋ ਜਾਂਦਾ ਹੈ ਕਿ ਸੱਤਾਧਾਰੀ ਹਾਕਮ ਦਲਿਤਾਂ ਨੂੰ ਸਿਰਫ ਵੋਟ ਬੈਂਕ ਹੀ ਸਮਝਦੇ ਹਨ। ਉਨ੍ਹਾ ਜਲੰਧਰ ਲੋਕ ਸਭਾ ਹਲਕੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਇਸ ਵਾਰ ਆਪਣੇ ਵੋਟ ਦਾ ਇਸਤੇਮਾਲ ਸੋਚ ਸਮਝ ਕੇ ਹੀ ਕਰਨ। ਇਸ ਮੌਕੇ ਜਰਨੈਲ ਸਿੰਘ ਮਾਨਸਾ, ਦਰਸ਼ਨ ਸਿੰਘ ਦਾਨੇਵਾਲਾ, ਮਨਜੀਤ ਕੌਰ ਜੋਗਾ, ਸੁਖਵੀਰ ਸਿੰਘ ਖਾਰਾ, ਕਮਲਪ੍ਰੀਤ ਕੌਰ ਝੁਨੀਰ, ਹਾਕਮ ਸਿੰਘ ਖਿਆਲਾ, ਜੱਗਾ ਸਿੰਘ ਰੱਲਾ ਆਦਿ ਮੌਜੂਦ ਸਨ।

ਕਾਤਰਾਂ

ਸਕੂਲ 'ਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ

ਸਮਰਾਲਾ (ਸੁਰਜੀਤ ਸਿੰਘ)-ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ 'ਚ ਨਵੇਂ ਵਿਦਿਅਕ ਸੈਸ਼ਨ ਦੀ ਆਰੰਭਤਾ ਨੂੰ ਮੁੱਖ ਰੱਖ ਕੇ ਸਕੂਲ 'ਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਜਿਸ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ, ਮੈਨੇਜਮੈਂਟ ਅਤੇ ਸਮੂਹ ਸਟਾਫ ਹਾਜ਼ਰ ਹੋਏ। ਇਸ ਮੌਕੇ ਸਕੂਲ ਚੇਅਰਪਰਸਨ ਕੁਲਵਿੰਦਰ ਕੌਰ ਬੈਨੀਪਾਲ, ਪ੍ਰੈਜ਼ੀਡੈਂਟ ਅਨਿਲ ਵਰਮਾ, ਪ੍ਰਿੰਸੀਪਲ ਮੋਨਿਕਾ ਮਲਹੋਤਰਾ, ਰਮਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਘਲੋਟੀ, ਲਖਵੰਤ ਕੌਰ, ਸਟਾਫ ਮੈਂਬਰ ਅਤੇ ਬੱਚੇ ਵੀ ਸ਼ਾਮਲ ਸਨ। ਸਕੂਲ ਪ੍ਰਿੰਸੀਪਲ ਮੋਨਿਕਾ ਮਲਹੋਤਰਾ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਅਰਦਾਸ ਕੀਤੀ ਕਿ ਵਿਦਿਆਰਥੀ ਪੜ੍ਹਾਈ ਦੇ ਨਾਲ ਖੇਡਾਂ 'ਚ ਵੀ ਸਕੂਲ ਦਾ ਨਾਂਅ ਰੋਸ਼ਨ ਕਰਨ।

ਕੌਮੀ ਲੋਕ ਅਦਾਲਤ 13 ਮਈ ਨੂੰ

ਮਾਨਸਾ (ਆਤਮਾ ਸਿੰਘ ਪਮਾਰ)-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੈਡਮ ਸ਼ਿਲਪਾ ਵਰਮਾ ਨੇ ਦੱਸਿਆ ਕਿ 13 ਮਈ ਨੂੰ ਜ਼ਿਲ੍ਹੇ ਦੀਆਂ ਅਦਾਲਤਾਂ 'ਚ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 13 ਮਈ ਨੂੰ ਲੱਗ ਰਹੀ ਕੌਮੀ ਲੋਕ ਅਦਾਲਤ ਦਾ ਲਾਹਾ ਲੈਣ ਤੇ ਵੱਧ ਤੋਂ ਵੱਧ ਕੇਸਾਂ ਨੂੰ ਲਗਾ ਕੇ ਸਸਤਾ ਤੇ ਛੇਤੀ ਨਿਆਂ ਹਾਸਲ ਕਰਨ। ਉਨ੍ਹਾ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮੰਤਵ ਸਮਝੌਤੇ/ਰਾਜ਼ੀਨਾਮੇ ਰਾਹੀਂ ਅਦਾਲਤੀ ਕੇਸਾਂ ਦਾ ਫੈਸਲਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੀ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਉਨ੍ਹਾ ਕਿਹਾ ਕਿ ਗੰਭੀਰ ਕਿਸਮ ਦੇ ਫ਼ੌਜਦਾਰੀ ਕੇਸਾਂ ਨੂੰ ਛੱਡ ਕੇ ਹਰ ਤਰ੍ਹਾਂ ਦੇ ਕੇਸ ਜੋ ਵੱਖ-ਵੱਖ ਅਦਾਲਤਾਂ ਵਿੱਚ ਲੰਬਿਤ ਪਏ ਹਨ, ਲੋਕ ਅਦਾਲਤਾਂ 'ਚ ਫੈਸਲੇ ਲਈ ਸ਼ਾਮਲ ਕੀਤੇ ਜਾ ਸਕਦੇ ਹਨ। ਉਨ੍ਹਾ ਕਿਹਾ ਕਿ ਲੋਕ ਅਦਾਲਤ 'ਚ ਕੇਸ ਲਗਾਉਣ ਦੇ ਚਾਹਵਾਨ ਵਿਅਕਤੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਲਿਖਤੀ ਦਰਖਾਸਤ ਰਾਹੀਂ ਬੇਨਤੀ ਕਰ ਸਕਦੇ ਹਨ।

ਭਾਰਤੀਆ ਸਕੂਲ 'ਚ ਮੁਫਤ ਕਾਨੂੰਨੀ ਸੇਵਾਵਾਂ ਸੰਬੰਧੀ ਕੈਂਪ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ. ਜੇ. ਐੱਮ. ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਸੁਰੇਸ਼ ਕੁਮਾਰ ਗੋਇਲ ਵੱਲੋਂ ਵਿਦਿਆਰਥੀਆਂ ਵਿੱਚ ਕਾਨੂੰਨੀ ਜਾਗਰੂਕਤਾ ਫੈਲਾਉਣ ਦੀ ਮੁਹਿੰਮ ਤਹਿਤ ਭਾਰਤੀਆ ਮਾਡਲ ਸਕੂਲ ਰਾਮਪੁਰਾ ਫੂਲ ਵਿਖੇ ਮੁਫਤ ਕਾਨੂੰਨੀ ਸੇਵਾਵਾਂ ਸਬੰਧੀ ਕੈਂਪ ਲਾਇਆ ਗਿਆ। ਇਸ ਦੌਰਾਨ ਮੁਫਤ ਕਾਨੂੰਨੀ ਸੇਵਾਵਾਂ ਜਿਵੇਂ ਕਿ ਮੁਫਤ ਵਕੀਲ ਦੀ ਸਹੂਲਤ, ਐਕਸੀਡੈਂਟ, ਬਲਾਤਕਾਰ, ਤੇਜ਼ਾਬੀ ਹਮਲੇ ਦੇ ਪੀੜਤ, ਕੌਮੀ ਲੋਕ ਅਦਾਲਤ ਤੇ ਮੀਡੀਏਸ਼ਨ ਭਾਵ ਵਿਚੋਲਗੀ ਦੀ ਪ੍ਰਣਾਲੀ ਰਾਹੀਂ ਝਗੜੇ ਨਿਬੇੜਨ ਦੀ ਪ੍ਰਣਾਲੀ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਉਪਮਾ ਮੈਡਮ ਨੇ ਜੱਜ ਸਾਹਿਬ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਫਤਰ ਇੰਚਾਰਜ ਗਗਨ ਦੀਪ, ਸਕੂਲ ਕਮੇਟੀ ਦੇ ਪ੍ਰਧਾਨ ਸ਼ਸ਼ੀ ਰਾਜ ਤੇ ਮੈਂਬਰ ਅਜੀਤ ਅਗਰਵਾਲ ਸ਼ਾਮਲ ਹੋਏ।

ਜੰਮੂ ਅੱਤਵਾਦੀ ਹਮਲੇ 'ਚ ਚੜਿੱਕ ਦਾ ਜਵਾਨ ਸ਼ਹੀਦ, ਸਸਕਾਰ ਅੱਜ

ਮੋਗਾ (ਅਮਰਜੀਤ ਬੱਬਰੀ)-ਜੰਮੂ-ਪੁਣਛ ਹਾਈਵੇ 'ਤੇ ਸੰਗਯੋਟ ਇਲਾਕੇ 'ਚ ਫੌਜ ਦੀ ਇਕ ਗੱਡੀ ਤੇ ਹੋਏ ਅੱਤਵਾਦੀ ਹਮਲੇ ਦੌਰਾਨ ਅੱਗ ਲੱਗਣ ਕਾਰਨ ਪੰਜ ਸ਼ਹੀਦ ਹੋਏ ਜਵਾਨਾਂ 'ਚ ਇੱਕ ਜਵਾਨ ਮੋਗਾ ਜ਼ਿਲ੍ਹਾ ਦੇ ਪਿੰਡ ਚੜਿੱਕ ਪੱਤੀ ਜਗੀਰ ਦਾ ਕੁਲਵੰਤ ਸਿੰਘ ਹੈ, ਜਿਸ ਕਾਰਨ ਨਗਰ ਤੇ ਇਲਾਕੇ 'ਚ ਸੋਗ ਦੀ ਲਹਿਰ ਫੈਲ ਗਈ ਹੈ। ਪਿੰਡ ਚੜਿੱਕ ਨਾਲ ਸਬੰਧਤ ਫ਼ੌਜੀ ਜਵਾਨ ਕੁਲਵੰਤ ਸਿੰਘ 35 ਸਾਲ ਦੇ ਸਨ ਤੇ ਇਹ ਬੀਤੇ ਕੱਲ੍ਹ ਪੁੰਛ ਜੰਮੂ ਹਾਈਵੇ 'ਤੇ ਸੈਨਾ ਦੀ ਗੱਡੀ 'ਤੇ ਹੋਏ ਅੱਤਵਾਦੀ ਹਮਲੇ ਦੌਰਾਨ ਸ਼ਹਾਦਤ ਦਾ ਜਾਮ ਪੀ ਗਏ। ਸ਼ਹੀਦ ਕੁਲਵੰਤ ਸਿੰਘ ਦੇ ਪਿਤਾ ਵੀ ਕਾਰਗਿਲ ਯੁੱਧ ਦੌਰਾਨ ਸ਼ਹਾਦਤ ਦਾ ਜਾਮ ਪੀ ਗਏ ਸਨ। ਉਸ ਸਮੇਂ ਕੁਲਵੰਤ ਸਿੰਘ ਦੀ ਉਮਰ ਮਹਿਜ ਦੋ ਸਾਲ ਸੀ, ਪਰ ਆਪਣੇ ਪਿਤਾ ਵਾਂਗ ਦੇਸ਼ ਸੇਵਾ ਦੀ ਭਾਵਨਾ ਲੈ ਕੇ ਕੁਲਵੰਤ ਸਿੰਘ ਵੀ ਫੌਜ ਵਿੱਚ ਭਾਰਤ ਹੋਇਆ ਤੇ ਦੇਸ਼ ਲਈ ਜਿੰਦਜ਼ੀ ਵਾਰ ਦਿੱਤੀ। ਸ਼ਹੀਦ ਕੁਲਵੰਤ ਸਿੰਘ ਆਪਣੇ ਪਿੱਛੇ ਆਪਣੀ ਪਤਨੀ, 2 ਸਾਲਾ ਪੁੱਤਰੀ ਤੇ ਛੇ ਮਹੀਨੇ ਦੇ ਪੁੱਤਰ ਤੋਂ ਇਲਾਵਾ ਪਤਨੀ ਹਰਦੀਪ ਕੌਰ, ਮਾਤਾ ਹਰਜਿੰਦਰ ਕੌਰ ਸਮੇਤ ਭੈਣ-ਭਰਾਵਾਂ ਤੇ ਪਰਿਵਾਰਕ ਮੈਂਬਰਾਂ ਨੂੰ ਰੋਂਦੇ ਕੁਰਲਾਉਂਦੇ ਛੱਡ ਗਿਆ ਹੈ। ਸ਼ਹੀਦ ਦਾ ਅੰਤਿਮ ਸੰਸਕਾਰ ਜੱਦੀ ਪਿੰਡ ਚੜਿੱਕ ਵਿਖੇ 22 ਅਪ੍ਰੈਲ ਨੂੰ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇਗਾ।

ਇਸ ਮੌਕੇ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਕੁਲਵੰਤ ਸਿੰਘ ਦੀ ਸ਼ਹੀਦੀ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪਰਵਾਰ ਨਾਲ ਹਮਦਰਦੀ ਜ਼ਾਹਰ ਕੀਤੀ ਹੈ। ਡਾ. ਅਮਨਦੀਪ ਕੌਰ ਅਰੋੜਾ ਤੋਂ ਇਲਾਵਾ 'ਮਹਿਕ ਵਤਨ ਦੀ ਲਾਈਵ' ਬਿਓਰੋ

page-6-22-(APRIL)-2023-G-(BV).qxd 4/21/2023 10:47 PM Page 1

ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਰੋਸ ਮਾਰਚ ਦਾ ਸੱਦਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਚੰਡੀਗੜ੍ਹ ਵਿੱਚ ਪੰਜਾਬੀ ਭਾਸ਼ਾ ਨੂੰ ਪਹਿਲੀ ਅਤੇ ਪ੍ਰਸ਼ਾਸਕੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਲਗਾਤਾਰ ਸੰਘਰਸ਼ ਕਰਦੀ ਆ ਰਹੇ ਚੰਡੀਗੜ੍ਹ ਪੰਜਾਬੀ ਮੰਚ ਵੱਲੋਂ 1 ਜੂਨ ਦੇ ਪੈਦਲ ਰੋਸ ਮਾਰਚ ਵਾਸਤੇ ਲੋਕਾਂ ਦੀ ਲਾਮਬੰਦੀ ਲਈ ਪਿੰਡ ਕਜਹੇੜੀ ਦੇ ਗੁਰਦੁਆਰਾ ਸਾਹਿਬ ਵਿਖੇ ਮੀਟਿੰਗ ਕੀਤੀ ਗਈ। ਮੰਚ ਦੇ ਪ੍ਰਧਾਨ ਸੁਖਜੀਤ ਸਿੰਘ ਸੁੱਖਾ ਅਤੇ ਜਨਰਲ ਸਕੱਤਰ ਕਾਮਰੇਡ ਦੇਵੀ ਦਿਆਲ ਸ਼ਰਮਾ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਅਵਤਾਰ ਸਿੰਘ, ਸ਼ਰਨਜੀਤ ਸਿੰਘ ਬੈਦਵਾਨ ਰਾਏਪੁਰ ਕਲਾਂ, ਬਲਕਾਰ ਸਿੱਧੂ, ਜੋਗਾ ਸਿੰਘ, ਮਹਿੰਦਰ ਸਿੰਘ, ਪਰਲਾਦ ਸਿੰਘ, ਸ਼ਕੀਲ ਮੁਹੰਮਦ, ਗਿਆਨ ਚੰਦ ਆਦਿ ਨੇ ਵੀ ਸੰਬੋਧਨ ਕੀਤਾ। ਬੁਲਾਰਿਆਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਬੋਲੀ ਸਾਡੀ ਪਹਿਚਾਣ ਹੈ ਪ੍ਰੰਤੂ ਯੂ.ਟੀ. ਚੰਡੀਗੜ੍ਹ ਪ੍ਰਸ਼ਾਸਨ ਇਸ ਖਿੱਤੇ ਦੀ ਮਾਂ ਬੋਲੀ ਪੰਜਾਬੀ ਨੂੰ ਵਿਸਾਰ ਕੇ ਜ਼ਬਰਦਸਤੀ ਅੰਗਰੇਜ਼ੀ ਭਾਸ਼ਾ ਥੋਪਣ ਵਿੱਚ ਜੁੱਟਿਆ ਹੋਇਆ ਹੈ। ਇਸ ਲਈ ਇਸ ਪੰਜਾਬੀ ਮਾਂ ਬੋਲੀ ਵਿਰੋਧੀ ਪ੍ਰਸ਼ਾਸਨ ਖਿਲਾਫ਼ 1 ਜੂਨ ਨੂੰ ਕੀਤੇ ਜਾਣ ਵਾਲੇ ਰੋਸ ਮਾਰਚ ਵਿੱਚ ਵੱਧ ਤੋਂ ਵੱਧ ਪੰਜਾਬੀ ਹਿਤੈਸ਼ੀ ਸ਼ਮੂਲੀਅਤ ਕਰਨ। ਇਹ ਪੈਦਲ ਰੋਸ ਮਾਰਚ 1 ਜੂਨ ਦੀ ਸਵੇਰ 11 ਵਜੇ ਮੱਖਣ ਸ਼ਾਹ ਲੁਬਾਣਾ ਭਵਨ ਸੈਕਟਰ 30 ਤੋਂ ਸ਼ੁਰੂ ਹੋ ਕੇ ਸੈਕਟਰ 22 ਸਥਿਤ ਗੁਰਦੁਆਰਾ ਸਾਹਿਬ ਵਿਖੇ ਜਾ ਕੇ ਸਮਾਪਤ ਹੋਵੇਗਾ।

ਆ ਗਿਆ ਗੁਰੂ ਭੱਟੀ ਦਾ ਫਿਟਨੇਸ ਮੇਲਾ

ਜਲੰਧਰ(ਰਾਜੇਸ਼ ਬਾਪਾ)-ਫੇਰ ਆ ਰਿਹਾ ਹੈ ਗੁਰੂ ਭੱਟੀ ਦਾ ਫਿਟਨੇਸ ਮੇਲਾ, ਜਿਨ੍ਹਾਂ ਨੇ ਸ਼ੂਗਰ, ਥਾਇਰਾਇਡ, ਬੀਪੀ ਵਰਗੀਆਂ ਕਈ ਬਿਮਾਰੀਆਂ ਸਿਰਫ ਕੁਝ ਦਿਨਾਂ 'ਚ ਹੀ ਆਪਣੇ ਵਰਕਆਉਟ ਤੇ ਡਾਇਟ ਰਾਹੀਂ ਠੀਕ ਕੀਤੀਆਂ ਹਨ। ਇਹ 10-16 ਕਿਲੋ ਦਾ ਵੇਟ ਇਕ ਮਹੀਨੇ 'ਚ ਘਟਾ ਰਹੇ ਹਨ। ਯੂ ਟਿਊਬ ਅਤੇ ਇਸੰਟਾਗਰਾਮ ਤੇ ਇਨਾਂ ਦੀ ਆਈ ਡੀ ਹੈ ਫਿਟਨਸ ਗੁਰੂ ਭੱਟੀ ਅਤੇ ਇਨਾਂ ਨੇ ਬਹੁਤ ਸਾਰੇ ਮੁੰਡੇ ਆਪਣੀ ਗਾਈਡੈਂਸ ਰਾਹੀ ਬਾਡੀ ਬਿਲਡਰ ਵੀ ਬਣਾਏ ਹਨ।

ਪੁੰਛ 'ਚ ਫੌਜੀ ਹਮਲੇ ਦੀ ਜਾਂਚ ਕਰਵਾਈ ਜਾਣੀ ਚਾਹੀਦੀ : ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਜੰਮੂ-ਕਸ਼ਮੀਰ ਦੇ ਪੁੰਛ ਖੇਤਰ ਵਿਚ ਇਕ ਗੁਰੀਲੇ ਹਮਲੇ ਵਿਚ ਪੰਜ ਚਾਰ ਸਿੱਖ ਜਵਾਨਾਂ ਦੇ ਸ਼ਹੀਦ ਹੋ ਜਾਣ ਤੇ ਨਿਹੰਗ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਬੁੱਢਾ ਦਲ ਨੇ ਗਹਿਰੇ ਦੁਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਗੁਰੀਲੇ ਹਮਲੇ ਵਿਚ ਰਾਸ਼ਟਰੀ ਰਾਈਫਲਜ਼ ਦੇ ਹੌਲਦਾਰ ਮਨਦੀਪ ਸਿੰਘ ਪਿੰਡ ਚਣਕੋਈਆਂ, ਲਾਂਸਨਾਇਕ ਕੁਲਵੰਤ ਸਿੰਘ ਪਿੰਡ ਚੜਿਕ, ਸਿਪਾਹੀ ਹਰਕ੍ਰਿਸ਼ਨ ਸਿੰਘ ਪਿੰਡ ਤਲਵੰਡੀ ਭਰਥ, ਸਿਪਾਹੀ ਸੇਵਕ ਸਿੰਘ ਪਿੰਡ ਬਾਘਾ, ਲਾਂਸਨਾਇਕ ਦੇ ਸੀਸ਼ ਬਸਵਾਲ ਉੜੀਸਾ ਸ਼ਹੀਦ ਹੋ ਗਏ ਹਨ। ਉਨ੍ਹਾਂ ਸ਼ਹੀਦਾਂ ਦੇ ਪਰਿਵਾਰਾਂ ਨਾਲ ਹਮਦਰਦੀ ਤੇ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਅਕਾਲ ਪੁਰਖ ਦੇ ਭਾਣੇ ਅੱਗੇ ਮਨੁੱਖੀ ਸਰੀਰਾਂ ਦਾ ਕੋਈ ਜ਼ੋਰ ਨਹੀਂ ਚਲਦਾ ਪਰ ਇਹ ਦੇਸ਼ ਕੌਮ ਦੇ ਸ਼ਹੀਦ ਹਨ। ਉਨ੍ਹਾਂ ਕਿਹਾ ਕਿ ਸਾਰੇ ਸਿੱਖ ਫੌਜੀ ਇਕੋ ਗੱਡੀ ਵਿਚ ਸ਼ਹੀਦ ਹੋ ਜਾਣੇ ਕਈ ਤਰ੍ਹਾਂ ਦੇ ਸਵਾਲ ਤੇ ਸ਼ੰਕੇ ਪੈਦਾ ਕਰਦੇ ਹਨ। ਉਨ੍ਹਾਂ ਪ੍ਰਧਾਨ ਮੰਤਰੀ ਅਤੇ ਡਿਫੈਂਸ ਮੰਤਰੀ ਤੋਂ ਮੰਗ ਕੀਤੀ ਹੈ ਇਸ ਘਟਨਾ ਦੀ ਡੂੰਘਾਈ ਨਾਲ ਜਾਂਚ ਕਰਵਾਈ ਜਾਣੀ ਚਾਹੀਦੀ ਹੈ।

Civil Courts Ludhiana

In the Court of Sh. Sumit Makkar Addl. Civil Judge (Senior Division) Ludhiana.

Publication Notice in Petition Under the Indian Succession Act 1925

CNR No. PBLD02-004878-2023
Next Date : 8.5.2023

1. Nisha Jain W/o Vishal Jain and D/o Shri Subhash Chander Jain R/o 91-C, Udham Singh Nagar, Ludhiana 2. Ruchi Jain W/o Vikas Jain and D/o Shri Subhash Chander Jain R/o H.No. 44, Kucha Dewan Bishan Dass, Link Road, Jammu. (Petitioners)

Versus

General Public

Notice to : General Public

Whereas the above named petitioner "Nisha Jain and Ruchi Jain" has filed petition for the grant of Succession Certificate regarding the assets left by the Subhash Chander Jain who died on 4.9.2020 and Parveen Jain W/o Subhash Chander Jain who died on 1.9.2020, in this Court.

Notice is issued in the name of "General Public" that in case anybody has any objection for the grant of succession certificate, he/she can file objection to the same on or before 8.5.2023, failing which the petition shall be decided in accordance with law.

For details logon to https://highcourtchd.gov.in/?trs=district notice&district=ludhiana

Addl. Civil Judge (Senior Division) Ludhiana.
Dated, this day of 21.4.2023

ਪਬਲਿਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੁਖਵਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਵਾ ਸ਼ਰਮੀਲਾ ਦੇਵੀ ਪਤਨੀ ਸੁਖਵਿੰਦਰ ਸਿੰਘ ਵਾਸੀਆਨ ਲਹਿਰਾ, ਤਹਿ: ਲਹਿਰਾ ਜ਼ਿਲ੍ਹਾ ਸੰਗਰੂਰ ਨੇ ਪੂਨਾਵਾਲਾ ਹਾਊਸਿੰਗ ਫਾਈਨੰਸ ਲਿਮ: ਬਰਾਂਚ, ਸੰਗਰੂਰ ਤੋਂ ਘਰ ਖਰੀਦਣ ਲਈ ਲੋਨ ਅਪਲਾਈ ਕੀਤਾ ਹੈ, ਜਿਸ ਦਾ ਰਕਬਾ 832 ਵਰਗ ਫੁੱਟ ਹੈ, ਜੋ ਕਿ ਵਾਕਾ ਨੇੜੇ ਵਾਲਮੀਕੀ ਮੰਦਰ ਲਹਿਰਾ, ਤਹਿ: ਲਹਿਰਾ, ਜ਼ਿਲ੍ਹਾ ਸੰਗਰੂਰ ਸਥਿਤ ਹੈ, ਜਿਸ ਦਾ ਹਦੂਦ ਵਾ ਰਕਬਾ ਇਸ ਪ੍ਰਕਾਰ ਹੈ : ਪੂਰਬ : 52' ਰਿਆਤ ਰਾਮ, ਪੱਛਮ : 52' ਭੋਲਾ ਸਿੰਘ, ਉੱਤਰ : 16' ਗਲੀ ਵਾ ਦੱਖਣ : 16' ਨਾਲਾ ਹੈ ਅਤੇ ਸੁਰਜੀਤ ਸਿੰਘ ਪੁੱਤਰ ਗਰੀਬ ਦਾਸ ਦੇ ਨਾਂਅ ਹੈ, ਜੋ ਕਿ ਸਬ-ਰਜਿਸਟਰਾਰ ਲਹਿਰਾ ਨੇ ਰਜਿਸਟਰਡ ਕੀਤੀ ਹੈ। ਹੁਣ ਅਸਲ ਰਜਿਸਟਰੀ ਵਸੀਕਾ ਨੰਬਰ 1034 ਮਿਤੀ 21.8.2006, ਜੋ ਕਿ ਸੁਰਜੀਤ ਸਿੰਘ ਪੁੱਤਰ ਗਰੀਬ ਦਾਸ ਦੇ ਨਾਂਅ ਹੈ, ਵਿਕਰੀਕਰਤਾ ਸੁਰਜੀਤ ਸਿੰਘ ਉਕਤ ਪਾਸ ਨਹੀਂ ਹਨ। ਜੇਕਰ ਕਿਸੇ ਨੂੰ ਵਿਅਕਤੀ ਨੂੰ ਉਕਤ ਜਾਇਦਾਦ ਦੇ ਟਾਇਟਲ ਸੰਬੰਧੀ ਕੋਈ ਵੀ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਇਸ ਇਸ਼ਤਿਹਾਰ ਦੇ ਛਪਣ ਤੋਂ 14 ਦਿਨਾਂ ਦੇ ਅੰਦਰ-ਅੰਦਰ ਦੇ ਸਕਦਾ ਹੈ। ਉਸ ਤੋਂ ਬਾਅਦ ਕਿਸੇ ਵੀ ਵਿਅਕਤੀ ਦੇ ਕੋਈ ਵੀ ਇਤਰਾਜ਼ ਨਾ ਲਏ ਜਾਣਗੇ ਤੇ ਨਾ ਹੀ ਉਸ ਤੇ ਕੋਈ ਗੌਰ ਕੀਤਾ ਜਾਵੇਗਾ।

ਕਰਨਵੀਰ ਸਿੰਘ ਐਡਵੋਕੇਟ, ਜ਼ਿਲ੍ਹਾ ਕਚਿਹਰੀਆਂ, ਸੰਗਰੂਰ, ਮੋ: 94636-70163

ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ, ਕੰਪਨੀਜ਼ ਐਕਟ 1956 ਅਧੀਨ ਇੱਕ ਕਾਰਪੋਰੇਟ ਬਾਡੀ, ਜਿਸ ਦਾ ਮੁੱਖ ਦਫਤਰ ਤੀਜ਼ੀ ਮੰਜ਼ਲ, ਮਿਡਾਸ ਕਾਰਪੋਰੇਟ ਪਾਰਕ, 37, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਖੰਨਾ, ਜ਼ਿਲ੍ਹਾ ਲੁਧਿਆਣਾ ਵਿਖੇ ਵਿਧੀਗਤ ਗਠਿਤ ਅਟਾਰਨੀ ਰਾਹੀਂ

ਬਿਨੈਕਾਰ

ਬਨਾਮ

1. ਭਗਵੰਤ ਸਿੰਘ ਪੁੱਤਰ ਸ੍ਰੀ ਜਰਨੈਲ ਸਿੰਘ
2. ਇੰਦਰਜੀਤ ਕੌਰ ਪਤਨੀ ਭਗਵੰਤ ਸਿੰਘ ਦੋਵੇਂ ਵਾਸੀ ਪਿੰਡ ਮੰਡਿਆਲਾ ਕਲਾਂ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ-141412
3. ਸਮਨਜੀਤ ਸਿੰਘ ਪੁੱਤਰ ਸ੍ਰੀ ਦੰਗਲ ਸਿੰਘ ਵਾਸੀ ਪਿੰਡ ਭੱਮੱਦੀ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ-141412
4. ਗੁਰਦੀਪ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਪਿੰਡ ਮੰਡਿਆਲਾ ਕਲਾਂ, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ-141412

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ ਪਹਿਲੀ ਵਾਰ ਵਾਪਸ ਪ੍ਰਾਪਤ ਨਹੀਂ ਹੋਏ। ਦੂਸਰੀ ਵਾਰ ਨੋਟਿਸ ਫਿਰ ਜਵਾਬਦੇਹਾਂ ਨੂੰ ਭੇਜੇ ਗਏ ਜੋ ਲਿਫਾਫੇ ਅਤੇ ਵਾਪਸੀ ਰਸੀਦਾਂ ਸਨ, ਫਿਰ ਵਾਪਸ ਪ੍ਰਾਪਤ ਨਹੀਂ ਹੋਏ। ਜਿਸ ਤੋਂ ਸਪੱਸ਼ਟ ਹੈ ਕਿ ਜਵਾਬਦੇਹ ਜਾਣਬੁੱਝ ਕੇ ਮੇਰੇ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ ਅਤੇ ਉਹਨਾਂ ਨੇ ਨੋਟਿਸ ਪ੍ਰਾਪਤ ਕਰ ਲਏ ਸਨ। ਬੇਬੱਸ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 12/6/2023 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੌਥਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 18.4.2023
ਜਲੰਧਰ

ਸੁਖਜੀਤ ਸਿੰਘ ਜੌਲੀ
ਸਾਲਸ

ਪਬਲਿਕ ਨੋਟਿਸ

ਗਰੇਨ ਸ਼ਾਪ-80 ਏ, ਮੰਡੀ ਫਾਜ਼ਿਲਕਾ ਦੇ ਪਲਾਟ ਦੀ ਮਲਕੀਅਤ ਸ੍ਰੀ ਮੁਰਾਰੀ ਲਾਲ ਪੁੱਤਰ ਸ੍ਰੀ ਬੂਟਾ ਰਾਮ (1/2) ਸ੍ਰੀ ਸੁਰਿੰਦਰ ਕੁਮਾਰ ਪੁੱਤਰ ਸ੍ਰੀ ਬਿਹਾਰੀ ਲਾਲ, ਸ੍ਰੀ ਜਗਦੀਸ਼ ਕੁਮਾਰ ਪੁੱਤਰ ਸ੍ਰੀ ਵਜੀਰ ਚੰਦ (1/2 ਹਿੱਸਾ ਬਰਾਬਰ) ਦੇ ਨਾਂਅ 'ਤੇ ਹੈ। ਇਸ ਦਫਤਰ ਵਿੱਚ ਸ੍ਰੀਮਤੀ ਵੀਨਾ ਰਾਣੀ ਪਤਨੀ ਸ੍ਰੀ ਬਿਸੰਬਰ ਨਾਥ ਵਾਸੀ ਰਾਧਾ ਸੁਆਮੀ ਕਾਲੋਨੀ, ਫਾਜ਼ਿਲਕਾ ਵੱਲੋਂ ਇਸ ਪਲਾਟ ਦੀ ਮਲਕੀਅਤ ਸਬ-ਰਜਿਸਟਰਾਰ ਫਾਜ਼ਿਲਕਾ ਵਿੱਚ ਦਰਜ ਕਰਵਾਏ ਬੈਨਾਮੇ ਵਸੀਕਾ ਨੰ: 2655 ਮਿਤੀ 4.11.1993 ਵਸੀਕਾ ਨੰ: 2662 ਮਿਤੀ 23.10.2003 ਦੇ ਆਧਾਰ ਉੱਤੇ ਮਲਕੀਅਤ ਤਬਦੀਲ ਕਰਨ ਸੰਬੰਧੀ ਦਰਖਾਸਤ ਪ੍ਰਾਪਤ ਹੋਈ ਹੈ।

ਉਪਰੋਕਤ ਦਸਤਾਵੇਜ਼ਾਂ ਦੇ ਆਧਾਰ 'ਤੇ ਗਰੇਨ ਸ਼ਾਪ-80 ਏ, ਮੰਡੀ ਫਾਜ਼ਿਲਕਾ ਦੀ ਮਲਕੀਅਤ ਤਬਦੀਲ ਕੀਤੀ ਜਾਣੀ ਹੈ। ਜੇਕਰ ਕਿਸੇ ਵਿਅਕਤੀ ਨੂੰ ਇਸ ਪਲਾਟ ਦੀ ਮਲਕੀਅਤ ਤਬਦੀਲ ਕਰਨ ਸੰਬੰਧੀ ਕਿਸੇ ਕਿਸਮ ਦਾ ਕੋਈ ਵੀ ਇਤਰਾਜ਼ ਹੈ ਤਾਂ ਇਸ ਨੋਟਿਸ ਦੇ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਨੂੰ ਹੇਠ ਲਿਖੇ ਐਡਰੈੱਸ 'ਤੇ ਜਾਂ ਈਮੇਲ dir.colon@Punjab.gov.in 'ਤੇ ਭੇਜ ਸਕਦਾ ਹੈ। ਮਿੱਥੇ ਸਮੇਂ ਤੋਂ ਬਾਅਦ ਕਿਸੇ ਵਿਅਕਤੀ ਦੇ ਕਿਸੇ ਕਿਸਮ ਦੇ ਇਤਰਾਜ਼ 'ਤੇ ਕੋਈ ਸੁਣਵਾਈ ਨਹੀਂ ਕੀਤੀ ਜਾਵੇਗੀ।

ਸਹੀ/-
ਐਡਮਿਨਸਟਰੇਟਰ, ਨਿਊ ਮੰਡੀ ਟਾਊਨਸ਼ਿਪਸ, ਪੰਜਾਬ।
ਮੰਡੀ ਭਵਨ ਸੈਕਟਰ 65 ਏ ਮੋਹਾਲੀ ਪੰਜਾਬ।

ਬੇਦਖਲੀ ਨੋਟਿਸ

ਮੈਂ ਬਲਵੀਰ ਰਾਮ ਪੁੱਤਰ ਬਿੱਕਰ ਰਾਮ ਵਾਸੀ ਪਿੰਡ ਝਿੰਗੜਾ, ਤਹਿਸੀਲ ਬੰਗਾ, ਜਾਂ ?ਲ੍ਹਾ ਸਹੀਦ ਭਗਤ ਸਿੰਘ ਨਗਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਕਿਰਨ ਬਾਲਾ ਨੂੰ ਕਹਿਣੇਕਾਰ ਨਾ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਇਸਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਾਂ ?ਮੇਵਾਰ ਹੋਵੇਗਾ। ਸਬੰਧਤ ਨੋਟ ਕਰਨ। (kamal rai)

ਅਸੀਂ, ਪਰਮਜੀਤ ਪੁੱਤਰ ਧਰਮ ਚੰਦ ਅਤੇ ਸਿਮਰਨ ਪਾਵਾ ਪਤਨੀ ਅਮਰਜੀਤ ਦੋਨੋਂ ਵਾਸੀ ਮਕਾਨ ਨੰ: 3328, ਭਾਰਗੋ ਨਗਰ, ਜਲੰਧਰ-1, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਕਾਮਿਨੀ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਉਸ ਨੇ ਆਪਣੀ ਮਰਜ਼ੀ ਨਾਲ ਅਨੁਰਾਗ ਨਾਲ ਵਿਆਹ ਕਰਵਾ ਲਿਆ ਹੈ। ਇਸ ਲਈ ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੇ ਬਾਕੀ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। (7507)

ਮੈਂ, ਬਲਕਾਰ ਸਿੰਘ ਪੁੱਤਰ ਸ੍ਰੀ ਸਾਧੂ ਰਾਮ ਵਾਸੀ 4709, ਢਪਈ ਰੋਡ, ਡੈਮਗੰਜ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਰਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (ਨਾਰੰਗ)

ਮੈਂ, ਮੁਨਸ਼ਾ ਸਿੰਘ ਪੁੱਤਰ ਅਸ਼ਰ ਸਿੰਘ ਵਾਸੀ 566, ਢਪਈ ਪਿੰਡ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਦਿਲਬਾਗ ਸਿੰਘ ਅਤੇ ਉਸ ਦੀ ਪਤਨੀ ਰਾਜ ਅਤੇ ਪੋਤਰੇ/ਪੋਤਰੀ ਕਰਨ, ਜੋਬਨ ਅਤੇ ਰੁਪਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ। (ਨਾਰੰਗ)

ਨਾਂਅ ਦੀ ਬਦਲੀ

ਮੈਂ ਕੁਲਦੀਪ ਸਿੰਘ ਪੁੱਤਰ ਹਰਬੰਸ ਲਾਲ ਵਾਸੀ ਪਿੰਡ ਮੱਲਾਂ ਬੇਦੀਆਂ ਜ਼ਿਲ੍ਹਾ ਸ.ਭ.ਸ. ਨਗਰ ਨੇ ਆਪਣਾ ਨਾਮ ਬਦਲ ਕੇ ਕੁਲਦੀਪ ਤੋਂ ਕੁਲਦੀਪ ਸਿੰਘ ਰੱਖ ਲਿਆ ਹੈ।

ਮੈਂ, ਜਸਬੀਰ ਕੌਰ ਪਤਨੀ ਲੇਟ ਪਰਗਟ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਕੰਦੋਲਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਜਗਤਾਰ ਸਿੰਘ ਅਤੇ ਪਰਗਟ ਸਿੰਘ ਦੋਵੇਂ ਨਾਂਅ ਮੇਰੇ ਪਤੀ ਦੇ ਹਨ ਅਤੇ ਇੱਕੋ ਹੀ ਵਿਅਕਤੀ ਦੇ ਹਨ। ਸਬੰਧਿਤ ਨੋਟ ਕਰਨ।

ਮੈਂ, ਕੁਲਵੀਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਸੰਗੋਵਾਲ, ਤਹਿਸੀਲ ਫਿਲੌਰ, ਜ਼ਿਲਾ ਜਲੰਧਰ ਨੇ ਆਪਣੀ ਨਾਬਾਲਿਗ ਲੜਕੀ ਮੁਸਕਾਨ ਦਾ ਨਾਮ ਬਦਲ ਕੇ ਮੁਸਕਾਨ ਕੌਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ। (ਆਰ)

Change of Name

**I, Sushma Kumari w/

22-APRIL-PAGE-7.qxd 4/21/2023 10:44 PM Page 1

ਜਲ ਸਰੋਤ ਵਿਭਾਗ ਦੇ ਪੁਨਰਗਠਨ ਖਿਲਾਫ ਭੜਕੇ ਸਿੰਚਾਈ ਕਾਮੇ

ਅਧਿਕਾਰੀਆਂ ਦੇ ਨਾਦਰਸ਼ਾਹੀ ਫਰਮਾਨਾਂ ਦਾ ਕਰਾਂਗੇ ਡਟ ਕੇ ਟਾਕਰਾ : ਬੇਲੂਮਾਜਰਾ

ਨਾਭਾ/ਪਟਿਆਲਾ (ਵਰਿੰਦਰ ਵਰਮਾ)

ਪੀ ਡਬਲਯੂ ਡੀ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਜ਼ੋਨ ਪਟਿਆਲਾ ਤੇ ਜਲ ਸਰੋਤ ਵਿਭਾਗ ਬਚਾਓ ਸੰਘਰਸ਼ ਕਮੇਟੀ ਦੇ ਸੱਦੇ ਉੱਤੇ ਭਾਖੜਾ ਮੇਨ ਲਾਇਨ ਡਵੀਜ਼ਨ ਪਟਿਆਲਾ ਤੇ ਆਈ ਬੀ ਡਵੀਜ਼ਨ ਪਟਿਆਲਾ ਅੱਗੇ ਵੱਡੀ ਗਿਣਤੀ ਵਿੱਚ ਮੁਲਾਜਜ਼ਾਂ ਵੱਲੋਂ ਰੋਸ ਧਰਨਾ ਦਿੱਤਾ ਗਿਆ। ਸਵੇਰ ਤੋਂ ਹੀ ਮੁਲਾਜ਼ਮ ਟਰੱਕ ਟੈਂਪੂਆਂ ਤੇ ਬੱਸਾਂ 'ਤੇ ਸਵਾਰ ਹੋ ਕੇ ਝੰਡੇ, ਮਾਟੋ ਤੇ ਬੈਨਰ ਲੈ ਕੇ ਨਾਅਰੇ ਮਾਰਦੇ ਹੋਏ ਧਰਨੇ ਵਿੱਚ ਸ਼ਾਮਲ ਹੋਏ। ਧਰਨੇ ਦੀ ਪ੍ਰਧਾਨਗੀ ਗੁਰਵਿੰਦਰ ਸਿੰਘ ਕਨਵੀਨਰ ਜਲ ਸਰੋਤ ਵਿਭਾਗ ਬਚਾਓ ਸੰਘਰਸ਼ ਕਮੇਟੀ ਪੰਜਾਬ, ਸੂਬਾ ਆਗੂ ਦਰਸ਼ਨ ਬੇਲੂਮਜਰਾ, ਜ਼ੋਨ ਪ੍ਰਧਾਨ ਜਸਵੀਰ ਸਿੰਘ ਖੋਖਰ, ਚੇਅਰਮੈਨ ਦਰਸ਼ਨ ਸਿੰਘ ਰੋਗਲਾ ਵੱਲੋਂ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਜਾਰੀ ਨਾਦਰਸ਼ਾਹੀ ਫਰਮਾਨਾਂ ਨਾਲ ਵਿਭਾਗ ਵਿੱਚ ਕੰਮ ਕਰਦੇ ਹਜ਼ਾਰਾਂ ਮੁਲਾਜ਼ਮਾਂ ਦੀਆਂ ਆਸਾਮੀਆਂ ਖਤਮ ਕਰ ਦਿੱਤੀਆਂ ਹਨ, ਜਿਸ ਕਾਰਨ ਮੌਜੂਦਾ ਮੁਲਾਜ਼ਮ ਸਰਪਲਸ ਹੋਣ ਕਾਰਨ ਉਨ੍ਹਾਂ 'ਤੇ ਛਾਂਟੀ ਦੀ ਤਲਵਾਰ ਲਟਕ ਗਈ ਹੈ ਅਤੇ ਮੁਲਾਜ਼ਮਾਂ ਦੀਆਂ ਦੂਰ ਦੁਰਾਡੇ ਜਬਰੀ ਬਦਲੀਆਂ ਕੀਤੀਆਂ ਜਾ ਰਹੀਆਂ ਹਨ। ਇਸ ਨਾਲ ਮੁਲਾਜ਼ਮਾਂ ਵਿੱਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ ਹੈ ਤੇ ਹਜ਼ਾਰਾਂ ਅਸਾਮੀਆਂ ਖਤਮ ਕਰਕੇ ਵਿਭਾਗ ਦੇ ਨਿੱਜੀਕਰਨ ਦਾ ਰਾਹ ਪੱਧਰਾ ਕਰ ਦਿੱਤਾ ਗਿਆ ਹੈ। ਵਿਭਾਗ ਦੇ ਨਿੱਜੀਕਰਨ ਨਾਲ ਕੁਦਰਤੀ ਸਰੋਤ ਬਹੁਮੁੱਲਾ ਪਾਣੀ ਨਿੱਜੀ ਕੰਪਨੀਆਂ ਦੇ ਹੱਥਾਂ ਵਿੱਚ ਚਲਾ ਜਾਵੇਗਾ, ਜਿਸ ਨਾਲ ਉਹ ਕਿਸਾਨਾਂ ਤੇ ਆਮ ਲੋਕਾਂ ਤੋਂ ਪਾਣੀ ਦੇ ਮਨ-ਮਰਜ਼ੀ ਦੇ ਭਾਵ ਵਸੂਲ ਕਰਨਗੇ। ਵਿਭਾਗ ਦੀਆਂ ਹਜ਼ਾਰਾਂ ਅਸਾਮੀਆਂ ਖਤਮ ਹੋਣ ਨਾਲ ਬੇਰੁਜ਼ਗਾਰੀ ਦੀ ਚੱਕੀ ਵਿੱਚ ਪਿਸ ਰਹੇ ਨੌਜਵਾਨਾਂ ਦੀ ਰੁਜ਼ਗਾਰ ਮਿਲਣ ਦੀ ਆਸ ਵੀ ਖਤਮ ਹੋ ਗਈ ਹੈ। ਇੱਕ ਪਾਸੇ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਸੀ, ਪਰ ਉਨ੍ਹਾਂ ਵੱਲੋਂ ਹਜ਼ਾਰਾਂ ਅਸਾਮੀਆਂ ਖਤਮ ਕਰਨ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਮਿਲਣਾ ਅਸੰਭਵ ਹੋ ਗਿਆ ਹੈ।

ਇਸ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਅਵਤਾਰ ਸਿੰਘ ਲਹਿਰਾ, ਕੌਰ ਸਿੰਘ, ਭਜਨ ਸਿੰਘ, ਜਸਵਿੰਦਰ ਸਿੰਘ ਸੌਜਾ, ਹਰਦੇਵ ਸਿੰਘ, ਛੱਜੂ ਰਾਮ, ਲਖਵਿੰਦਰ ਸਿੰਘ, ਹਰਬੀਰ ਸਿੰਘ ਸੁਨਾਮ, ਨਾਥ ਸਿੰਘ, ਕੁਲਦੀਪ ਸਿੰਘ ਘੱਗਾ, ਗੁਰਮੀਤ ਸਿੰਘ, ਰਾਜ ਕ੍ਰਿਸ਼ਨ, ਰਣਧੀਰ ਸਿੰਘ, ਭਜਨ ਸਿੰਘ ਲੰਗ, ਜਗਤਾਰ ਸਿੰਘ, ਭਿੰਦਰ ਘੱਗਾ, ਭੁਪਿੰਦਰ ਸਾਧੋਹੇੜੀ, ਕਰਨੈਲ ਸਿੰਘ ਕਾਠਮੱਠੀ ਤੇ ਮਸਤ ਰਾਮ ਆਦਿ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਦੀ ਇਸ ਮਾਰੂ ਨੀਤੀ ਤੇ ਵਿਭਾਗ ਦੇ ਨਿਘਾਰ ਨੂੰ ਰੋਕਣ ਲਈ ਹਰ ਹੀਲੇ ਪੰਜਾਬ ਸਰਕਾਰ ਦੇ ਇਸ ਫੈਸਲੇ ਨੂੰ ਪੁੱਠਾ ਗੇੜਾ ਦੇਣ ਲਈ ਤਿੱਖੇ ਸੰਘਰਸ਼ ਕੀਤੇ ਜਾਣਗੇ ਤੇ ਜਲੰਧਰ ਲੋਕ ਸਭਾ ਚੋਣ ਵਿੱਚ ਹਲਕੇ ਅੰਦਰ ਪੰਜਾਬ ਸਰਕਾਰ ਖਿਲਾਫ ਝੰਡਾ ਮਾਰਚ ਕੀਤੇ ਕੀਤੇ ਜਾਣਗੇ, ਤਾਂ ਜੋ ਇਸ ਲੋਕ ਵਿਰੋਧੀ ਫੈਸਲੇ ਨੂੰ ਮੋੜਾ ਦਿੱਤਾ ਜਾ ਸਕੇ।

20,000 ਰੁਪਏ ਰਿਸ਼ਵਤ ਲੈਂਦਿਆਂ ਸੀ ਡੀ ਪੀ ਓ ਤੇ ਉਸ ਦਾ ਚਪੜਾਸੀ ਰੰਗੇ ਹੱਥੀਂ ਕਾਬੂ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਵੀਰਵਾਰ ਨੂੰ ਫਤਿਹਗੜ੍ਹ ਸਾਹਿਬ ਵਿਖੇ ਤਾਇਨਾਤ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀਡੀਪੀਓ), ਅੰਜੂ ਭੰਡਾਰੀ ਤੇ ਉਸ ਦੇ ਚਪੜਾਸੀ ਬਲੀਹਾਰ ਸਿੰਘ ਨੂੰ 20,000 ਰੁਪਏ ਦੀ ਰਿਸ਼ਵਤ ਮੰਗਣ ਤੇ ਹਾਸਲ ਕਰਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇੱਥੇ ਇਸ ਦਾ ਖੁਲਾਸਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਸੀਡੀਪੀਓ ਤੇ ਉਸ ਦੇ ਚਪੜਾਸੀ ਨੂੰ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਰਿਉਣਾ ਨੀਵਾਂ ਦੀ ਰਹਿਣ ਵਾਲੀ ਮਮਤਾ ਦੀ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਹੋਰ ਵੇਰਵੇ ਦਿੰਦੇ ਹੋਏ ਉਨ੍ਹਾ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਪਰੋਕਤ ਦੋਵੇਂ ਕਰਮਚਾਰੀਆਂ ਨੇ ਆਂਗਨਵਾੜੀ ਹੈਲਪਰ ਦੇ ਖਾਲੀ ਅਹੁਦੇ 'ਤੇ ਉਸ ਨੂੰ ਨੌਕਰੀ 'ਤੇ ਰੱਖਣ ਬਦਲੇ 35,000 ਰੁਪਏ ਰਿਸ਼ਵਤ ਵਜੋਂ ਦੇਣ ਦੀ ਮੰਗ ਕੀਤੀ ਹੈ, ਜਿਸ ਲਈ ਉਸ ਨੇ ਪਹਿਲਾਂ ਹੀ ਅਰਜ਼ੀ ਦਿੱਤੀ ਹੋਈ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਜਾਲ ਵਿਛਾ ਕੇ ਦੋਹਾਂ ਦੋਸ਼ੀ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਵਜੋਂ 20,000 ਰੁਪਏ ਲੈਂਦਿਆਂ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਪੁਲਸ ਥਾਣਾ ਪਟਿਆਲਾ ਰੇਂਜ ਵਿੱਚ ਦੋਵਾਂ ਮੁਲਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

ਵਿਦਿਆਰਥੀਆਂ ਵੱਲੋਂ ਕੇਂਦਰ ਤੇ ਸੂਬਾ ਸਰਕਾਰ ਖਿਲਾਫ ਅਰਥੀ ਫੂਕ ਪ੍ਰਦਰਸ਼ਨ

ਫਾਜ਼ਿਲਕਾ (ਕ੍ਰਿਸ਼ਨ ਸਿੰਘ)

ਪੰਜਾਬ ਸਟੂਡੈਂਟਸ ਯੂਨੀਅਨ ਇਕਾਈ ਐੱਮ. ਆਰ. ਸਰਕਾਰੀ ਕਾਲਜ ਫਾਜ਼ਿਲਕਾ ਵੱਲੋਂ ਐੱਨ. ਸੀ. ਆਰ. ਟੀ. ਵੱਲੋਂ ਸਿਲੇਬਸ ਵਿੱਚ ਕੀਤੀ ਗਈ ਕਟੌਤੀ ਦੇ ਵਿਰੋਧ ਵਿੱਚ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਵੱਲੋਂ ਸਖਤ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਮਮਤਾ ਲਾਧੂਕਾ ਤੇ ਮੀਤ ਪ੍ਰਧਾਨ ਕਮਲਜੀਤ ਮੁਹਾਰ ਖੀਵਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰ ਸਰਕਾਰ ਸਿੱਖਿਆ ਦੇ ਨਿੱਜੀਕਰਨ ਤੇ ਭਗਵੇਂਕਰਨ ਦੇ ਰਾਹ 'ਤੇ ਚਲਦੀ ਹੋਈ ਲਗਾਤਾਰ ਸਿੱਖਿਆ 'ਤੇ ਹਮਲੇ ਕਰ ਰਹੀ ਹੈ। ਫਿਰ ਭਾਵੇਂ ਉਹ ਨਵੀਂ ਸਿੱਖਿਆ ਨੀਤੀ 2020 ਹੋਵੇ ਜਾਂ ਫਿਰ ਹੁਣੇ ਹੀ ਵਿਦਿਆਰਥੀਆਂ ਦਾ ਬੋਝ ਹਲਕਾ ਕਰਨ ਦੇ ਨਾਮ 'ਤੇ ਸਿਲੇਬਸ ਵਿੱਚ ਕੀਤੀ ਗਈ ਕਟੌਤੀ ਹੋਵੇ। ਉਨ੍ਹਾਂ ਕਿਹਾ ਕਿ ਕੇਂਦਰੀ ਹਾਕਮਾਂ ਨੇ ਸਾਜ਼ਿਸ਼ ਤਹਿਤ ਵਿਦਿਆਰਥੀਆਂ ਦੇ ਸਿਲੇਬਸ ਵਿੱਚੋਂ ਇਤਿਹਾਸ, ਰਾਜਨੀਤੀ ਸ਼ਾਸਤਰ ਦੇ ਵਿਸ਼ਿਆਂ ਵਿੱਚੋਂ ਮੁਸਲਿਮ ਸੁਲਤਾਨ, ਮੁਗਲ ਦਰਬਾਰ, ਸਨਅਤੀ ਇਨਕਲਾਬ, ਜਮਹੂਰੀਅਤ ਨੂੰ ਚੁਣੌਤੀਆਂ, ਭਾਰਤ ਦਾ ਵਾਤਾਵਰਨ ਪੱਖੀ ਚਿਪਕੋ ਅੰਦੋਲਨ, ਗਾਂਧੀ ਕਤਲ ਕਾਂਡ ਤੇ ਕੁਝ ਹੋਰ ਵੀ ਚੈਪਟਰ ਹਟਾ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਕੇਂਦਰ ਦੀ ਬੀ.ਜੇ.ਪੀ. ਸਰਕਾਰ ਸਕੂਲੀ ਵਿਦਿਆਰਥੀਆਂ ਵਿੱਚ ਸਿਰਫ ਉਹੀ ਚੇਤਨਾ ਜਾਂ ਜਾਣਕਾਰੀ ਭਰਨੀ ਚਾਹੁੰਦੀ ਹੈ, ਜੋ ਹਿੰਦੂ ਰਾਸ਼ਟਰ ਦੇ ਆਪਣੇ ਸੰਕਲਪ ਨੂੰ ਪੂਰਾ ਕਰ ਸਕੇ। ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਬੀ ਜੇ ਪੀ ਸਰਕਾਰ ਆਪਣੇ ਹਿੰਦੂ, ਹਿੰਦੀ, ਹਿੰਦੋਸਤਾਨ ਦੇ ਅਜੰਡੇ ਨੂੰ ਪੂਰਾ ਕਰਨ ਲਈ ਸਿੱਖਿਆ ਦਾ ਭਗਵਾਂਕਰਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਰਫ ਵਿਦਿਆਰਥੀਆਂ ਦਾ ਬੋਝ ਹਲਕਾ ਕਰਨ ਦਾ ਦਿਖਾਵਾ ਕਰ ਰਹੀ ਹੈ ਤਾਂ ਕਿ ਵਿਦਿਆਰਥੀਆਂ ਨੂੰ ਇੱਕ ਪਾਸਾ ਗਿਆਨ ਦੇ ਕੇ ਸਿੱਖਿਆ ਨੂੰ ਇੱਕ ਹਥਿਆਰ ਵਜੋਂ ਵਰਤਿਆ ਜਾ ਸਕੇ। ਜੇਕਰ ਸਰਕਾਰ ਸੱਚੀ ਹੀ ਵਿਦਿਆਰਥੀਆਂ ਪ੍ਰਤੀ ਚਿੰਤਿਤ ਹੈ ਤਾਂ ਵਿਦਿਆਰਥੀਆਂ ਦੀਆਂ ਫੀਸਾਂ ਘੱਟ ਕਰੇ, ਰੁਜ਼ਗਾਰ ਦੇਵੇ, ਜਾਤੀ ਵਿਤਕਰੇ ਦਾ ਬੋਝ ਘਟਾਵੇ, ਜਿਸ ਦੀ ਬਲੀ ਡਾ. ਪੰਪੌਸ ਵਰਗੇ ਹੋਣਹਾਰ ਵਿਦਆਰਥੀ ਚੜ੍ਹਦੇ ਹਨ। ਆਗੂਆਂ ਨੇ ਸਰਕਾਰ ਦੇ ਇਸ ਕਦਮ ਦੀ ਨਿੰਦਾ ਕੀਤੀ ਤੇ ਇਸ ਨੂੰ ਵਿਦਆਰਥੀ ਅਤੇ ਸਮਾਜ ਵਿਰੋਧੀ ਕਰਾਰ ਦਿੰਦੇ ਹੋਏ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਅਤੇ ਇਸ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦੀ ਚਿਤਾਵਨੀ ਦਿੱਤੀ। ਇਸ ਮੌਕੇ ਯੂਨੀਅਨ ਦੇ ਆਗੂ ਅਕਸ਼ੈ, ਪ੍ਰਵੀਨ ਕੌਰ, ਕਿਰਨਾ ਰਾਣੀ, ਲਵਪ੍ਰੀਤ ਸਿੰਘ, ਕਮਲਪ੍ਰੀਤ ਕੌਰ, ਹਰਮਨ, ਮਨੀਸ਼ਾ ਰਾਣੀ ਤੇ ਕਾਲਜ ਦੇ ਹੋਰ ਵਿਦਿਆਰਥੀ ਸ਼ਾਮਲ ਸਨ।

ਕਾਤਰਾਂ

ਅੱਜ ਬਿਜਲੀ ਬੰਦ ਰਹੇਗੀ

ਜਲਾਲਾਬਾਦ (ਜੀਤ ਕੁਮਾਰ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਜਲਾਲਾਬਾਦ ਸ਼ਹਿਰੀ ਦੇ ਐੱਸ ਡੀ ਓ ਵਿਪਨ ਕੁਮਾਰ ਨੇ ਦੱਸਿਆ ਕਿ 132 ਕੇ ਵੀ ਬਿਜਲੀ ਘਰ ਜਲਾਲਾਬਾਦ ਤੋਂ 11 ਕੇ ਵੀ ਬਿਜਲੀ ਦੀਆਂ ਤਾਰਾਂ ਦੀ ਸਾਂਭ-ਸੰਭਾਲ ਤੇ ਰੱਖ-ਰਖਾਵ ਕਰਨ ਦੇ ਕੰਮ ਨੂੰ ਲੈ ਕੇ 22 ਅਪ੍ਰੈਲ 2023 ਨੂੰ ਸਵੇਰੇ 9 ਵਜੇ ਤੋਂ ਦੁਪਹਿਰੇ 3 ਵਜੇ ਤੱਕ 132 ਕੇ ਵੀ ਸ/ਸ ਜਲਾਲਾਬਾਦ ਤੋਂ ਚੱਲਦੇ 11 ਕੇ ਵੀ ਸ਼ਹਿਰ, ਆਲਮਕੇ, ਟਿਵਾਣਾ ਰੋਡ, ਸੁਖੇਰਾ, ਕਾਲੂਵਾਲਾ, ਘਾਂਗਾ ਤੇ ਫਾਜ਼ਿਲਕਾ ਰੋਡ ਅਧੀਨ ਆਉਂਦੇ ਫੀਡਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ।

ਅੰਤਰ ਵਿਭਾਗੀ ਪ੍ਰਤੀਯੋਗਤਾ 'ਚ ਖੁਸ਼ਦੀਪ ਸਿੰਘ ਨੂੰ ਤੀਜਾ ਸਥਾਨ

ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬੀ ਯੂਨੀਵਰਸਿਟੀ ਪਟਿਆਲਾ, ਹਿੰਦੀ ਵਿਭਾਗ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ 'ਮਹਿਲਾ ਸਸ਼ਕਤੀਕਰਨ' ਵਿਸ਼ੇ 'ਤੇ ਬੀਤੇ ਦਿਨੀਂ ਰਚਨਾਤਮਕ ਲੇਖ ਪ੍ਰਤੀਯੋਗਤਾ ਕਰਵਾਈ ਗਈ। ਇਸ ਪ੍ਰਤੀਯੋਗਤਾ 'ਚ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਦਮਦਮਾ ਸਾਹਿਬ ਦੇ ਬੀ ਏ ਭਾਗ ਤੀਜਾ ਦੇ ਵਿਦਿਆਰਥੀ ਖੁਸ਼ਦੀਪ ਸਿੰਘ ਨੇ ਡਾ. ਪਾਇਲਦੀਪ ਦੇ ਮਾਰਗ-ਦਰਸ਼ਨ ਹੇਠ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਹਿੰਦੀ ਵਿਭਾਗ ਦੇ ਮੁਖੀ ਡਾ. ਨੀਤੂ ਕੌਸ਼ਲ ਅਤੇ ਸਾਰੇ ਅਧਿਆਪਕਾਂ ਵੱਲੋਂ ਖੁਸ਼ਦੀਪ ਸਿੰਘ ਨੂੰ ਸਨਮਾਨਤ ਕੀਤਾ ਗਿਆ। ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਕੁਮਾਰ ਸੁਸ਼ੀਲ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਇੰਚਾਰਜ ਪ੍ਰੋ. ਅਮਨਦੀਪ ਸਿੰਘ ਸੋਖੋਂ ਸਮੇਤ ਸਾਰੇ ਅਧਿਆਪਕਾਂ ਨੇ ਜੇਤੂ ਵਿਦਿਆਰਥੀ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਲਈ ਹੋਰ ਵਧੀਆ ਕਰਨ ਲਈ ਉਤਸ਼ਾਹਤ ਵੀ ਕੀਤਾ। ਕੈਂਪਸ ਡਾਇਰੈਕਟਰ ਪ੍ਰੋਫੈਸਰ (ਡਾ.) ਜਸਬੀਰ ਸਿੰਘ ਹੁੰਦਲ ਨੇ ਵਧਾਈ ਦਿੰਦੇ ਹੋਏ ਕਿਹਾ ਕਿ ਖੁਸ਼ਦੀਪ ਸਿੰਘ ਨੇ ਇਹ ਮਾਣਮੱਤੀ ਜਿੱਤ ਦਰਜ ਕਰਕੇ ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦਾ ਮਾਣ ਵਧਾਇਆ ਹੈ।

ਪ੍ਰਮਿੰਦਰ ਅਲਬੇਲਾ ਭਲਕੇ 'ਰੱਬ ਮਨਾਉਣੇ ਨੇ' ਲੈ ਕੇ ਹਾਜ਼ਰ ਹੋ ਰਿਹੈ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਪੰਜਾਬੀ ਮਾਂ ਬੋਲੀ ਨੂੰ ਪਿਆਰ ਕਰਨ ਵਾਲਾ ਲੋਕ ਗਾਇਕ ਪਰਮਿੰਦਰ ਅਲਬੇਲਾ ਹਮੇਸ਼ਾ ਆਪਣੇ ਚੰਗੇ ਗੀਤਾਂ ਨਾਲ ਚਰਚਾ ਵਿੱਚ ਰਹਿੰਦਾ ਹੈ। ਉਹ ਆਪਣੇ ਗੀਤਾਂ 'ਚ ਅਕਸਰ ਸਮਾਜਿਕ ਕੁਰੀਤੀਆਂ ਦੀ ਗੱਲ ਕਰਦਾ ਹੈ, ਉਸ ਦੇ ਹਰੇਕ ਗੀਤ ਦੇ ਬੋਲ ਪਰਿਵਾਰਕ ਤੇ ਸੰਦੇਸ਼ ਭਰਪੂਰ ਹੁੰਦੇ ਹਨ। ਹੁਣ ਤੱਕ ਉਹ ਪੰਜ ਦਰਜਨ ਤੋਂ ਵੱਧ ਗੀਤ ਆਪਣੇ ਸਰੋਤਿਆਂ ਦੀ ਝੋਲੀ ਪਾ ਚੁੱਕਿਆ ਹੈ। ਪਿਛਲੇ ਮਹੀਨੇ ਉਨ੍ਹਾਂ ਦੁਆਰਾ ਗਾਇਆ ਗੀਤ ਦੁਨੀਆਦਾਰੀ ਸਰੋਤਿਆਂ ਵੱਲੋਂ ਬੇਹੱਦ ਪਸੰਦ ਕੀਤਾ ਗਿਆ। ਇਸ ਵਾਰ ਫਿਰ ਉਨ੍ਹਾ ਨੇ ਆਪਣੇ ਨਵੇਂ ਗੀਤ 'ਚ ਸਾਡੇ ਸਮਾਜ ਵਿੱਚ ਚੱਲ ਰਹੇ ਅੰਧਵਿਸ਼ਵਾਸ ਨੂੰ ਬਿਆਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਪੱਤਰਕਾਰ ਨਾਲ ਗੱਲਬਾਤ ਦੌਰਾਨ ਉਨ੍ਹਾ ਦੱਸਿਆ ਕਿ ਇਸ ਮਹੀਨੇ 23 ਅਪ੍ਰੈਲ ਨੂੰ ਉਹ ਗੀਤ 'ਰੱਬ ਮਨਾਉਣੇ ਨੇ' ਲੈ ਕੇ ਹਾਜ਼ਰ ਹੋ ਰਿਹਾ ਹੈ, ਜਿਸ ਨੂੰ ਬਹੁਤ ਵਧੀਆ ਕਲਮ ਦੇ ਮਾਲਕ ਗੁਰੀ ਤੁਰਮਰੀ ਨੇ ਲਿਖਿਆ ਹੈ। ਇਸ ਤੋਂ ਪਹਿਲਾਂ ਵੀ ਗੁਰੀ ਤੁਰਮਰੀ ਦੇ ਲਿਖੇ ਕਾਫੀ ਗੀਤ ਉਨ੍ਹਾਂ ਦੀ ਆਵਾਜ਼ ਵਿੱਚ ਗਾਏ ਗਏ ਹਨ। ਉਨ੍ਹਾ ਦੱਸਿਆ ਕਿ ਇਹ ਗੀਤ ਉਹ ਆਪਣੇ ਨਾਮ 'ਤੇ ਬਣੇ ਯੂ ਟਿਊਬ ਚੈਨਲ 'ਤੇ ਰਿਲੀਜ਼ ਕਰਨਗੇ।

ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੀ ਮੀਟਿੰਗ ਅੱਜ

ਮਲੋਟ (ਗੁਰਮੀਤ ਸਿੰਘ ਮੱਕੜ)-ਜ਼ਿਲ੍ਹਾ ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਮੌਜੂਦਾ ਅਤੇ ਰਿਟਾਇਰਡ ਮਿਊਂਸਪਲ ਮੁਲਾਜ਼ਮਾਂ ਦੀ ਇੱਕ ਜ਼ਰੂਰੀ ਮੀਟਿੰਗ ਅੱਜ 22 ਅਪ੍ਰੈਲ ਸਵਰੇ 11 ਵਜੇ ਦਫ਼ਤਰ ਨਗਰ ਨਿਗਮ ਅਬੋਹਰ ਵਿਖੇ ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਮੰਗਤ ਰਾਮ ਦੀ ਪ੍ਰਧਾਨਗੀ ਹੇਠ ਹੋ ਰਹੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੂਬਾ ਜੁਆਇੰਟ ਸਕੱਤਰ ਟੇਕ ਚੰਦ ਮਲੋਟ ਨੇ ਦੱਸਿਆ ਕਿ ਇਸ ਮੀਟਿੰਗ

22-April-PAGE- 8.qxd 4/21/2023 10:58 PM Page 1

ਖੇੜਾ ਠੱਕਰਵਾਲ ਵਿਖੇ ਦਿਨ-ਦਿਹਾੜੇ ਚੋਰ ਲੱਖਾਂ ਦੇ ਗਹਿਣੇ ਲੈ ਕੇ ਫਰਾਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਖੇੜਾ ਠੱਕਰਵਾਲ ਵਿਖੇ ਠੱਕਰਵਾਲ ਤੋਂ ਹਾਰਟਾ ਰੋਡ 'ਤੇ ਦਿਨ ਦਿਹਾੜੇ ਚੋਰ ਲੱਖਾਂ ਰੁਪਏ ਦੇ ਗਹਿਣੇ ਲੈ ਕੇ ਕਰਕੇ ਫਰਾਰ ਹੋ ਗਏ। ਇਸ ਮੌਕੇ ਪੀੜਤ ਪਰਵਾਰ ਜੋਗਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਨੇ ਦੱਸਿਆ ਕਿ ਬੀਤੀ ਦਿਨੀਂ ਦੁਪਹਿਰ 12 ਵਜੇ ਦੇ ਕਰੀਬ ਆਪਣੀ ਪਤਨੀ ਅੱਤੋਵਾਲ ਹਸਪਤਾਲ ਵਿਚ ਦਵਾਈ ਲੈਣ ਗਿਆ ਸੀ। ਜਦੋਂ ਵਾਪਸ ਆ ਕੇ ਦੇਖਿਆ ਮੇਨ ਗੇਟ ਦਾ ਤਾਲਾ ਟੁੱਟਿਐ ਹੋਇਆ ਸੀ ਅਤੇ ਵੱਖ ਵੱਖ ਕਮਰਿਆਂ ਵਿੱਚ ਅਲਮਾਰੀਆਂ ਅਤੇ ਪੇਟੀ ਵਿਚ ਸੱਤ ਤੋਲੇ ਦੇ ਕਰੀਬ ਸੋਨਾ ਅਤੇ ਝਾਂਜਰਾਂ ਦਾ ਜੋੜਾ,ਡੀ ਵੀ ਆਰ ਚੋਰੀ ਹੋ ਚੁੱਕੇ ਸਨ। ਮੇਹਟੀਆਣਾ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ। ਪੁਲਸ ਕਰਮਚਾਰੀਆਂ ਵਲੋਂ ਆਲੇ ਦੁਆਲੇ ਕੈਮਰਿਆਂ ਦੀ ਫੁਟੇਜ ਚੈਕਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਜੋਗਿੰਦਰ ਸਿੰਘ, ਨਰਿੰਦਰ ਕੌਰ, ਸਰਪੰਚ ਜਗਪ੍ਰੀਤ ਸਿੰਘ ਖੇੜਾ, ਸਰਪੰਚ ਜਸਵੀਰ ਸਿੰਘ ਕਾਲਾ ਮੋਜੋਮਜਾਰਾ, ਮੋਹਣ ਸਿੰਘ ਪੰਚ, ਪ੍ਰਧਾਨ ਪਰਮਜੀਤ ਸਿੰਘ, ਤਰਸੇਮ ਸਿੰਘ, ਸਤਨਾਮ ਸਿੰਘ, ਗਿਆਨ ਸਿੰਘ, ਸੁਖਦੇਵ ਸਿੰਘ ਆਦਿ ਹਾਜਰ ਸਨ।

ਸਿਲਵਰ ਓਕ ਸਕੂਲ 'ਚ ਭਲਕੇ ਸ਼ੁਰੂ ਹੋਵੇਗੀ ਫੁੱਟਬਾਲ ਲੀਗ

ਟਾਂਡਾ ਉੜਮੁੜ, (ਓਂਕਾਰ ਸਿੰਘ, ਜਸਵਿੰਦਰ ਸੰਧੂ)- ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸਹਿਬਾਜ਼ਪੁਰ (ਟਾਂਡਾ) ਵਿਚ ਫੁੱਟਬਾਲ ਲੀਗ 23 ਅਪ੍ਰੈਲ ਤੋਂ ਸ਼ੁਰੂ ਹੋਵੇਗੀ। ਇਸ ਬਾਰੇ ਜਾਣਕਾਰੀ ਦਿੰਦੇ ਪ੍ਰਿੰਸੀਪਲ ਮੁਨੀਸ਼ਾ ਸੰਗਰ,ਮੈਨੇਜਰ ਕਰਨਜੀਤ ਸੈਣੀ ਨੇ ਦੱਸਿਆ ਕਿ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਬਿੱਟੂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਟਾਂਡਾ ਯੂਨਾਈਟਿਡ ਸਪੋਰਟਸ ਕਲੱਬ ਦੇ ਸਹਿਯੋਗ ਨਾਲ ਸੰਤ ਬਾਬਾ ਸਵਰਨ ਸਿੰਘ ਦੀ ਯਾਦ ਵਿਚ ਕਰਵਾਈ ਜਾਣ ਵਾਲੀ ਇਸ ਲੀਗ ਵਿਚ ਜਲੰਧਰ ਅਤੇ ਹੁਸ਼ਿਆਰਪੁਰ ਜ਼ਿਲੇ ਦੀਆਂ ਟੀਮਾਂ ਭਾਗ ਲੈਣਗੀਆਂ। ਜਿਸ ਵਿਚ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀ ਭਾਗ ਲੈਣਗੇ। ਉਨ੍ਹਾਂ ਦੱਸਿਆ ਕਿ ਜੇਤੂ ਟੀਮਾਂ ਨੂੰ ਚੇਅਰਮੈਨ ਤਰਲੋਚਨ ਸਿੰਘ ਇਨਾਮਾਂ ਦੀ ਵੰਡ ਕਰਨਗੇ। ਇਸ ਲੀਗ ਨੂੰ ਕਰਵਾਉਣ ਲਈ ਟਾਂਡਾ ਯੂਨਾਈਟਿਡ ਸਪੋਰਟਸ ਕਲੱਬ ਦੀ ਟੀਮ ਵਿਸ਼ੇਸ਼ ਸਹਿਯੋਗ ਦੇ ਰਹੀ ਹੈ। ਇਸ ਮੌਕੇ ਬਿਕਰਮਜੀਤ ਸਿੰਘ ਭੇਲਾ, ਤਰਨ ਸੈਣੀ, ਅਮਰਜੀਤ ਕੌਰ, ਸੰਜੀਵ ਸ਼ਰਮਾ, ਗਜਿੰਦਰ ਸਿੰਘ, ਰਾਜਵਿੰਦਰ ਕੌਰ, ਰਾਜਵੀਰ ਕੌਰ ਮੌਜੂਦ ਸਨ।

ਮੇਹਰ ਚੰਦ ਪੋਲੀਟੈਕਨਿਕ 'ਚ ਇੰਟਰਨੈਟ ਆਫ ਥਿੰਗਜ਼ ਵਿਸ਼ੇ 'ਤੇ ਵਰਕਸ਼ਾਪ

ਜਲੰਧਰ (ਸ਼ੈਲੀ ਐਲਬਰਟ)

ਮੇਹਰ ਚੰਦ ਪੌਲੀਟੈਕਨਿਕ ਦੇ ਇਲੈਕਟਰੌਨਿਕਸ ਇੰਜੀ: ਵਿਭਾਗ ਵਲੋਂ ਇੰਟਰਨੈਟ ਆਫ ਥਿੰਗਜ਼ ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ । ਪ੍ਰਿੰਸੀਪਲ ਡਾ: ਜਗਰੂਪ ਸਿੰਘ ਅਤੇ ਇੰਜ. ਪ੍ਰਿੰਸ ਮਦਾਨ, ਇੰਚਾਰਜ ਵਿਭਾਗ ਈ.ਸੀ.ਈ. ਦੀ ਰਹਿਨੁਮਾਈ ਹੇਠ ਕੀਤਾ ਗਿਆ । ਇਸ ਵਿੱਚ ਈ.ਸੀ.ਈ ਵਿਭਾਗ ਦੇ ਸਾਬਕਾ ਵਿਦਿਆਰਥੀਆਂ ਇੰਜ. ਜਪਜੀਤ ਸਿੰਘ, ਇੰਜ ਮਾਨਵ ਭੱਲਾ ਅਤੇ ਇੰਜ. ਮਲਿਕ ਸਹੋਤਾ ਨੇ ਉਚੇਚੇ ਤੌਰ ਤੇ ਪੁੱਜ ਕੇ ਈ.ਸੀ.ਈ ਵਿਭਾਗ ਦੇ ਵਿਦਿਆਰਥੀਆਂ ਅਤੇ ਕਾਲਜ ਦੇ ਸਟਾਫ ਦੇ ਨਾਲ ਆਪਣਾ ਤਜਰਬਾ ਸਾਂਝਾ ਕੀਤਾ।ਉਨ੍ਹਾਂ ਦੀ ਟੀਮ ਵਿੱਚ ਇੰਜ. ਕ੍ਰਿਸ਼ਨਾ ਅਤੇ ਇੰਜ. ਰਤੀਸ਼ ਸ਼ਰਮਾ ਵੀ ਸਨ। ਇੰਜ. ਜਪਜੀਤ ਸਿੰਘ ਵਲੋਂ ਬੜੇ ਪ੍ਰਭਾਵਸ਼ਾਲੀ ਤਰੀਕੇ ਨਾਲ ਐਮਬੈਡਿਡ ਸਿਸਟਮ , ਆਰਡਿਊਨੋ ਅਤੇ ਇੰਟਰਨੈਟ ਆਫ ਥਿੰਗਜ਼ 'ਤੇ ਦਿੱਤੇ ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਬਹੁਤ ਪ੍ਰਭਾਵਿਤ ਅਤੇ ਪ੍ਰੇਰਿਤ ਕੀਤਾ । ਉਨ੍ਹਾਂ ਨੇ ਦੱਸਿਆ ਕਿ ਆਈ. ਓ. ਟੀ. ਇੱਕ ਕਲਾਉਡ ਅਧਾਰਿਤ ਆਟੋਮੇਟਿਡ ਕੰਟਰੋਲ ਸਿਸਟਮ ਹੈ ਜੋ ਘਰ, ਦਫਤਰ, ਆਧੁਨਿਕ ਉਦਿਯੋਗਿਕ ਸੰਸਥਾਂਵਾਂ ਅਤੇ ਆਮ ਜ਼ਿੰਦਗੀ ਵਿਖੇ ਇਸਤੇਮਾਲ ਹੁੰਦਾ ਹੈ। ਇਸਨੂੰ ਨਿਜੀ ਅਤੇ ਦਫਤਰੀ ਸਹੂਲਤਾਂ ਨੂੰ ਆਧੁਨਿਕ ਬਣਾਉਣ ਲਈ ਵਰਤਿਆ ਜਾਂਦਾ ਹੈ।ਉਨ੍ਹਾਂ ਨੇ ਆਪਣੇ ਹੱਥੀਂ ਬਣਾਏ ਪ੍ਰੋਜੈਕਟਾਂ ਨੂੰ ਲਾਈਵ ਬਣਾ ਕੇ ਅਤੇ ਚਲਾ ਕੇ ਵੀ ਦਿਖਾਇਆ। ਉਨ੍ਹਾਂ ਆਖਿਆ ਕਿ ਸਾਨੂੰ ਸਿਰਫ ਨਵੀਆਂ ਤਕਨੀਕਾਂ ਦੇ ਯੂਜ਼ਰ ਨਹੀਂ ਸਗੋਂ ਡਿਵੈਲਪਰ ਵੀ ਬਨਣਾ ਚਾਹੀਦਾ ਹੈ।ਉਨ੍ਹਾਂ ਵਰਕਸ਼ਾਪ ਸੰਬੰਧਿਤ ਆਨਲਾਈਨ ਕਵੀਜ਼ ਖਿਡਾ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ। ਇਸ ਮੌਕੇ ਇੰਜ. ਮਨੀਸ਼ ਸਚਦੇਵਾ, ਲ਼ੈਕਚਰਾਰ ਈ.ਸੀ.ਈ, ਇੰਜ. ਮਨਿੰਦਰ ਕੌਰ, ਲ਼ੈਕਚਰਾਰ ਈ.ਸੀ.ਈ ਅਤੇ ਇੰਜ. ਦੇਵਿਕਾ, ਲ਼ੈਕਚਰਾਰ ਈ.ਸੀ.ਈ ਹਾਜ਼ਰ ਸਨ।

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 300 ਸਾਲਾ ਜਨਮ ਦਿਹਾੜਾ 7 ਨੂੰ ਮਨਾਇਆ ਜਾਵੇਗਾ

ਚੰਡੀਗੜ੍ਹ (ਗੁਰਜੀਤ ਬਿੱਲਾ)—ਰਾਮਗੜ੍ਹੀਆ ਸਭਾ (ਰਜਿ:) ਐੱਸ. ਏ. ਐੱਸ. ਨਗਰ ਮੋਹਾਲੀ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 300 ਸਾਲਾ ਜਨਮ ਦਿਹਾੜਾ ਬੜੀ ਧੂਮ ਧਾਮ ਨਾਲ 7 ਮਈ 2023 ਨੂੰ ਰਾਮਗੜ੍ਹੀਆ ਭਵਨ ਫੇਜ਼ 3ਬੀ-1, ਮੋਹਾਲੀ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਮਿਤੀ 5 ਮਈ ਨੂੰ ਸ੍ਰੀ ਅਖੰਡ ਪਾਠ ਅਰੰਭ ਕੀਤੇ ਜਾਣਗੇ ਜਿਨ੍ਹਾਂ ਦੇ ਭੋਗ ਮਿਤੀ 7 ਮਈ ਨੂੰ ਸਵੇਰੇ 7:00 ਵਜੇ ਪਾਏ ਜਾਣਗੇ। ਉਪਰੰਤ 1:30 ਵਜੇ ਤੱਕ ਧਾਰਮਿਕ ਦਿਵਾਨ ਸਜਾਏ ਜਾਣਗੇ। ਜਿਸ ਵਿੱਚ 12 ਤੋਂ 1:00 ਵਜੇ ਤੱਕ ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਕੀਰਤਨ ਰਾਹੀਂ ਹਾਜ਼ਰੀ ਭਰਨਗੇ। ਸਮਾਪਤੀ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਭਾਜਪਾ ਪ੍ਰਧਾਨ ਡਾ. ਲਾਲਪੁਰਾ ਪ੍ਰਾਚੀਨ ਸ਼ਿਵ ਮੰਦਰ ਸਰਥਲੀ ਵਿਖੇ ਨਤਮਸਤਕ

ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾ. ਅਜੈਵੀਰ ਸਿੰਘ ਲਾਲਪੁਰਾ ਨੂਰਪੁਰ ਬੇਦੀ ਬਲਾਕ ਦੇ ਪਿੰਡ ਸਰਥਲੀ ਦੇ ਪਵਿੱਤਰ ਸ਼ਿਵ ਮੰਦਿਰ ਵਿਖੇ ਨਤਮਸਤਕ ਹੋਏ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਨ੍ਹਾਂ ਮਹੰਤ ਧੀਰਜ ਗਿਰੀ ਨਾਲ ਮੁਲਾਕਾਤ ਕੀਤੀ। ਡਾ. ਲਾਲਪੁਰਾ ਨੇ ਕਿਹਾ ਕਿ ਜਦੋਂ ਵੀ ਉਹ ਆਪਣੇ ਜੱਦੀ ਪਿੰਡ ਕਲਵਾਂ ਆਉਂਦੇ ਹਨ ਤਾਂ ਉਹ ਨੂਰਪੁਰ ਬੇਦੀ ਦੇ ਪਿੰਡਾਂ ਦੇ ਦੌਰਾ ਕਰਦੇ ਹਨ ਤੇ ਇਸ ਦੌਰਾਨ ਉਹ ਆਪਣੇ ਲੋਕਾਂ ਦੇ ਸੁੱਖ ਦੁੱਖ ਵਿਚ ਸ਼ਾਮਲ ਹੋਣ ਦਾ ਹਰ ਸੰਭਵ ਯਤਨ ਕਰਦੇ ਹਨ ਤੇ ਅੱਜ ਮੰਦਰ ਵਿਖੇ ਨਤਮਸਤ ਹੋ ਕੇ ਉਨ੍ਹਾਂ ਨੂੰ ਆਤਮਿਕ ਸ਼ੰਤੁਸ਼ਟੀ ਮਿਲੀ ਹੈ। ਇਸ ਮੌਕੇ ਉਨ੍ਹਾਂ ਮਹੰਤ ਧੀਰਜ ਗਿਰੀ ਨਾਲ ਇਲਾਕੇ ਦੀਆਂ ਵੱਖ-ਵੱਖ ਸਮੱਸਿਆਵਾਂ ਅਤੇ ਹੋਰਨਾਂ ਵਿਸ਼ਿਆਂ 'ਤੇ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਉਨਾਂ ਨਾਲ ਝਾਂਡੀਆਂ ਕਲਾਂ ਦੇ ਮੰਡਲ ਪ੍ਰਧਾਨ ਸੁਸ਼ੀਲ ਕੁਮਾਰ ਵੀ ਮੌਜੂਦ ਸਨ।

ਵਿਧਾਇਕ ਰਾਜਾ ਵੱਲੋਂ ਕੁਰਾਲਾ ਦੇ ਵਿਕਾਸ ਕਾਰਜਾਂ ਲਈ ਚੈੱਕ ਭੇਟ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-ਆਮ ਆਦਮੀ ਪਾਰਟੀ ਦੀ ਸਰਕਾਰ ਹਰੇਕ ਪਿੰਡ ਨੂੰ ਸਹੂਲਤ ਸੰਪੰਨ ਬਣਾ ਕੇ ਆਪਣੀ ਬਣਦੀ ਜਿੰਮੇਵਾਰੀ ਨਿਭਾਏਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਆਪਣੇ ਜੱਦੀ ਪਿੰਡ ਕੁਰਾਲਾ ਵਾਸਤੇ ਵਿਕਾਸ ਕਾਰਜਾਂ ਲਈ ਗਰਾਂਟ ਭੇਂਟ ਕਰਨ ਸਮੇਂ ਕੀਤਾ। ਵਿਧਾਇਕ ਨੇ ਸਰਪੰਚ ਜਰਨੈਲ ਸਿੰਘ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ 3.60 ਲੱਖ ਰੁਪਏ ਦਾ ਚੈੱਕ ਭੇਂਟ ਕੀਤਾ ਤੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਿੱਚ ਇਤਿਹਾਸਿਕ ਵਿਕਾਸ ਕਾਰਜਾਂ ਦੇ ਚਲਦਿਆਂ ਵਿਰੋਧੀ ਪਾਰਟੀਆਂ ਮੁੱਦਾਹੀਣ ਹੋਈਆਂ ਪਈਆਂ ਹਨ। ਹਲਕਾ ਉੜਮੁੜ ਟਾਂਡਾ ਦੇ ਸਮੁੱਚੇ ਵਿਕਾਸ ਕਾਰਜਾਂ ਲਈ ਹਰੇਕ ਪਿੰਡ ਨੂੰ ਬਿਨਾਂ ਕਿਸੇ ਭੇਦ ਭਾਵ ਤੇ ਰਾਜਨੀਤੀ ਤੋਂ ਉਪਰ ਉਠ ਕੇ ਗ੍ਰਾਂਟਾਂ ਦਿੱਤੀਆਂ ਜਾਣਗੀਆਂ ਤਾਂ ਜੋ ਸਾਰੇ ਹੀ ਪਿੰਡਾਂ ਦਾ ਸਰਵਪੱਖੀ ਵਿਕਾਸ ਹੋ ਸਕੇ। ਇਸ ਮੌਕੇ ਬਲਾਕ ਪ੍ਰਧਾਨ ਆਪ ਕੇਸਵ ਸਿੰਘ ਸੈਣੀ, ਅਤਵਾਰ ਸਿੰਘ ਪਲਾਹ ਚਕ,ਮਨਜਿੰਦਰ ਸਿੰਘ ਕੁਰਾਲਾ, ਮਾਸਟਰ ਮਹਿੰਦਰ ਸਿੰਘ ਗਿੱਲ,ਨਿਰਮਲ ਸਿੰਘ ਕੁਰਾਲਾ,ਮਨਪ੍ਰੀਤ ਸਿੰਘ ਗੋਲਡੀ, ਨਰਵਾਲ, ਗੋਲਡੀ ਵਰਮਾ,ਬਲਜੀਤ ਸੈਣੀ, ਸੁਰਿੰਦਰ ਭਾਟੀਆ, ਲੇਖ ਰਾਜ, ਧੀਰਜ ਪੂਰੀ ਆਦਿ ਵੀ ਹਾਜਰ ਸਨ।

ਚੰਨੀ ਨੇ ਕਰਮਜੀਤ ਕੌਰ ਚੌਧਰੀ ਨੂੰ ਵੋਟ ਪਾਉਣ ਦੀ ਕੀਤੀ ਅਪੀਲ

ਫਿਲੌਰ, (ਨਿਰਮਲ)

ਫਿਲੌਰ ਵਿਧਾਨ ਸਭਾ ਹਲਕੇ ਵਿੱਚ ਵੱਡੀਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਲੋਕਾਂ ਨੂੰ ਕਾਂਗਰਸੀ ਉਮੀਦਵਾਰ ਕਰਮਜੀਤ ਕੌਰ ਚੌਧਰੀ ਦੇ ਹੱਕ ਵਿੱਚ ਵੋਟ ਪਾ ਕੇ ਮਰਹੂਮ ਸੰਸਦ ਮੈਂਬਰ ਸੰਤੋਖ ਸਿੰਘ ਚੌਧਰੀ ਨੂੰ ਸਰਧਾਂਜਲੀ ਭੇਂਟ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਫਿਲੌਰ ਦੇ ਵੋਟਰਾਂ ਨੂੰ ਆਖਿਆ ਕਿ ਉਹ 'ਆਪ', ਭਾਜਪਾ ਜਾਂ ਅਕਾਲੀਆਂ ਨੂੰ ਵੋਟ ਪਾ ਕੇ ਆਪਣੀ ਵੋਟ ਬਰਬਾਦ ਨਾ ਕਰਨ ਅਤੇ ਲੋਕ ਸੇਵਾ ਨੂੰ ਆਪਣਾ ਜੀਵਨ ਸਮਰਪਿਤ ਕਰਨ ਅਤੇ ਜਲੰਧਰ ਵਾਸੀਆਂ ਦੇ ਜੀਵਨ ਪੱਧਰ ਨੂੰ ਸੁਧਾਰਨ ਲਈ ਅਣਥੱਕ ਮਿਹਨਤ ਕਰਨ ਵਾਲੇ ਸੰਤੋਖ ਸਿੰਘ ਚੌਧਰੀ ਦੀ ਯਾਦ ਨੂੰ ਆਪਣੀ ਵੋਟ ਸਮਰਪਿਤ ਕਰਨ। ਭਗਵੰਤ ਮਾਨ ਸਰਕਾਰ ਦੀ ਕਾਰਗੁਜਾਰੀ ਦੀ ਆਲੋਚਨਾ ਕਰਦਿਆਂ ਚੰਨੀ ਨੇ ਕਿਹਾ ਕਿ ਇਹ ਉਨ੍ਹਾਂ ਦੀ ਆਪਣੀ ਸਰਕਾਰ ਦੇ ਤਿੰਨ ਮਹੀਨਿਆਂ ਦੇ ਕਾਰਜਕਾਲ ਦੇ ਮੁਕਾਬਲੇ ਹਰ ਪੱਖ ਤੋਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਪੰਜਾਬੀਆਂ ਦਾ ਜੀਵਨ ਸੁਧਾਰਨ ਵੱਲ ਧਿਆਨ ਦੇਣ ਦੀ ਬਜਾਏ ਉਹਨਾਂ ਸਮੇਤ ਵਿਰੋਧੀ ਧਿਰ ਦੇ ਆਗੂਆਂ ਨੂੰ ਪ੍ਰੇਸ਼ਾਨ ਕਰਨ ਲਈ ਸੱਤਾ ਦੀ ਦੁਰਵਰਤੋਂ ਕਰ ਰਹੀ ਹੈ। 'ਆਪ' ਸਰਕਾਰ ਨੂੰ ਦਲਿਤ ਵਿਰੋਧੀ ਅਤੇ ਗਰੀਬ ਵਿਰੋਧੀ ਕਰਾਰ ਦਿੰਦਿਆਂ ਚੰਨੀ ਨੇ ਕਿਹਾ ਕਿ ਇਸ ਸਰਕਾਰ ਨੇ ਅਨੁਸੂਚਿਤ ਜਾਤੀ ਨਾਲ ਸਬੰਧਤ ਵਕੀਲਾਂ ਨੂੰ ਐਡਵੋਕੇਟ ਜਨਰਲ ਦਫ਼ਤਰ ਵਿੱਚ ਅਸਾਮੀਆਂ ਲਈ ਰਾਖਵੇਂਕਰਨ ਦਾ ਲਾਭ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਵੱਲੋਂ ਅਨੁਸੂਚਿਤ ਜਾਤੀ ਦਾ ਉਪ ਮੁੱਖ ਮੰਤਰੀ ਲਗਾਉਣ ਦਾ ਵਾਅਦਾ ਵੀ ਪੂਰਾ ਨਹੀਂ ਕੀਤਾ ਗਿਆ, ਜਦੋਂ ਕਿ ਉਹ ਜਲੰਧਰ ਜ਼ਿਮਨੀ ਚੋਣ ਵਿੱਚ ਵੀ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਗਰੀਬ ਲੋਕਾਂ ਨੂੰ ਉਨ੍ਹਾਂ ਦਾ ਰਾਸ਼ਨ ਦਾ ਹੱਕ ਵੀ ਨਹੀਂ ਦਿੱਤਾ ਜਾ ਰਿਹਾ ਹੈ। ਚੰਨੀ ਨੇ ਮੀਟਿੰਗਾਂ ਵਿੱਚ ਹਾਜਰ ਔਰਤਾਂ ਨੂੰ ਸਵਾਲ ਕਰਦਿਆਂ ਆਖਿਆ, ਕੀ ਉਨ੍ਹਾਂ ਨੂੰ 1000 ਰੁਪਏ ਮਿਲੇ ਹਨ, ਜੋ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਇੱਕ ਵੱਡਾ ਵਾਅਦਾ ਸੀ। ਚੰਨੀ ਨੇ ਕਿਹਾ ਕਿ ਕਾਂਗਰਸੀ ਉਮੀਦਵਾਰ ਕਰਮਜੀਤ ਕੌਰ ਚੌਧਰੀ ਲੋਕ ਸੇਵਾ ਪ੍ਰਤੀ ਵਚਨਬੱਧ ਅਤੇ ਚੌਧਰੀ ਸੰਤੋਖ ਸਿੰਘ ਦੀ ਵਿਰਾਸਤ ਨੂੰ ਅੱਗੇ ਤੋਰਨ ਲਈ ਸਮਰਪਿਤ ਹੈ। ਸਾਬਕਾ ਮੁੱਖ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਜਿਸ ਤਰਵਾਂ ਚੌਧਰੀ ਸੰਤੋਖ ਸਿੰਘ ਆਪਣੇ ਜੀਵਨ ਦੌਰਾਨ ਜਨਤਾ ਦੀ ਸੇਵਾ ਨੂੰ ਸਮਰਪਿਤ ਰਹੇ, ਉਸੇ ਤਰਵਾਂ ਕਰਮਜੀਤ ਕੌਰ ਚੌਧਰੀ ਵੀ ਜਲੰਧਰ ਦੇ ਲੋਕਾਂ ਦੀ ਸੇਵਾ ਕਰਨ ਲਈ ਤਿਆਰ ਹੈ।

ਕੈਨੇਡਾ ਦੇ ਕੇਂਦਰੀ ਮੰਤਰੀ ਹਰਜੀਤ ਸਿੰਘ ਸੱਜਣ ਨਾਲ ਰਵਨੀਤ ਕੌਰ ਨੇ ਵਿਦਿਆਰਥੀ ਮਸਲੇ ਵਿਚਾਰੇ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)

ਪੰਜਾਬ ਵਿੱਚੋਂ ਕਨੇਡਾ ਜਾ ਰਹੇ ਵਿਦਿਆਰਥੀਆਂ ਦੇ ਮਸਲੇ ਆਏ ਦਿਨ ਵਧਦੇ ਜਾ ਰਹੇ ਹਨ। ਕਿਸੇ ਨੂੰ ਪੀ ਆਰ ਨਹੀਂ ਮਿਲ ਰਹੀ ਤੇ ਕਿਸੇ ਨੂੰ ਰੁਜਗਾਰ ਨਹੀਂ ਮਿਲ ਰਿਹਾ ਤੇ ਵਿਦਿਆਰਥੀ ਬਾਕੀ ਵਿਦਿਆਰਥੀਆਂ ਦੇ ਕੈਰੀਅਰ ਨੂੰ ਢਾਹ ਲਾ ਰਹੇ ਹਨ। ਅਜਿਹੇ ਮਸਲਿਆਂ 'ਤੇ ਵਿਚਾਰ ਕਰਨ ਲਈ ਖਾਲਸਾ ਕਾਲਜ ਮਾਹਿਲਪੁਰ ਦੀ ਸਾਬਕਾ ਵਿਦਿਆਰਥਣ ਰਵਨੀਤ ਕੌਰ ਨੇ ਕੈਨੇਡਾ ਦੇ ਕੇਂਦਰੀ ਮੰਤਰੀ ਹਰਜੀਤ ਸਿੰਘ ਸੱਜਣ ਨਾਲ ਇਨ੍ਹਾਂ ਮਸਲਿਆਂ 'ਤੇ ਵਿਚਾਰ ਵਟਾਂਦਰਾ ਕੀਤਾ। ਹਰਜੀਤ ਸਿੰਘ ਸੱਜਣ ਨੇ ਕਿਹਾ ਕਿ ਮਾਹਿਲਪੁਰ ਇਲਾਕੇ ਨੇ ਪੂਰੀ ਦੁਨੀਆਂ ਵਿੱਚ ਨਾਮਨਾ ਕਮਾਇਆ ਹੈ । ਉਹਨਾਂ ਆਪਣੇ ਪਿਤਰੀ ਇਲਾਕੇ ਮਾਹਿਲਪੁਰ, ਬੰਬੇਲੀ, ਬਾਹੋਵਾਲ, ਮਹਿਮਦਵਾਲ ਆਦਿ ਪਿੰਡਾਂ ਦੀਆਂ ਯਾਦਾਂ ਵੀ ਸਾਂਝੀਆਂ ਕੀਤੀਆਂ। ਵਿਦਿਆਰਥੀਆਂ ਨੂੰ ਉਹਨਾਂ ਭਰੋਸਾ ਦਿੱਤਾ ਕੇ ਸਹੀ ਵਿਦਿਆਰਥੀਆਂ ਨੂੰ ਕਿਸੀ ਪ੍ਰਕਾਰ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਕਨੇਡਾ ਦਾ ਸਿਸਟਮ ਮਨੁੱਖੀ ਅਧਿਕਾਰਾਂ ਦੀ ਕਦਰ ਕਰਦਾ ਹੈ। ਜਿਸ ਕਰਕੇ ਹਰ ਇਨਸਾਨ ਆਪਣੀ ਮਿਹਨਤ ਨਾਲ ਤਰੱਕੀ

22-April-PAGE-9.qxd 4/21/2023 10:57 PM Page 1

ਐਲਾਨ ਤੇ ਨੋਟੀਫਿਕੇਸ਼ਨ ਹੋਣ ਦੇ ਬਾਵਜੂਦ ਐਨ ਪੀ ਐਸ ਕਟੌਤੀ ਬੰਦ ਨਾ ਹੋਣ ਕਾਰਨ ਮੁਲਾਜ਼ਮਾਂ 'ਚ ਭਾਰੀ

ਜਲੰਧਰ (ਰਾਜੇਸ ਥਾਪਾ)

2022 ਵਿੱਚ ਮੁੱਖ ਮੰਤਰੀ ਪੰਜਾਬ ਨੇ ਲਾਈਵ ਹੋ ਕੇ ਵੱਖ ਵੱਖ ਚੈਨਲਾਂ ਰਾਹੀਂ ਪੰਜਾਬ ਵਿੱਚ ਪੁਰਾਣੀ ਪੈਂਨਸ਼ਨ ਬਹਾਲ ਕਰਨ ਦਾ ਐਲਾਨ ਕੀਤਾ ਅਤੇ ਇਸ ਵਿੱਚ ਇਹ ਵੀ ਕਿਹਾ ਗਿਆ ਕਿ ਪੁਰਾਣੀ ਪੈਂਨਸ਼ਨ ਇੰਨਬਿੰਨ ਲਾਗੂ ਕੀਤੀ ਜਾਵੇਗੀ। ਜਦੋਂ ਕਿ ਰਾਜਸਥਾਨ ਵਿੱਚ ਇਹ ਐਲਾਨ ਪਹਿਲਾਂ ਹੀ ਹੋ ਚੁੱਕਾ ਸੀ। ਪੰਜਾਬ ਤੋਂ ਬਾਅਦ ਹਿਮਾਚਲ ਦੀ ਸਰਕਾਰ ਨੇ ਐਲਾਨ ਕੀਤਾ ਅਤੇ ਲਾਗੂ ਵੀ ਕਰ ਦਿੱਤੀ। ਪਰ ਪੰਜਾਬ ਸਰਕਾਰ ਵੱਲੋਂ ਇਸ ਐਲਾਨ ਦੇ ਸਿਆਸੀ ਲਾਹੇ ਲੈਣ ਵਿੱਚ ਤਾਂ ਕੋਈ ਕਮੀ ਨਹੀਂ ਆਈ ਪਰ ਲਾਗੂ ਕਰਨ ਦੀ ਗੰਭੀਰਤਾ ਨਹੀਂ ਦਿਖਾਈ ਗਈ। ਪਹਿਲਾਂ ਰਾਜਪਾਲ ਵੱਲੋਂ ਉੱਚ ਅਧਿਕਾਰੀਆਂ ਦੀ ਕਮੇਟੀ ਬਣਾਈ ਗਈ ਫਿਰ ਮੰਤਰੀਆਂ ਦੀ ਸਬ ਕਮੈਟੀ ਬਣਾਈ ਗਈ। ਮੁਲਾਜਮਾਂ ਵਿੱਚ ਭਾਰੀ ਰੋਸ ਹੈ ਲੋਕਾਂ ਨੇ ਪੰਜਾਬ ਵਿੱਚ ਵੱਡਾ ਸਿਆਸੀ ਬਦਲਾਅ ਲਿਆ ਕੇ ਨਵੇਂ ਤੇ ਜੋਸ਼ੀਲੇ ਸਮਝੇ ਜਾਂਦੇ ਲੋਕਾਂ ਦੀ ਸਰਕਾਰ ਇਸ ਲਈ ਚੁਣੀ ਕਿ ਮਸ਼ਲੇ ਤਤਪਰਤਾ ਨਾਲ ਨਿਬੇੜੇ ਜਾਣਗੇ। ਪੁਰਾਣੀ ਪੈਨਸਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ-ਕੁਲਦੀਪ ਵਾਲੀਆ ਅਤੇ ਕੋ-ਕਨਵੀਨਰ ਦਿਲਬਾਗ ਸਿੰਘ ਨੇ ਦਸਦੇ ਹੋਏ ਕਿਹਾ ਕਿ ਮੁੱਖ ਮੰਤਰੀ ਨੇ ਕਿਹਾ ਸੀ ਕਿ ਜੋ ਕਹਾਂਗੇ ਉਹ ਕਰਾਂਗੇ ਅਤੇ ਜੋ ਨਹੀਂ ਕਰਨਾ ਉਹ ਅਸੀਂ ਕਹਿੰਦੇ ਨਹੀਂ। ਇਹ ਉਸ ਸਮੇਂ ਦੀਆਂ ਟੈਲੀਕਾਸਟ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ। ਇਹ ਕੇਹੀ ਸਰਕਾਰ ਲੋਕਾਂ ਨੇ ਚੁਣੀ ਜੋ ਅਪਣੇ ਖੁਦ ਦੇ ਲਏ ਫੈਸਲੇ ਨੂੰ ਲਾਗੂ ਕਰਨ ਵਿੱਚ ਐਨੀ ਦੇਰੀ ਕਰ ਰਹੀ ਹੈ ਜਦੋਂ ਕਿ ਬਾਅਦ ਵਿੱਚ ਐਲਾਨ ਕਰਕੇ ਹਿਮਾਚਲ ਸਰਕਾਰ ਨੇ ਲਾਗੂ ਵੀ ਕਰ ਦਿੱਤਾ ਹੈ। ਇਸ ਤੋਂ ਨਾਰਾਜ ਮੁਲਾਜਮ 23 ਅਪ੍ਰੈਲ, 30 ਅਪ੍ਰੈਲ ਅਤੇ 7 ਮਈ ਨੂੰ ਪੰਜਾਬ ਯੂ ਟੀ ਮੁਲਾਜਮ ਅਤੇ ਪੈਂਨਸ਼ਨਰਜ ਸਾਂਝਾ ਫਰੰਟ ਵੱਲੋਂ ਕੀਤੇ ਜਾਣ ਵਾਲੇ ਮਾਰਚਾਂ ਵਿੱਚ ਪੰਜਾਬ ਭਰ ਤੋਂ ਪੁਰਾਣੀ ਪੈਂਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਭਰਵੀਂ ਸ਼ਮੂਲੀਅਤ ਕਰਨਗੇ। ਆਉਣ ਵਾਲੀ 30 ਅਪ੍ਰੈਲ ਨੂੰ ਸੂਬਾ ਪੱਧਰੀ ਮੀਟਿੰਗ ਵਿੱਚ ਕਰਮਚਾਰੀਆਂ ਦੇ ਰੋਸ ਨੂੰ ਅੰਦੋਲਨ 'ਚ ਬਦਲਣ ਲਈ ਰੂਪ ਰੇਖਾ ਉਲੀਕੀ ਜਾਵੇਗੀ । ਉਨ੍ਹਾਂ ਕਿਹਾ ਕੀ ਮੁਲਾਜਮ ਉਮੀਦ ਕਰ ਰਹੇ ਹਨ ਕਿ ਸਰਕਾਰ ਚਾਹੇ ਤਾਂ ਰਾਜਸਥਾਨ ਤੇ ਹਿਮਾਚਲ ਦੀ ਤਰਜ 'ਤੇ ਲਾਗੂ ਕਰ ਸਕਦੀ ਹੈ। ਇਸ ਵਿੱਚ ਦੇਰੀ ਕਾਰਨ ਮੁਲਾਜਮਾਂ ਦੀ ਸਰਕਾਰ ਪ੍ਰਤੀ ਧਾਰਨਾ ਬਦਲ ਰਹੀ ਹੈ। ਜੋ ਸਰਕਾਰ ਆਮ ਲੋਕਾਂ ਦੇ ਹਿਤਾਂ ਲਈ ਬਣੀ ਹੈ ਇਹ ਸਿਰਫ ਆਪਣੇ ਹਿੱਤਾਂ ਲਈ ਹੀ ਬਣੀ ਹੈ। ਇਸ ਨੂੰ ਪਾਰਲੀਮੈਂਟ ਇਲੈਕਸ਼ਨ ਵਿੱਚ ਜਬਰਦਸਤ ਹਾਰ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਨਵਜੋਤ ਸਾਹਿਤ ਸੰਸਥਾ ਔੜ ਦੀ ਨਵਾਂਸ਼ਹਿਰ 'ਚ ਹੋਈ ਸਮੀਖਿਆ ਮੀਟਿੰਗ

ਨਵਾਂ ਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)

ਨਵਜੋਤ ਸਾਹਿਤ ਸੰਸਥਾ (ਰਜਿ.) ਔੜ ਦੀ ਸਮੀਖਿਆ ਮੀਟਿੰਗ ਨਵਾਂ ਸ਼ਹਿਰ ਦੇ ਬੰਗਾ ਰੋਡ 'ਤੇ ਸਥਿਤ ਗੁਲਜ਼ਾਰ ਨਗਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਮੈਡਮ ਰਜਨੀ ਸ਼ਰਮਾ ਨੇ ਕੀਤੀ। ਮੀਟਿੰਗ ਦੌਰਾਨ ਸੰਸਥਾ ਵਲੋਂ

'ਮਹਿਲਾ ਸਸ਼ਕਤੀਕਰਨ' ਵਜੋਂ ਮਨਾਏ ਜਾ ਰਹੇ ਮਹੀਨਾਵਾਰ ਸਮਾਗਮਾਂ ਦੀ ਸਮੀਖਿਆ ਕੀਤੀ ਗਈ। ਸਮੂਹ ਮੈਂਬਰਾਂ ਨੇ ਇਹਨਾਂ ਸਮਾਗਮਾਂ ਦੀ ਸਫ਼ਲਤਾ ਲਈ ਸੰਸਥੇ ਦੇ ਮਹਿਲਾ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਇਸ ਦੇ ਨਾਲ ਹੀ ਅਗਲੇ ਮਹੀਨਿਆਂ 'ਚ ਕਰਵਾਏ ਜਾ ਰਹੇ ਸਮਾਗਮਾਂ ਲਈ ਵੀ ਵਿਉਂਤਬੰਦੀ ਕੀਤੀ ਗਈ। ਮੀਟਿੰਗ ਦੌਰਾਨ ਰਚਨਾਵਾਂ ਦੇ ਚੱਲੋ ਦੌਰ 'ਚ ਗੁਰਨੇਕ ਸ਼ੇਰ ਨੇ 'ਜਦ ਵੀ ਲੋਕੀਂ ਹਸਦੇ ਨੇ ਤਨ ਮੇਰੇ ਨੂੰ ਪੱਛਦੇ ਨੇ, ਕੀ ਦੱਸਾਂ ਮੈਂ ਲੋਕਾਂ ਤਾਈਂ ਅਗਲੇ ਹਾਸੇ ਰੱਸਦੇ ਨੇ' ਰਾਹੀ ਆਗਾਜ਼ ਹੋਇਆ। ਉਪਰੰਤ ਦੇਸ ਰਾਜ ਬਾਲੀ ਨੇ 'ਚੀਂ ਚੀਂ ਕਰਦੀਆਂ ਚਿੜੀਆਂ ਸਾਡੇ ਘਰੇ ਆਉਂਦੀਆਂ', ਅਤੇ ਹਰੀ ਕ੍ਰਿਸ਼ਨ ਪਟਵਾਰੀ ਨੇ 'ਮੁੰਡਿਆਂ ਵਾਲੇ ਮੰਗਦੇ ਕਾਰਾਂ ਮੈਂ ਕਾਰਾਂ ਕਿੱਥੋਂ ਲਿਆਉਂਗੀ' ਤਰਨੰਮ 'ਚ ਗੀਤ ਗਾਏ। ਸੰਸਥਾ ਦੇ ਸਕੱਤਰ ਅਮਰ ਜਿੰਦ ਨੇ ਵਹਿਮਾਂ ਭਰਮਾਂ ਨੂੰ ਭੰਡਦੀ ਕਵਿਤਾ ਸਾਂਝੀ ਕੀਤੀ, ਸਤਪਾਲ ਸਾਹਲੋਂ ਨੇ ਜ਼ਿੰਦਗੀ ਦਾ ਅਨੁਵਾਦ ਕਰਦੀ ਗ਼ਜ਼ਲ ਸੁਣਾਈ ਅਤੇ ਸੁਰਜੀਤ ਮਜਾਰੀ ਨੇ ਆਪਣੀ ਰਚਨਾ ਰਾਹੀਂ ਕੁਦਰਤ ਦੇ ਰੰਗਾਂ ਨਾਲ ਜੋੜਿਆ। ਇਸ ਮੌਕੇ ਸੰਸਥਾ ਦੇ ਪ੍ਰਧਾਨ ਰਜਨੀ ਸ਼ਰਮਾ ਦਾ ਸਨਮਾਨ ਵੀ ਕੀਤਾ ਗਿਆ ਅਤੇ ਹਾਜ਼ਰ ਮੈਂਬਰਾਂ ਨੇ ਪੁਸਤਕਾਂ ਦਾ ਅਦਾਨ ਪ੍ਰਦਾਨ ਕਰਕੇ ਸਾਹਿਤਕ ਸਾਂਝ ਵੀ ਵਧਾਈ। ਇਸ ਮੌਕੇ ਅਗਲੇ ਸਮਾਗਮ ਬਾਰੇ ਫ਼ੈਸਲਾ ਲਿਆ ਕਿ ਪਿੰਡ ਮਹਿਮੂਦਪੁਰ ਵਿਖੇ 22 ਅਪਰੈਲ ਨੂੰ ਸਵੇਰੇ 9 ਤੋਂ 11ਵਜੇ ਤੱਕ 'ਸਾਹਿਤਕ ਰੂਬਰੂ' ਪ੍ਰੋਗਰਾਮ ਹੋਵੇਗਾ। ਇਸ ਮੌਕੇ ਪ੍ਰਵਾਸੀ ਲੇਖਿਕਾ ਮਨਜੀਤ ਕੌਰ ਪੱਡਾ ਨਾਲ ਉਹਨਾਂ ਦੇ ਸਾਹਿਤਕ ਸਫ਼ਰ, ਉਹਨਾਂ ਦੀਆਂ ਪ੍ਰਕਾਸ਼ਨਾਵਾਂ ਅਤੇ ਜ਼ਿੰਦਗੀ ਦੇ ਸੰਘਰਸ਼ ਬਾਰੇ ਸਾਂਝ ਪਾਈ ਜਾਵੇਗੀ। ਸਮਾਗਮ ਦੌਰਾਨ ਸ਼੍ਰੀਮਤੀ ਕੁਲਵੰਤ ਕੌਰ ਸੇਵਾ ਮੁਕਤ ਮੁੱਖ ਅਧਿਆਪਕਾ ਸਵਾਗਤੀ ਸ਼ਬਦ ਕਹਿਣਗੇ ਜਦੋਂ ਕਿ ਬੀਬੀ ਚਰਨ ਕੌਰ ਲਾਖਾ ਕੈਨੇਡਾ ਸਨਮਾਨ ਰਸਮ ਨਿਭਾਉਣਗੇ।

ਡਿਪਟੀ ਕਮਿਸ਼ਨਰ ਵੱਲੋਂ ਸਵੀਪ ਪ੍ਰੋਗਰਾਮ ਤਹਿਤ ਜਾਗਰੂਕਤਾ ਪੋਸਟਰ ਰਿਲੀਜ਼

ਜਲੰਧਰ (ਸ਼ੈਲੀ ਐਲਬਰਟ)

ਲੋਕ ਸਭਾ ਹਲਕਾ ਜਲੰਧਰ ਦੀ 10 ਮਈ ਨੂੰ ਹੋਣ ਜਾ ਰਹੀ ਜਿਮਨੀ ਚੋਣ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਨੇ ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ (ਸਵੀਪ) ਪ੍ਰੋਗਰਾਮ ਤਹਿਤ ਜਾਗਰੂਕਤਾ ਪੋਸਟਰ ਰਿਲੀਜ਼ ਕਰਦਿਆਂ ਜ਼ਿਲ੍ਹੇ ਦੇ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਦੀ ਅਪੀਲ ਕੀਤੀ । ਜ਼ਿਲ੍ਹਾ ਚੋਣ ਅਫ਼ਸਰ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੋਟਰ ਜਾਗਰੂਕਤਾ ਲਈ ਇਹ ਪੋਸਟਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਲਗਾਏ ਜਾਣਗੇ। ।ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਸਵੀਪ ਪ੍ਰੋਗਰਾਮ ਤਹਿਤ ਜ਼ਿਲ੍ਹੇ ਵਿੱਚ ਵਿਆਪਕ ਜਾਗਰੂਕਤਾ ਮੁਹਿਮ ਵਿੱਢੀ ਗਈ ਹੈ ਤਾਂ ਜੋ 10 ਮਈ ਨੂੰ ਵੋਟਾਂ ਵਾਲੇ ਦਿਨ ਵੱਧ ਤੋਂ ਵੱਧ ਵੋਟਿੰਗ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਪੱਧਰ ਤੋਂ ਬੂਥ ਪੱਧਰ ਤੱਕ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਸਵੀਪ ਰੈਲੀਆਂ, ਵੋਟ ਦੀ ਮਹੱਤਤਾ ਵਿਸ਼ੇ 'ਤੇ ਸੈਮੀਨਾਰ, ਨੈਤਿਕ ਵੋਟਿੰਗ ਨੂੰ ਸਮਰਪਿਤ ਵੱਖ-ਵੱਖ ਮੁਕਾਬਲੇ, ਹਸਤਾਖ਼ਰ ਅਭਿਆਨ, ਵੋਟਰ ਪ੍ਰਣ, ਡੋਰ-ਟੂ-ਡੋਰ ਮੁਹਿੰਮ ਤੋਂ ਇਲਾਵਾ ਹੋਰ ਜਾਗਰੂਕਤਾ ਸਰਗਰਮੀਆਂ ਸ਼ਾਮਲ ਹਨ । ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰੇਕ ਵੋਟਰ ਨੂੰ ਆਪਣੀ ਵੋਟ ਜ਼ਰੂਰ ਪਾਉਣੀ ਚਾਹੀਦੀ ਹੈ। ਉਨ੍ਹਾਂ ਵੋਟਰਾਂ ਨੂੰ ਵੋਟਾਂ

ਵਾਲੇ ਦਿਨ ਖੁਦ ਵੋਟ ਪਾਉਣ ਦੇ ਨਾਲ-ਨਾਲ ਹੋਰਨਾਂ ਵੋਟਰਾਂ ਨੂੰ ਵੀ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ, ਐਸ.ਡੀ.ਐਮ. ਬਲਬੀਰ ਰਾਜ ਸਿੰਘ, ਸਹਾਇਕ ਕਮਿਸ਼ਨਰ (ਯੂ.ਟੀ.) ਮੇਜਰ ਡਾ. ਇਰਨਿਵ ਕੌਰ, ਚੋਣ ਤਹਿਸੀਲਦਾਰ ਸੁਖਦੇਵ ਸਿੰਘ, ਸਵੀਪ ਨੋਡਲ ਅਫ਼ਸਰ ਸੁਰਜੀਤ ਲਾਲ ਵੀ ਮੌਜੂਦ ਸਨ।

ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਸੂਬਾ ਸਰਕਾਰ ਖਿਲਾਫ ਪੋਲ ਖੋਲ੍ਹ ਰੈਲੀ ਦਾ ਐਲਾਨ

ਟਾਂਡਾ ਉੜਮੁੜ,(ਓਂਕਾਰ ਸਿੰਘ, ਜਸਵਿੰਦਰ ਸੰਧੂ)

ਸੂਬਾ ਸਰਕਾਰ ਵੱਲੋਂ ਕੱਚੇ ਸਿਹਤ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਫੈਸਲਾ ਨਾ ਲੈਣ ਤੋਂ ਅੱਕੇ ਕੱਚੇ ਸਿਹਤ ਮੁਲਾਜ਼ਮਾਂ ਵੱਲੋਂ ਜਲੰਧਰ ਜ਼ਿਮਨੀ ਚੋਣ ਦੌਰਾਨ 'ਆਪ' ਸਰਕਾਰ ਖਿਲਾਫ ਪੋਲ ਖੋਲ੍ਹ ਰੈਲੀ ਕਰਦਿਆਂ ਜਲੰਧਰ ਦੇ ਲੋਕਾਂ ਨੂੰ ਸਰਕਾਰ ਦੀ ਅਸਲੀਅਤ ਦੱਸਣ ਦਾ ਫੈਸਲਾ ਲਿਆ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਯੂਨੀਅਨ ਦੀ ਜ਼ਿਲਾ ਪ੍ਰਧਾਨ ਨੀਤੂ ਨਿਰਮਲ ਨੇ ਦੱਸਿਆ ਕਿ ਇਹ ਫੈਸਲਾ ਐੱਨ.ਐੱਚ.ਐੱਮ, ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਆਖਿਆ 1 ਮਈ ਨੂੰ ਮਜਦੂਰ ਦਿਵਸ ਮੌਕੇ ਸਮੂਹ ਕੱਚੇ ਸਿਹਤ ਮੁਲਾਜ਼ਮ ਸਮੂਹਿਕ ਛੁੱਟੀ ਲੈ ਕੇ ਜਲੰਧਰ ਜਾਣਗੇ ਤੇ ਉੱਥੇ ਸਰਕਾਰ ਖਿਲਾਫ ਪੋਲ ਖੋਲ੍ਹ ਰੈਲੀ ਕਰਨ ਉਪਰੰਤ ਜਲੰਧਰ ਦੇ ਲੋਕਾਂ ਵਿਚ 50 ਹਜ਼ਾਰ ਪੈਂਫਲਿਟ ਵੰਡਣਗੇ।ਕ ਂਚੇ ਕਾਮਿਆਂ ਨੇ ਫੈਸਲਾ ਕੀਤਾ ਹੈ ਕਿ ਉਹ ਜਲੰਧਰ ਦੇ ਲੋਕਾਂ ਨੂੰ ਪੈਂਫਲਿਟਾਂ ਰਾਹੀਂ ਦੱਸਣਗੇ ਕਿ ਇਸ ਸਰਕਾਰ ਨੇ ਸਿਹਤ ਵਿਭਾਗ ਵਿੱਚ ਅਜੇ ਤੱਕ ਇਕ ਮੁਲਾਜ਼ਮ ਪੱਕਾ ਨਹੀਂ ਕੀਤਾ ਹੈ ਤੇ 'ਬਦਲਾਅ' ਦੀ ਗੱਲ ਕਰਨ ਵਾਲੀ ਇਸ ਸਰਕਾਰ ਵਿੱਚ ਵੀ ਮੁਲਾਜ਼ਮ ਨਿਗੂਣੀਆਂ ਤਣਖਾਹਾਂ ਤਹਿਤ ਨੌਕਰੀ ਕਰ ਰਹੇ ਹਨ। ਜ਼ਿਲਾ ਪ੍ਰਧਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਕੌਮੀ ਸਿਹਤ ਮਿਸ਼ਨ ਤਹਿਤ ਕੰਮ ਕਰਦੇ ਸਮੂਹ ਕੱਚੇ ਮੁਲਾਜਮਾਂ ਨੂੰ ਸਰਕਾਰ ਬਨਣ 'ਤੇ ਰੈਗੂਲਰ ਕਰਨ ਦਾ ਵਾਅਦਾ ਕੀਤਾ ਗਿਆ ਸੀ ਪਰ ਹੁਣ ਸਰਕਾਰ ਬਣਿਆ ਇਕ ਸਾਲ ਤੋਂ ਜ਼ਿਆਦਾ ਦਾ ਸਮਾਂ ਹੋ ਜਾਣ ਦੇ ਬਾਵਜੂਦ ਉਨ੍ਹਾਂ ਨੂੰ ਪੱਕੇ ਨਹੀਂ ਕੀਤਾ ਗਿਆ ਹੈ। ਇਸ ਮੌਕੇ ਤਰਵਿੰਦਰ ਕੁਮਾਰ,ਸਪਨਾ ਭੱਲਾ,ਹਰਕਿਰਨ ਕੌਰ,ਅਮਨਪ੍ਰੀਤ ਕੌਰ,ਰਵਿੰਦਰ ਕੌਰ,ਮਨਪ੍ਰੀਤ ਕੌਰ,ਡਾ.ਰਵੀ ਕੁਮਾਰ,ਡਾ.ਸਰੋਜ,ਸੰਦੀਪ ਕੁਮਾਰ,ਬਿੰਨੀ ਮਲਹੋਤਰਾ,ਉਮੇਸ਼ ਮਲਿਕ,ਆਸ਼ਾ ਆਨੰਦ ਅਤੇ ਡਾ.ਦੀਪਕ ਕੁਮਾਰ ਮੌਜੂਦ ਸਨ।

ਆਮ ਆਦਮੀ ਪਾਰਟੀ ਦਾ ਨਕੋਦਰ 'ਚ ਖੁੱਲ੍ਹਿਆ ਮੁੱਖ ਦਫਤਰ

ਨੂਰਮਹਿਲ (ਬਾਲ ਕ੍ਰਿਸਨ ਬਾਲੀ)

ਆਮ ਆਦਮੀ ਪਾਰਟੀ ਪਾਰਟੀ ਦਾ ਲੋਕ ਸਭਾ ਜ਼ਿਮਨੀ ਚੋਣ ਵਾਸਤੇ ਦਫਤਰ ਖੋਲ੍ਹਿਆ ਗਿਆ ਇਸ ਦਫਤਰ ਦਾ ਉਦਘਾਟਨ ਮਾਨਯੋਗ ਪੰਜਾਬ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਰਣਜੀਤ ਸਿੰਘ ਚੀਮਾਂ ਚੇਅਰਮੈਨ ਵਾਟਰ ਸਪਲਾਈ ਮਹਿਕਮਾ, ਜਗਤਾਰ ਸਿੰਘ ਕਿਸਾਨ ਵਿੰਗ ਪ੍ਰਧਾਨ ਦਰਸ਼ਨ ਟਾਹਲੀ ਜਿਲਾ ਪ੍ਰੀਸ਼ਦ ਵਾਇਸ ਚੇਅਰਮੈਨ ਅਤੇ ਹਲਕਾ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਨੇ ਕੀਤਾ ਇਸ ਮੌਕੇ 'ਤੇ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਭਾਰੀ ਗਿਣਤੀ 'ਚ ਸ਼ਾਮਲ ਸਨ ਇਸ ਮੌਕੇ 'ਤੇ ਮੈਡਮ ਇੰਦਰਜੀਤ ਕੌਰ ਮਾਨ ਨੇ ਸੰਬੋਧਨ ਕੀਤਾ ਆਪਣੇ ਹਲਕੇ ਦੇ ਵਲੰਟੀਅਰਾਂ ਨੂੰ ਦਫਤਰ ਖੋਲ੍ਹਣ ਦੀ ਵਧਾਈ ਦਿੱਤੀ ਇਸ ਤੋਂ ਇਲਾਵਾ ਪੰਜਾਬ ਕੈਬਨਿਟ ਮੰਤਰੀ ਨੇ ਵੀ ਸੰਬੋਧਨ ਕੀਤਾ ਅਤੇ ਕੀ ਹੈ ਇਸ ਵਾਰ ਆਮ ਆਦਮੀ ਪਾਰਟੀ ਜਲੰਧਰ ਲੋਕ ਸਭਾ ਜ਼ਿਮਨੀ

ਚੋਣ ਭਾਰੀ ਗਿਣਤੀ ਦੇ ਨਾਲ ਜਿੱਤੇਗੀ ਪੰਜਾਬ ਦੇ ਲੋਕ ਪੰਜਾਬ ਸਰਕਾਰ ਦੇ ਕੀਤੇ ਹੋਏ ਕੰਮਾਂ ਤੋਂ ਕਾਫੀ ਖੁਸ਼ ਹਨ ਜੋ ਵੀ ਗਰੰਟੀ ਦਿੱਤੀਆਂ ਗਈਆਂ ਹਨ ਇੱਕ-ਇੱਕ ਕਰਕੇ ਪੂਰੀਆਂ ਕੀਤੇ ਜਾ ਰਹੇ ਹਨ ਇਸ ਮੌਕੇ ਨਕੋਦਰ ਵਿੱਚ ਪਾਰਟੀ ਨੂੰ ਉਸ ਵਕਤ ਬਲ ਮਿਲਿਆਂ ਜਦੋਂ ਮੋਹਿਤ ਭਲਾ ਅਤੇ ਬਰਾਦਰੀ ਕਾਂਗਰਸ ਪਾਰਟੀ ਛੱਡ ਕੇ ਅਤੇ ਰਿਕੂ ਖਾਨ ਭਾਜਪਾ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਇਸ ਮੌਕੇ ਨਕੋਦਰ ਦੀ ਟੀਮ ਜਿਸ 'ਚ ਜਸਵੀਰ ਸਿੰਘ ਧੰਜਲ, ਸ਼ਾਂਤੀ ਸਰੂਪ ਜ਼ਿਲ੍ਹਾ ਸਕੱਤਰ ਐਸ ਸੀ ਐਸ ਟੀਵਿੰਗ, ਪ੍ਰਦੀਪ ਸੇਰਪੁਰ , ਨਰੇਸ਼ ਕੁਮਾਰ, ਬਲਦੇਵ ਸਹੋਤਾ, ਸੰਜੀਵ ਅਹੂਜਾ ਲਖਵੀਰ ਕੌਰ ਸੰਘੇੜਾ, ਸੁਰਿੰਦਰ ਕੁਮਾਰ ਪਿੰਡ ਉੱਗੀ, ਹਿਮਾਂਸ਼ੂ, ਜੈਨ ਬੋਬੀ ਸ਼ਰਮਾ, ਨਰਿੰਦਰ ਸ਼ਰਮਾ, ਜਸਵੀਰ ਸੰਗੋਵਾਲ, ਮਿਲਖਾ ਸਿੰਘ, ਸੋਹੀ ਸਾਹਿਬ, ਅਨੂਪ ਬਿਲਗਾ, ਪਰਮਿੰਦਰ ਬਿਲਗਾ ਜਸਵੀਰ ਸਿੰਘ ਸ਼ੰਕਰ, ਵਿੱਕੀ ਭਗਤ, ਸੁਖਵਿੰਦਰ ਗਡਵਾਲ, ਅਜੀਤ ਸਿਧਮ, ਪੰਕਜ ਮਾਲੜੀ ਸੰਜੀਵ ਟੱਕਰ ਆਦਿ ਹਾਜ਼ਰ ਸਨ।

ਥਿੰਦ ਪਰਵਾਰ 'ਆਪ' 'ਚ ਸ਼ਾਮਲ

ਸ਼ਾਹਕੋਟ (ਗਿਆਨ ਸੈਦਪੁਰ)

ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੁਲਾਰਾ ਮਿਲਿਆ ਜਦੋਂ ਸ਼ਾਹਕੋਟ ਦੇ ਕਾਂਗਰਸ ਆਗੂ ਸਵਰਗਵਾਸੀ ਪੂਰਨ ਸਿੰਘ ਥਿੰਦ ਦੀ ਨੂੰਹ ਹਰਵਿੰਦਰ ਕੌਰ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪੂਰੇ ਪਰਵਾਰ ਸਮੇਤ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ। ਥਿੰਦ ਪਰਵਾਰ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਲਈ ਮਨੋਜ ਕੁਮਾਰ ਅਰੋੜਾ ਸ਼ਹਿਰੀ ਪ੍ਰਧਾਨ ਤੇ ਸੁੱਚਾ ਸਿੰਘ ਗਿੱਲ ਦਾ ਵਿਸ਼

22-APRIL-PAGE-10.qxd 4/21/2023 10:42 PM Page 1

ਮੀਂਹ ਪੈਣ ਨਾਲ ਦਾਣਾ ਮੰਡੀ ਹੋਈ ਜਲਥਲ, ਕਣਕ ਭਿੱਜੀ

■ ਗੜੇਮਾਰੀ ਨੇ ਕਿਸਾਨਾਂ ਦੇ ਸਾਹ ਸੂਤੇ

ਵਿਕਣ ਲਈ ਆਈ ਫਸਲ 'ਚੋਂ ਪਾਣੀ ਕੱਢਦੇ ਹੋਏ ਮਜ਼ਦੂਰ, ਬੋਰੀਆਂ 'ਚ ਵੜਿਆ ਪਾਣੀ।

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਇਸ ਵਾਰ ਬੇਮੌਸਮੀ ਬਾਰਿਸ਼ ਕਿਸਾਨਾਂ ਲਈ ਕਹਿਰ ਬਣਦੀ ਜਾ ਰਹੀ ਹੈ, ਜਿਸ ਤਰ੍ਹਾਂ ਪਹਿਲਾਂ ਕੁਦਰਤੀ ਕ੍ਰੋਪੀ ਨੇ ਫਸਲਾਂ ਦਾ ਨੁਕਸਾਨ ਕੀਤਾ ਤੇ ਹੁਣ ਕਣਕ ਦੀ ਵਾਢੀ ਮੌਕੇ ਅੱਜ ਹੋਈ ਗੜ੍ਹੇਮਾਰੀ ਤੇ ਭਾਰੀ ਮੀਂਹ ਨੇ ਕਿਸਾਨਾਂ ਨੂੰ ਫਿਰ ਆਰਥਿਕ ਸੱਟ ਮਾਰੀ ਹੈ। ਅੱਜ ਮੀਂਹ ਕਾਰਨ ਮਾਛੀਵਾੜਾ ਦੀ ਦਾਣਾ ਮੰਡੀ ਜਲਥਲ ਹੋ ਗਈ, ਕਿਉਂਕਿ ਇੱਥੇ ਸੀਵਰੇਜ ਸਿਸਟਮ ਬੰਦ ਹੋਣ ਕਾਰਨ ਪਾਣੀ ਦੀ ਨਿਕਾਸੀ ਨਾ ਹੋ ਸਕੀ ਤੇ ਵਿਕਣ ਆਈ ਫਸਲ ਪੂਰੀ ਤਰ੍ਹਾਂ ਭਿੱਜ ਗਈ। ਦੂਸਰੇ ਪਾਸੇ ਖੇਤਾਂ ਵਿੱਚ ਖੜੀ ਫਸਲ ਵੀ ਗੜ੍ਹੇਮਾਰੀ ਤੇ ਮੀਂਹ ਨੇ ਝੰਬ ਸੁੱਟੀ ਤੇ ਇਸ ਦਾ ਕਿਸਾਨਾਂ ਨੂੰ ਕਿੰਨਾ ਕੁ ਨੁਕਸਾਨ ਹੋਇਆ, ਇਸ ਬਾਰੇ ਤਾਂ ਫਸਲ ਦੀ ਕਟਾਈ ਤੇ ਝਾੜ ਤੋਂ ਬਾਅਦ ਹੀ ਪਤਾ ਲੱਗ ਸਕੇਗਾ। ਮਾਛੀਵਾੜਾ ਦਾਣਾ ਮੰਡੀ ਦਾ ਅੱਜ ਜਦੋਂ ਪੱਤਰਕਾਰਾਂ ਵੱਲੋਂ ਦੌਰਾ ਕੀਤਾ ਗਿਆ ਤਾਂ ਦੇਖਿਆ ਕਿ ਜਲਥਲ ਹੋਈ ਮੰਡੀ ਵਿੱਚ ਕਣਕ ਦੀਆਂ ਬੋਰੀਆਂ ਭਿੱਜੀਆਂ ਪਈਆਂ ਸਨ ਤੇ ਜੋ ਫਸਲ ਵਿਕਣ ਲਈ ਆਈ ਸੀ, ਉਸ ਨੂੰ ਕਿਸਾਨ ਤੇ ਮਜ਼ਦੂਰ ਤਰਪਾਲਾਂ ਨਾਲ ਢੱਕ ਕੇ ਬਚਾਉਣ ਦੀ ਕੋਸ਼ਿਸ਼ ਵਿਚ ਜੁਟੇ ਹੋਏ ਸਨ। ਅਨਾਜ ਮੰਡੀ ਦੇ ਆੜ੍ਹਤੀ ਗੁਰਨਾਮ ਸਿੰਘ ਨਾਗਰਾ ਨੇ ਦੱਸਿਆ ਕਿ ਕੁਦਰਤ ਦੀ ਮਾਰ ਅੱਗੇ ਉਹ ਸਭ ਬੇਵੱਸ ਹਨ ਤੇ ਮੰਡੀ ਵਿੱਚ ਫਸਲ ਨੂੰ ਬਚਾਉਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ, ਪਰ ਫਿਰ ਵੀ ਮੀਂਹ ਦਾ ਪਾਣੀ ਕਣਕ ਦੀਆਂ ਭਰੀਆਂ ਬੋਰੀਆਂ ਨੂੰ ਥੱਲਿਓਂ ਮਾਰ ਕਰਕੇ ਨੁਕਸਾਨ ਕਰ ਰਿਹਾ ਹੈ। ਬੇਸ਼ੱਕ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਿਛਲੇ ਮਹੀਨੇ ਹੋਈ ਬੇਮੌਸਮੀ ਬਾਰਿਸ਼ ਕਾਰਨ ਨੁਕਸਾਨੀ ਫਸਲ ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ, ਪਰ ਉਹ ਅਜੇ ਤੱਕ ਇਲਾਕੇ ਦੇ ਕਿਸੇ ਵੀ ਕਿਸਾਨ ਨੂੰ ਨਹੀਂ ਮਿਲਿਆ ਤੇ ਉਪਰੋਂ ਅੱਜ ਫਿਰ ਗੜ੍ਹੇਮਾਰੀ ਤੇ ਮੀਂਹ ਨੇ ਹੋਰ ਆਰਥਿਕ ਨੁਕਸਾਨ ਕਰ ਦਿੱਤਾ ਹੈ।

ਲੁਧਿਆਣਾ ਤੋਂ ਮਰੀਜ਼ ਲਿਜਾ ਰਹੀ ਐਂਬੂਲੈਂਸ ਹਾਦਸਾਗ੍ਰਸਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਨਿਹਾਲੂਵਾਲ ਨੇੜੇ ਲੁਧਿਆਣਾ-ਬਠਿੰਡਾ ਮੁੱਖ ਮਾਰਗ 'ਤੇ ਮਰੀਜ਼ ਲਿਜਾ ਰਹੀ ਇੱਕ ਐਂਬੂਲੈਂਸ ਤੇ ਸਟਿਫਟ ਕਾਰ ਦੀ ਆਹਮੋ ਸਾਹਮਣੀ ਟੱਕਰ ਹੋਣ ਦਾ ਪਤਾ ਲੱਗਾ ਹੈ। ਅੰਮ੍ਰਿਤਪਾਲ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਕ੍ਰਿਸ਼ਨਾ ਕਲੋਨੀ ਬਰਨਾਲਾ ਆਪਣੀ ਐਂਬੂਲੈਂਸ ਰਾਹੀਂ ਮਰੀਜ਼ ਨੂੰ ਡੀ.ਐਮ.ਸੀ. ਲੁਧਿਆਣਾ ਤੋਂ ਇਲਾਜ ਉਪਰੰਤ ਭਦੌੜ ਲੈ ਕੇ ਜਾ ਰਿਹਾ ਸੀ ਕਿ ਨਿਹਾਲੂਵਾਲ ਅੱਡੇ ਨਜ਼ਦੀਕ ਪਹੁੰਚਣ 'ਤੇ ਉਹ ਅੱਗਿਓਂ ਆ ਰਹੀ ਸਵਿਫਟ ਕਾਰ ਨਾਲ ਟਕਰਾ ਕੇ ਹਾਦਸਾਗ੍ਰਸਤ ਹੋ ਗਈ। ਸਵਿਫਟ ਕਾਰ ਚਾਲਕ ਸੁਖਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਹਾਂਸ ਕਲਾਂ (ਲੁਧਿਆਣਾ) ਦੋ ਔਰਤਾਂ ਸਮੇਤ ਬਰਨਾਲਾ ਤੋਂ ਹਾਂਸ ਕਲਾਂ ਜਾ ਰਿਹਾ ਹੈ। ਇਸ ਹਾਦਸੇ ਦੌਰਾਨ ਦੋਵੇਂ ਗੱਡੀਆਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ, ਪਰ ਜਾਨੀ ਨੁਕਸਾਨ ਹੋਣੋਂ ਬਚ ਗਿਆ। ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਥਾਣੇਦਾਰ ਗੁਰਮੇਲ ਸਿੰਘ ਘਟਨਾ ਸਥਾਨ ਦਾ ਜਾਇਜ਼ਾ ਲਿਆ।

ਮਾਨ ਸਰਕਾਰ ਕਰੋੜਾਂ ਰੁਪਏ ਘੁਟਾਲੇ ਦੇ ਮੁਲਜ਼ਮ ਸੁਰਜੀਤ ਸਿੰਘ ਪ੍ਰਤੀ ਚੁੱਪ ਕਿਉਂ ?

■ ਸਰਕਾਰੀ ਸਰਪ੍ਰਸਤੀ ਹੇਠ ਘੁਟਾਲੇਬਾਜ਼ ਮਾਣ ਰਹੇ ਮੌਜਾਂ !

ਜੈਤੋ (ਸਤੀਸ਼ ਕੁਮਾਰ ਭੀਰੀ)-ਅੱਜ ਆਮ ਆਦਮੀ ਪਾਰਟੀ ਦੇ ਤਮਾਮ ਸੀਨੀਅਰ ਤੇ ਟਕਸਾਲੀ ਆਗੂ ਮੀਡੀਆ ਨਾਲ ਗੱਲਬਾਤ ਕਰਦਿਆਂ ਅਕਸਰ ਹੀ ਹਿੱਕ ਥਾਪੜ ਕੇ ਕਹਿੰਦੇ ਨਜ਼ਰ ਆਉਂਦੇ ਹਨ ਕਿ ਭਗਵੰਤ ਮਾਨ ਦੀ ਸਰਕਾਰ ਭ੍ਰਿਸ਼ਟਾਚਾਰੀਆਂ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਣ ਤੋਂ ਗੁਰੇਜ਼ ਨਹੀਂ ਕਰੇਗੀ, ਪ੍ਰੰਤੂ ਜੇਕਰ ਅਸਲੀਅਤ ਉਜਾਗਰ ਕੀਤੀ ਜਾਵੇ ਤਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਛੋਟੇ ਵੱਡੇ ਆਪ ਪਾਰਟੀ ਆਗੂਆਂ ਵੱਲੋਂ ਹਿੱਕ ਥਾਪੜ ਥਾਪੜ ਕੇ ਸੋਸ਼ਲ ਮੀਡੀਆ ਹੈਕ ਕਰ ਦੇਣਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਭ੍ਰਿਸ਼ਟਾਚਾਰੀਆਂ, ਘੁਟਾਲੇਬਾਜ਼ਾਂ ਤੇ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਪ੍ਰੰਤੂ ਜਦੋਂ ਮਾਰਕਫੈੱਡ ਵਿੱਚ 25 ਕਰੋੜ ਰੁਪਏ ਤੋਂ ਵੱਧ ਦਾ ਘੁਟਾਲਾ ਕਰਨ ਵਾਲੇ ਸਾਬਕਾ ਮੈਨੇਜਰ ਸੁਰਜੀਤ ਸਿੰਘ ਤੇ ਉਸ ਦੇ ਅਧੀਨ ਕਰਮਚਾਰੀਆਂ ਵਿਰੁੱਧ ਕਾਰਵਾਈ ਕਰਨ ਲਈ ਪੁੱਛਿਆ ਜਾਂਦਾ ਹੈ ਤਾਂ ਉਨ੍ਹਾਂ ਕੋਲ ਕੋਈ ਠੋਸ ਜਵਾਬ ਨਹੀਂ ਹੁੰਦਾ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਦੇ ਕਿਸੇ ਵੀ ਅਧਿਕਾਰੀ ਜਾਂ ਜਾਂਚ ਏਜੰਸੀ ਵੱਲੋਂ ਮਾਰਕਫੈੱਡ ਦੇ ਸਾਬਕਾ ਮੈਨੇਜਰ ਸੁਰਜੀਤ ਸਿੰਘ ਵਿਰੁੱਧ ਕਾਰਵਾਈ ਕਰਨੀ ਤਾਂ ਦੂਰ ਦੀ ਗੱਲ ਹੈ, ਬਲਕਿ ਉਨ੍ਹਾਂ ਵੱਲੋਂ ਦੋਸ਼ੀਆਂ ਵੱਲ ਝਾਕਣ ਤੋਂ ਵੀ ਗੁਰੇਜ਼ ਕੀਤਾ ਜਾ ਰਿਹਾ ਹੈ। ਪੰਜ-ਦਸ ਹਜ਼ਾਰ ਰੁਪਏ ਦੀ ਰਿਸ਼ਵਤ ਲੈਣ ਵਾਲੇ ਕਰਮਚਾਰੀਆਂ ਅਤੇ ਬਦਲਾ-ਲਊ ਕਾਰਵਾਈ ਕਰਦਿਆਂ ਵਿਰੋਧੀਆਂ ਨੂੰ ਕਾਬੂ ਕਰਕੇ ਉਛਲਦੇ ਕੁਦਦੇ ਹੋਏ ਮੀਡੀਆ ਦੇ ਮੰਜੇ ਦੀ ਦੌਣ ਤਾਂ ਢਿੱਲੀ ਕਰ ਦਿੱਤੀ ਜਾਂਦੀ ਹੈ, ਪ੍ਰੰਤੂ ਸੁਰਜੀਤ ਸਿੰਘ ਵਰਗੇ ਕਰੋੜਾਂ ਰੁਪਏ ਦੇ ਰਗੜੇ ਲਾਉਣ ਵਾਲਿਆਂ ਨੂੰ ਪੁਸ਼ਤ ਪਨਾਹੀ ਦਿੰਦਿਆਂ ਭ੍ਰਿਸ਼ਟਾਚਾਰ ਦੀ ਗੰਦਗੀ ਵਿੱਚ ਲੋਟਨੀਆਂ ਲਾਉਣ ਦੀ ਖੁੱਲ੍ਹ ਦਿੱਤੀ ਹੋਈ ਹੈ। ਇੱਥੇ ਇਹ ਗੱਲ ਲਿਖਣ ਤੋਂ ਵੀ ਨਹੀਂ ਰੋਕਿਆ ਜਾ ਸਕਦਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਸਿਰਫ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਹੀ ਬਦਲਾ ਲੈਣ ਲਈ ਤੇ ਆਪਣੀ ਫੋਕੀ ਸ਼ੋਹਰਤ ਬਣਾਉਣ ਸਦਕਾ ਜਾਂਚ ਏਜੰਸੀਆਂ ਨੂੰ ਆਪਣਾ ਹੱਥ ਠੋਕਾ ਬਣਾ ਲਿਆ ਹੈ, ਕਿਉਂਕਿ ਵਿਜੀਲੈਂਸ ਬਿਊਰੋ ਫਰੀਦਕੋਟ ਤੇ ਵਿਜੀਲੈਂਸ ਬਿਊਰੋ ਬਠਿੰਡਾ ਵੱਲੋਂ ਸੁਰਜੀਤ ਸਿੰਘ ਖਿਲਾਫ ਵਿੱਢੀ ਗਈ ਜਾਂਚ ਕਿਸੇ ਵੀ ਠੋਸ ਨਤੀਜੇ 'ਤੇ ਪਹੁੰਚੇ, ਇਸ ਦੀ ਸੰਭਾਵਨਾ ਨਾਮਾਤਰ ਹੀ ਨਜ਼ਰ ਆ ਰਹੀ ਹੈ। ਜੇਕਰ ਗੱਲ ਕਰੀਏ ਜਾਂਚ ਏਜੰਸੀਆਂ ਦੇ ਦੁਰਉਪਯੋਗ ਦੀ ਤਾਂ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ 'ਤੇ ਜਾਂਚ ਏਜੰਸੀਆਂ ਦੇ ਦੁਰਉਪਯੋਗ ਲਈ ਉਂਗਲ ਚੁੱਕਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਬਣਦਾ, ਕਿਉਂਕਿ ਤੁਸੀਂ ਵੀ ਸੁਰਜੀਤ ਸਿੰਘ ਵਰਗੇ ਮਹਾਂਭ੍ਰਿਸ਼ਟਾਚਾਰੀ ਅਧਿਕਾਰੀਆਂ ਨੂੰ ਕਾਬੂ ਕਰਨ ਦੀ ਥਾਂ, ਸਿਰਫ ਵਿਰੋਧੀਆਂ ਖਿਲਾਫ ਕਾਰਵਾਈ ਕਰਨ ਨੂੰ ਪਹਿਲ ਦੇ ਰਹੇ ਹੋ ਤਾਂ ਫਿਰ ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਵਿਰੁੱਧ ਹੋ ਹੱਲਾ ਨਹੀਂ ਬੋਲਣਾ ਚਾਹੀਦਾ।

ਕਾਤਰਾਂ

ਜੰਮੂ-ਕਸ਼ਮੀਰ ਅੱਤਵਾਦੀ ਹਮਲੇ 'ਚ ਚਣਕੋਈਆਂ ਕਲਾਂ ਦਾ ਫੌਜੀ ਜਵਾਨ ਸ਼ਹੀਦ

ਦੋਰਾਹਾ (ਹਰਮਿੰਦਰ ਸੇਠ)-ਜੰਮੂ-ਕਸ਼ਮੀਰ ਦੇ ਪੁੰਛ ਨੈਸ਼ਨਲ ਹਾਈਵੇ 'ਤੇ ਵਾਪਰੇ ਇਸ ਵੱਡੇ ਹਾਦਸੇ 'ਚ ਲੁਧਿਆਣਾ ਜ਼ਿਲ੍ਹੇ ਦੇ ਹਲਕਾ ਪਾਇਲ ਨਾਲ ਸੰਬੰਧਤ ਦੋਰਾਹਾ ਲਾਗਲੇ ਪਿੰਡ ਚਣਕੋਈਆਂ ਕਲਾਂ ਦਾ ਫੌਜੀ ਜਵਾਨ ਮਨਦੀਪ ਸਿੰਘ (39) ਸਪੁੱਤਰ ਸਾਬਕਾ ਸਰਪੰਚ ਸਵ. ਰੂਪ ਸਿੰਘ ਵੀ ਸ਼ਾਮਲ ਸੀ, ਜੋ ਕਿ ਇਸ ਵੱਡੇ ਹਾਦਸੇ 'ਚ ਸ਼ਹੀਦ ਹੋ ਗਿਆ ਹੈ। ਇਸ ਦੀ ਪੁਸ਼ਟੀ ਫੌਜ ਵੱਲੋਂ ਮਨਦੀਪ ਸਿੰਘ ਦੇ ਗ੍ਰਹਿ ਵਿਖੇ ਮੋਬਾਇਲ ਫੋਨ 'ਤੇ ਸੰਪਰਕ ਕਰਕੇ ਦਿੱਤੀ ਗਈ। ਜ਼ਿਕਰਯੋਗ ਹੈ ਸ਼ਹੀਦ ਮਨਦੀਪ ਸਿੰਘ ਭਾਰਤੀ ਫੌਜ 'ਚ ਹੌਲਦਾਰ ਸੀ ਤੇ ਕੁਝ ਦਿਨ ਪਹਿਲਾਂ ਹੀ ਆਪਣੇ ਘਰੋਂ ਛੁੱਟੀ ਕੱਟ ਕੇ ਗਿਆ ਸੀ, ਜੋ ਕਿ ਆਪਣੇ ਪਿੱਛੇ ਆਪਣੀ ਮਾਂ, ਪਤਨੀ, ਨੰਨ੍ਹਾ ਬੇਟਾ ਤੇ ਬੇਟੀ, ਭਰਾਵਾਂ ਸਮੇਤ ਹੱਸਦੇ ਵੱਸਦੇ ਪਰਿਵਾਰ ਨੂੰ ਅਲਵਿਦਾ ਆਖ ਗਿਆ ਹੈ। ਜਿਉਂ ਹੀ ਖਬਰ ਪਿੰਡ ਚਣਕੋਈਆਂ ਕਲਾਂ ਪੁੱਜੀ ਤਾਂ ਸਾਰੇ ਪਿੰਡ 'ਚ ਸੰਨਾਟਾ ਛਾ ਗਿਆ।

ਅਣਪਛਾਤੇ ਵਿਅਕਤੀ ਦੀ ਲਾਸ਼ ਖੇਤਾਂ 'ਚੋਂ ਮਿਲੀ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਵੀਰਵਾਰ ਸਵੇਰੇ ਨੇੜਲੇ ਪਿੰਡ ਹਿਯਾਤਪੁਰ ਵਿਖੇ ਇੱਕ ਪ੍ਰਵਾਸੀ ਵਿਅਕਤੀ ਦੀ ਲਾਸ਼ ਖੇਤਾਂ 'ਚੋਂ ਮਿਲੀ, ਜਿਸ ਦੀ ਪਹਿਚਾਣ ਨਾ ਹੋ ਸਕੀ। ਥਾਣਾ ਮੁਖੀ ਇੰਸਪੈਕਟਰ ਦਵਿੰਦਰਪਾਲ ਸਿੰਘ ਨੇ ਦੱਸਿਆ ਕਿ ਹਿਯਾਤਪੁਰ ਦੇ ਕਿਸਾਨ ਨੇ ਸੂਚਨਾ ਦਿੱਤੀ ਕਿ ਇੱਕ ਵਿਅਕਤੀ ਮ੍ਰਿਤਕ ਹਾਲਤ 'ਚ ਉਨ੍ਹਾਂ ਦੇ ਖੇਤਾਂ ਵਿੱਚ ਪਿਆ ਹੈ। ਪੁਲਸ ਵੱਲੋਂ ਮੌਕੇ 'ਤੇ ਜਾ ਕੇ ਦੇਖਿਆ ਗਿਆ ਕਿ ਇਹ ਪ੍ਰਵਾਸੀ ਮਜ਼ਦੂਰ ਲੱਗ ਰਿਹਾ ਸੀ, ਜਿਸ ਦੀ ਤਲਾਸ਼ੀ ਦੌਰਾਨ ਉਸ ਦੇ ਕੱਪੜਿਆਂ 'ਚੋਂ ਅਜਿਹਾ ਕੋਈ ਦਸਤਾਵੇਜ਼ ਨਹੀਂ ਮਿਲਿਆ, ਜਿਸ ਤੋਂ ਉਸ ਦੀ ਪਹਿਚਾਣ ਹੋ ਸਕੇ। ਜਾਂਚ ਦੌਰਾਨ ਮ੍ਰਿਤਕ ਦੇ ਸਰੀਰ 'ਤੇ ਕੋਈ ਸੱਟ ਦੇ ਨਿਸ਼ਾਨ ਵੀ ਨਹੀਂ ਮਿਲੇ। ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ 'ਚ ਕਰ ਮੋਰਚਰੀ ਵਿੱਚ ਭਿਜਵਾ ਦਿੱਤਾ ਗਿਆ ਹੈ, ਜਿਥੇ 72 ਘੰਟੇ ਸ਼ਨਾਖਤ ਲਈ ਰੱਖਿਆ ਜਾਵੇਗਾ। ਪੁਲਸ ਅਨੁਸਾਰ ਪੋਸਟ ਮਾਰਟਮ ਰਿਪੋਰਟ ਤੋਂ ਬਾਅਦ ਹੀ ਪਤਾ ਲੱਗੇਗਾ ਕਿ ਇਸ ਵਿਅਕਤੀ ਦੀ ਮੌਤ ਕਿਵੇਂ ਹੋਈ।

ਮੋਟਰਸਾਈਕਲ ਖੱਡੇ 'ਚ ਵੱਜ ਕੇ ਡਿੱਗਣ ਨਾਲ 1 ਜ਼ਖਮੀ

ਤਪਾ ਮੰਡੀ (ਅਰੁਣ ਗੋਇਲ)-ਬੀਤੀ ਸ਼ਾਮ ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਸਥਿਤ ਡੇਰਾ ਬਾਬਾ ਇੰਦਰ ਦਾਸ ਨੇੜੇ ਮੋਟਰਸਾਈਕਲ ਖੱਡੇ 'ਚ ਵੱਜ ਕੇ ਡਿੱਗਣ ਨਾਲ 1 ਵਿਅਕਤੀ ਦੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਹਸਪਤਾਲ ਤਪਾ 'ਚ ਜ਼ੇਰੇ ਇਲਾਜ ਬੰਟੂ ਪੁੱਤਰ ਰਾਜੂ ਅਪਣੇ ਦੋ ਹੋਰ ਸਾਥੀਆਂ ਸਾਗਰ ਤੇ ਰਾਜਾ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਬਰਨਾਲਾ ਤੋਂ ਬਠਿੰਡਾ ਵੱਲ ਜਾ ਰਹੇ ਸੀ ਕਿ ਅਚਾਨਕ ਬਾਬਾ ਇੰਦਰ ਦਾਸ ਡੇਰੇ ਨੇੜੇ ਸੜਕ ਵਿਚਕਾਰ ਪਏ ਖੱਡੇ 'ਚ ਵੱਜਣ ਕਾਰਨ ਮੋਟਰਸਾਈਕਲ ਬੇਕਾਬੂ ਹੋ ਕੇ ਸਵਾਰ ਡਿੱਗ ਪਏ, ਜਿਨ੍ਹਾਂ ਨੂੰ ਮਿੰਨੀ ਸਹਾਰਾ ਕਲੱਬ ਦੇ ਵਲੰਟੀਅਰਾਂ ਨੇ ਸਿਵਲ ਹਸਪਤਾਲ ਤਪਾ ਭਰਤੀ ਕਰਵਾਇਆ ਗਿਆ, ਪਰ ਬੰਟੂ ਦੇ ਜ਼ਿਆਦਾ ਸੱਟਾਂ ਹੋਣ ਕਾਰਨ ਮੱਲ੍ਹਮ ਪੱਟੀ ਕਰਨ ਉਪਰੰਤ ਤਿੰਨੋ ਸਵਾਰ ਚਲੇ ਗਏ।

ਨਾਜਾਇਜ ਸ਼ਰਾਬ ਬਰਾਮਦ

ਜਲਾਲਾਬਾਦ (ਜੀਤ ਕੁਮਾਰ)-ਆਬਕਾਰੀ ਵਿਭਾਗ ਫਾਜ਼ਿਲਕਾ ਦੇ ਇੰਸਪੈਕਟਰ ਗੁਰਤੇਜ ਸਿੰਘ ਤੇ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 40 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਤੇਜ ਸਿੰਘ ਆਬਕਾਰੀ ਇੰਸਪੈਕਟਰ ਤੇ ਥਾਣਾ ਸਦਰ ਦੇ ਸਹਾਇਕ ਥਾਣੇਦਾਰ ਬਲਕਾਰ ਸਿੰਘ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬੱਘਾ ਸਿੰਘ ਪੁੱਤਰ ਠਾਕਰ ਸਿੰਘ ਵਾਸੀ ਜੱਲਾ ਲੱਖੇਕੇ ਹਿਠਾੜ ਉਰਫ ਧੂਨੀਆ, ਜੋ ਕਿ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਆਦੀ ਹੈ, ਜਿਸ 'ਤੇ ਇਤਲਾਹ ਠੋਸ ਤੇ ਭਰੋਸੇਯੋਗ ਹੋਣ ਕਾਰਨ ਪੁਲਸ ਵੱਲੋਂ ਛਾਪੇਮਾਰੀ ਕਰਕੇ ਬੱਘਾ ਸਿੰਘ ਪਾਸੋਂ ਇਕ ਟਿਊਬ 'ਚ 40 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਹੈ, ਜਦਕਿ ਬੱਘਾ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਸਦਰ ਵਿਖੇ ਬੱਘਾ ਸਿੰਘ ਦੇ ਖਿਲਾਫ ਧਾਰਾ 61/1/14 ਆਬਕਾਰੀ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

ਫਿਲਮ 'ਮੇਰਾ ਬਾਬਾ ਨਾਨਕ' ਦਾ ਪੋਸਟਰ ਜਾਰੀ, 19 ਮਈ ਨੂੰ ਹੋਵੇਗੀ ਰਿਲੀਜ਼

■ ਸਿੱਖ ਕੌਮ ਲਈ ਇਕ ਖਾਸ ਤੋਹਫਾ ਹੋਵੇਗੀ ਇਹ ਫਿਲਮ : ਖੀਵਾ

ਕੋਟਕਪੂਰਾ (ਰਛਪਾਲ ਭੁੱਲਰ)

ਅਮਨਮੀਤ ਸਿੰਘ ਉਹ ਸ਼ਖਸ ਹਨ, ਜਿਨ੍ਹਾਂ ਨੇ ਹਮੇਸ਼ਾ ਹੀ ਸਾਬਤ ਸੂਰਤ ਹੋ ਕੇ ਪੰਜਾਬੀ ਫਿਲਮ ਇੰਡਸਟਰੀਜ਼ ਵਿੱਚ ਵੱਡੇ ਸੁਨੇਹੇ ਦੇਣ ਦੀ ਕੋਸ਼ਿਸ਼ ਕੀਤੀ ਹੈ ਅਤੇ ਦਸਤਾਰ ਸਜਾ ਕੇ ਇਸ ਇੰਡਸਟਰੀਜ਼ ਵਿੱਚ ਆਪਣੇ ਸੁਪਨੇ ਪੂਰੇ ਕਰਨ ਦੀ ਕੋਸ਼ਿਸ਼ ਵਿੱਚ ਕਾਮਯਾਬ ਹੋ ਰਿਹਾ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਥਾਨਕ ਚਨਾਬ ਗਰੁੱਪ ਆਫ ਐਜੂਕੇਸ਼ਨ ਦੇ ਵਿਹੜੇ ਵਿੱਚ ਡਰੀਮ ਪਿਕਚਰਜ਼ ਤੇ ਦਿ ਬਲੈਕ ਪੈਂਥਰ ਐਂਟਰਟੇਨਮੈਂਟ ਵੱਲੋਂ ਬਣੀ ਫਿਲਮ 'ਮੇਰਾ ਬਾਬਾ ਨਾਨਕ' ਦੇ ਪੋਸਟਰ ਰਿਲੀਜ਼ ਕਰਨ ਸਮੇਂ ਉੱਘੇ ਸਮਾਜਸੇਵੀ ਬਲਜੀਤ ਸਿੰਘ ਖੀਵਾ ਨੇ ਆਖਿਆ ਕਿ 19 ਮਈ 2023 ਨੂੰ ਵੱਡੇ ਪਰਦੇ ਦੀ ਫਿਲਮ 'ਮੇਰਾ ਬਾਬਾ ਨਾਨਕ' ਸਿੱਖ ਕੌਮ ਲਈ ਇਕ ਖਾਸ ਤੋਹਫਾ ਹੋਵੇਗੀ। ਉਨ੍ਹਾਂ ਦੱਸਿਆ ਕਿ ਉਕਤ ਫਿਲਮ ਦੇ ਲੇਖਕ ਤੇ ਹੀਰੋ ਅਮਨਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਿਲਮ ਗੁਰੂ ਨਾਨਕ ਜੀ ਦੀਆਂ ਸਿੱਖਿਆਵਾਂ ਨੂੰ ਪ੍ਰਦਰਸ਼ਿਤ ਕਰੇਗੀ, ਕਿਉਂਕਿ ਇਹ ਦਰਸ਼ਕਾਂ ਨੂੰ ਵਿਸ਼ਵਾਸ ਨਾਲ ਜੋੜੇਗੀ ਤੇ ਧਾਰਮਿਕ ਦ੍ਰਿਸ਼ਟੀਕੋਣ ਰਾਹੀਂ ਦਿਲਾਂ ਨੂੰ

22-April-PAGE-11-Majha-2023.qxd 4/21/2023 10:47 PM Page 1

ਇੰਜ. ਖਹਿਰਾ ਦੀ ਬਦਲੀ ਖਿਲਾਫ ਜਥੇਬੰਦੀਆਂ ਵੱਲੋਂ 2 ਨੂੰ ਭੁੱਲਰ ਦੀ ਰਿਹਾਇਸ਼ ਵੱਲ ਕੂਚ ਕਰਨ ਦਾ ਐਲਾਨ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪਾਵਰਕਾਮ ਦੇ ਇੰਜੀਨੀਅਰ ਦੀ ਬਦਲੀ ਦਾ ਮਾਮਲਾ ਲਗਾਤਾਰ ਤੂਲ ਫੜਦਾ ਜਾ ਰਿਹਾ। ਕਿਸਾਨ, ਮਜ਼ਦੂਰ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਦੀ ਵਿਸ਼ੇਸ਼ ਮੀਟਿੰਗ ਤਰਨ ਤਾਰਨ ਵਿਖੇ ਮਾਸਟਰ ਦਲਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੀਟਿੰਗ ਵਿੱਚ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਸਥਾਨਕ ਪਾਵਰਕਾਮ ਸਰਕਲ ਦੇ ਐਸ. ਈ . ਗੁਰਸ਼ਰਨ ਸਿੰਘ ਖਹਿਰਾ ਨੂੰ ਆਪਣੇ ਘਰ ਸੱਦ ਕੇ ਉਨ੍ਹਾਂ ਨਾਲ ਦੁਰਵਿਹਾਰ ਕਰਨ ਅਤੇ ਫਿਰ ਧੱਕੇ ਨਾਲ ਉਨ੍ਹਾਂ ਦੀ ਬਦਲੀ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ। ਆਗੂਆਂ ਨੇ ਐਸ. ਈ. ਖਹਿਰਾ ਨੂੰ ਸਾਫ ਛਵੀ ਤੇ ਈਮਾਨਦਾਰੀ ਦੀ ਮੂਰਤ ਦੱਸਿਆ।

17 ਅਪ੍ਰੈਲ ਨੂੰ ਤਰਨ ਤਾਰਨ ਐਸ. ਈ. ਦਫਤਰ ਸਾਹਮਣੇ ਇਕੱਠ ਵਿੱਚ ਸ਼ਾਮਿਲ ਹੋਏ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਨੇ ਕੀਤਾ ਹੈ ਕਿਉਂਕਿ ਐਸ. ਈ. ਦੀ ਬਦਲੀ ਤੇ ਲੋਕਾਂ ਦੇ ਚਿਹਰੇ ਤੇ ਗੁੱਸੇ ਦੀ ਝਲਕ ਦਾ ਪ੍ਰਗਟਾਵਾ ਵੀ ਵੇਖਣ ਨੂੰ ਮਿਲਿਆ। ਇਸ ਮੀਟਿੰਗ ਵਿੱਚ ਮੰਤਰੀ ਦੇ ਖਿਲਾਫ ਚੱਲ ਰਹੇ ਸੰਘਰਸ਼ ਨੂੰ ਅੱਗੇ ਵਧਾਉਣ ਦਾ ਫੈਸਲਾ ਕੀਤਾ ਜਿਸ ਦੇ ਮੱਦੇਨਜ਼ਰ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੀ ਸਾਂਝੀ ਐਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਕੰਵਲਪ੍ਰੀਤ ਸਿੰਘ ਪੰਨੂੰ, ਆਜ਼ਾਦ ਕਿਸਾਨ ਸੰਘਰਸ ਕਮੇਟੀ ਪੰਜਾਬ ਦੇ ਹਰਜਿੰਦਰ ਸਿੰਘ ਟਾਂਡਾ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅੰਮ੍ਰਿਤਪਾਲ ਸਿੰਘ ਜੌੜਾ, ਕਿਸਾਨ ਸੰਘਰਸ ਕਮੇਟੀ ਦੇ ਇੰਦਰਜੀਤ ਸਿੰਘ ਕੋਟਬੁੱਢਾ, ਕਿਰਤੀ ਕਿਸਾਨ ਯੂਨੀਅਨ ਦੇ ਨਛੱਤਰ ਸਿੰਘ ਮੁਗਲਚੱਕ, ਪੰਜਾਬ ਕਿਸਾਨ ਯੂਨੀਅਨ ਦੇ ਬਲਬੀਰ ਸਿੰਘ ਝਾਮਕਾ, ਕੁੱਲ ਹਿੰਦ ਕਿਸਾਨ ਸਭਾ ਦੇ ਦਵਿੰਦਰ ਸੋਹਲ, ਦਿਹਾਤੀ ਮਜਦੂਰ ਸਭਾ ਦੇ ਚਮਨ ਲਾਲ ਦਰਾਜਕੇ, ਨਰਿੰਦਰ ਕੌਰ, ਸੁਲੱਖਣ ਸਿੰਘ ਤੁੜ, ਜਗਤਾਰ ਸਿੰਘ ਉੱਪਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਦਿਆਲ ਸਿੰਘ, ਕਾਰਜ ਸਿੰਘ ਕੈਰੋਂ, ਚਰਨਜੀਤ ਸਿੰਘ ਝਬਾਲ, ਦੀਪਕ ਕੁਮਾਰ, ਪੂਰਨ ਸਿੰਘ ਮਾੜੀਮੇਘਾ ਸਾਮਿਲ ਸਨ। ਐਕਸ਼ਨ ਕਮੇਟੀ ਨੇ ਫੈਸਲਾ ਕੀਤਾ ਕਿ 2 ਮਈ ਨੂੰ ਪੱਟੀ ਵਿੱਖੇ ਵਿਸ਼ਾਲ ਇਕੱਠ ਕਰਕੇ ਮੰਤਰੀ ਦੇ ਘਰ ਵੱਲ ਰੋਸ ਮਾਰਚ ਕੀਤਾ ਜਾਵੇਗਾ ਜਿਸ ਵਿਚ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਮੁਲਾਜ਼ਮ ਸ਼ਾਮਿਲ ਹੋਣਗੇ ।

ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਵੱਲੋਂ ਉਰਦੂ ਅਧਿਆਪਕ ਲਈ ਅਰਜ਼ੀਆਂ ਦੀ ਮੰਗ

ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਵਿਖੇ ਉਰਦੂ ਕੋਰਸ (ਉਰਦੂ ਆਮੋਜ਼) ਦੀਆਂ ਕਲਾਸਾਂ ਸ਼ੁਰੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੁਰੇਸ਼ ਮਹਿਤਾ ਨੇ ਦੱਸਿਆ ਕਿ ਇਹ ਕੋਰਸ ਪਹਿਲੀ ਜੁਲਾਈ ਤੋਂ ਸ਼ੁਰੂ ਹੋਵੇਗਾ।

ਉਨ੍ਹਾਂ ਕਿਹਾ ਕਿ ਉਰਦੂ ਕਲਾਸਾਂ ਨੂੰ ਪੜ੍ਹਾਉਣ ਲਈ ਅੰਸ਼ਕਾਲੀ ਉਰਦੂ ਅਧਿਆਪਕ ਦੀਆਂ ਸੇਵਾਵਾਂ ਲਈ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ। ਜਿਹੜੇ ਵੀ ਉਮੀਦਵਾਰ ਐੱਮ. ਏ. ਉਰਦੂ ਦੀ ਯੋਗਤਾ ਰੱਖਦੇ ਹਨ ਤੇ ਸੇਵਾਵਾਂ ਪ੍ਰਦਾਨ ਕਰਨ ਦੇ ਚਾਹਵਾਨ ਹਨ, ਉਹ ਆਪਣੀਆਂ ਅਰਜ਼ੀਆਂ 30 ਅਪ੍ਰੈਲ 2023 ਤੱਕ ਕਮਰਾ ਨੰਬਰ 306-ਏ, ਜ਼ਿਲ੍ਹਾ ਭਾਸ਼ਾ ਦਫ਼ਤਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਦੇ ਸਕਦੇ ਹਨ। ਇਸ ਮਿਤੀ ਤੋ ਬਾਅਦ ਵਿੱਚ ਪ੍ਰਪਤ ਹੋਣ ਵਾਲੀਆਂ ਅਰਜ਼ੀਆਂ ਤੇ ਵਿਚਾਰ ਨਹੀਂ ਕੀਤਾ ਜਾਵੇਗਾ ।

ਜ਼ਿਮਨੀ ਚੋਣ ਦੌਰਾਨ ਜਲੰਧਰ ਵਿਖੇ ਹੋਣ ਵਾਲੇ ਐਕਸ਼ਨਾਂ 'ਚ ਤਹਿਸੀਲ ਬਾਬਾ ਬਕਾਲਾ ਦੇ ਮੁਲਾਜ਼ਮ ਸ਼ਾਮਲ ਹੋਣਗੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਤਹਿਸੀਲ ਬਾਬਾ ਬਕਾਲਾ ਦੀ ਇੱਕ ਅਹਿਮ ਮੀਟਿੰਗ ਰਾਕੇਸ਼ ਕੁਮਾਰ ਰਈਆ ਦੀ ਪ੍ਰਧਾਨਗੀ ਹੇਠ ਸਥਾਨਕ ਰੈਸਟ ਹਾਊਸ ਵਿਖੇ ਹੋਈ, ਜਿਸ ਵਿੱਚ ਪਰਮਜੀਤ ਕੌਰ ਮਾਨ, ਮਮਤਾ ਸ਼ਰਮਾ, ਵਿਪਨ ਰਿਖੀ, ਅਜੀਤਪਾਲ ਸਿੰਘ, ਮਨਪ੍ਰੀਤ ਸਿੰਘ ਰਈਆ, ਸੁਖਦੇਵ ਸਿੰਘ ਉਮਰਾਨੰਗਲ ਅਤੇ ਸੁੱਖਾ ਸਿੰਘ ਲੋਹਗੜ੍ਹ ਆਦਿ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਬੋਲਦਿਆਂ ਡੀ. ਐਮ. ਐਫ. ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਨੇ ਕਿਹਾ ਕਿ ਆਮ ਆਦਮੀ ਸਰਕਾਰ ਵੱਲੋਂ ਚੋਣਾਂ ਦੌਰਾਨ ਕੀਤੇ ਵਾਅਦਿਆਂ ਤੋਂ ਪਾਸਾ ਵੱਟ ਕੇ ਲੋਕਾਂ ਨਾਲ ਵਾਅਦਾ ਖਿਲਾਫੀ ਕੀਤੀ ਜਾ ਰਹੀ ਹੈ। ਉਨ੍ਹਾ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵਾਂਗ ਮੌਜੂਦਾ ਆਮ ਆਦਮੀ ਸਰਕਾਰ ਵੱਲੋਂ ਵੀ ਵੱਖ-ਵੱਖ ਵਿਭਾਗਾਂ ਅੰਦਰ ਖਾਲੀ ਅਸਾਮੀਆਂ ਭਰੀਆਂ ਨਹੀਂ ਜਾ ਰਹੀਆਂ ਸਗੋਂ ਪੁਨਰਗਠਨ ਦੇ ਨਾਂ ਤੇ ਸਿੰਚਾਈ ਵਿਭਾਗ ਅੰਦਰ 3 ਹਜ਼ਾਰ ਅਸਾਮੀਆਂ ਖਤਮ ਕਰ ਦਿੱਤੀਆਂ ਗਈਆਂ ਹਨ। ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਖਾਲੀ ਅਸਾਮੀਆਂ ਤੁਰੰਤ ਰੈਗੂਲਰ ਤੌਰ 'ਤੇ ਭਰੀਆਂ ਜਾਣ ਅਤੇ ਖਤਮ ਕੀਤੀਆਂ ਅਸਾਮੀਆਂ ਬਹਾਲ ਕੀਤੀਆਂ ਜਾਣ। ਸਿੱਖਿਆ, ਸਿਹਤ ਅਤੇ ਜੰਗਲਾਤ ਸਮੇਤ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ। ਮਾਣ ਭੱਤਾ ਅਤੇ ਇਨਸੈਂਟਿਵ 'ਤੇ ਕੰਮ ਕਰਦੀਆਂ ਮਿਡ ਡੇਅ ਮੀਲ ਵਰਕਰਾਂ ਅਤੇ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਦਾ ਮਾਣ ਭੱਤਾ ਫੌਰੀ ਦੁੱਗਣਾ ਕੀਤਾ ਜਾਵੇ। ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਨਵੀਂ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ ਅਤੇ ਸਿੱਖਿਆ ਵਿਭਾਗ ਅੰਦਰ ਸਕੂਲ ਆਫ ਐਮੀਨੈਂਸ ਤੇ ਪੀ.ਐਮ.ਸ੍ਰੀ ਸਕੂਲ ਵਰਗੀਆਂ ਵਿਤਕਰੇ ਵਾਲੀਆਂ ਸਕੀਮਾਂ ਬੰਦ ਕਰਕੇ ਸਮੁੱਚੇ ਸਰਕਾਰੀ ਸਕੂਲਾਂ ਨੂੰ ਐਮੀਨੈਂਸ ਬਣਾਇਆ ਜਾਵੇ। ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਵੱਖ ਵੱਖ ਵਰਗਾਂ ਦੀਆਂ ਲਟਕਦੀਆਂ ਮੰਗਾਂ ਜਿਵੇਂ ਮਹਿਗਾਈ ਭੱਤੇ ਦੀਆਂ ਕਿਸ਼ਤਾਂ, ਅਤੇ 01-01-2016 ਤੋਂ ਗਰੇਡ ਦੁਹਰਾਈ ਦੇ ਬਕਾਏ ਤੁਰੰਤ ਜਾਰੀ ਕੀਤੇ ਜਾਣ ਅਤੇ ਪੋਂਡੂ ਤੇ ਬਾਰਡਰ ਏਰੀਆ ਭੱਤੇ ਸਮੇਤ ਬੰਦ ਕੀਤੇ ਹੋਏ ਸਾਰੇ ਭੱਤੇ ਤੁਰੰਤ ਬਹਾਲ ਕੀਤੇ ਜਾਣ। 01-01-2004 ਤੋਂ ਸਰਕਾਰੀ ਨੌਕਰੀ ਵਿੱਚ ਆਏ ਮੁਲਾਜ਼ਮਾਂ ਲਈ 1972 ਵਾਲੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਦੌਰਾਨ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ 23 ਅਪ੍ਰੈਲ ਨੂੰ ਹਲਕਾ ਆਦਮਪੁਰ ਅਤੇ 7 ਮਈ ਨੂੰ ਜਲੰਧਰ ਸ਼ਹਿਰ ਵਿੱਚ ਕੀਤੇ ਜਾ ਰਹੇ ਝੰਡਾ ਮਾਰਚਾਂ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਡੈਮੋਕ੍ਰੇਟਿਕ ਆਸ਼ਾ ਵਰਕਰਜ਼ ਫੈਸਿਲੀਟੇਟਰ ਯੂਨੀਅਨ ਵੱਲੋਂ 28 ਅਪ੍ਰੈਲ ਨੂੰ ਜਲੰਧਰ ਵਿਖੇ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ 30 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੇ ਜਾਣ ਵਾਲੇ ਮੁਜ਼ਾਹਰਿਆਂ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਇਸੇ ਤਰ੍ਹਾਂ ਕੱਚਾ ਤੇ ਆਊਟਸੋਰਸ ਸਾਂਝਾ ਮੁਲਾਜ਼ਮ ਫਰੰਟ ਵੱਲੋਂ 4 ਮਈ ਨੂੰ ਜਲੰਧਰ ਵਿਖੇ ਕੀਤੇ ਜਾ ਰਹੇ ਮੁਜ਼ਾਹਰੇ ਵਿੱਚ ਵੀ ਤਹਿਸੀਲ ਬਾਬਾ ਬਕਾਲਾ 'ਚੋਂ ਭਰਵੀਂ ਹਾਜ਼ਰੀ ਲਗਵਾਈ ਜਾਵੇਗੀ।ਮੀਟਿੰਗ ਵਿੱਚ ਦਲਬੀਰ ਸਿੰਘ ਸਰਲੀ, ਜਸਵਿੰਦਰ ਕੌਰ ਮਹਿਤਾ, ਗੋਬਿੰਦ ਸਿੰਘ, ਦਵਿੰਦਰ ਸਿੰਘ ਮਹਿਸਮਪੁਰ, ਲਖਬੀਰ ਸਿੰਘ ਠੱਠੀਆਂ ਅਤੇ ਮੰਗਤ ਸਿੰਘ ਜੱਲੂਪੁਰ ਸਮੇਤ ਕਈ ਹੋਰ ਆਗੂ ਵੀ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮਨਾਇਆ ਭਗਤ ਧੰਨਾ ਜੀ ਦਾ ਜਨਮ ਦਿਹਾੜਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ।

ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਭਗਤ ਧੰਨਾ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਭਗਤ ਧੰਨਾ ਜੀ ਦਾ ਜੀਵਨ ਸੱਚੀ ਕਿਰਤ ਅਤੇ ਪਰਮਾਤਮਾ 'ਤੇ ਭਰੋਸੇ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਸੰਗਤਾਂ ਨੂੰ ਭਗਤ ਜੀ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸੁਪ੍ਰਿੰਟੈਂਡੈਂਟ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਬਘੇਲ ਸਿੰਘ, ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਇੰਚਾਰਜ ਪਲਵਿੰਦਰ ਸਿੰਘ, ਮੇਜਰ ਸਿੰਘ, ਵਧੀਕ ਮੈਨੇਜਰ ਇਕਬਾਲ ਸਿੰਘ, ਬਿਕਰਮਜੀਤ ਸਿੰਘ ਝੰਗੀ ਸਮੇਤ ਸੰਗਤਾਂ ਹਾਜ਼ਰ ਸਨ

ਰਿਆੜਕੀ ਕਾਲਜ ਤੁਗਲਵਾਲਾ ਵਿਖੇ ਬਾਬਾ ਬਾਜਵਾ ਲਾਇਬਰੇਰੀ ਵਿਦਿਆਰਥੀਆਂ ਨੂੰ ਅਰਪਿਤ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣਿਆ ਜਾਂਦਾ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ 'ਹਰਭਜਨ ਸਿੰਘ ਬਾਜਵਾ ਸਾਹਿਤਕ ਲਾਇਬ੍ਰੇਰੀ' ਦਾ ਆਗਾਜ਼ ਬਾਬਾ ਬਾਜਵਾ ਦੇ ਕਰ ਕਮਲਾਂ ਨਾਲ ਕੀਤਾ ਗਿਆ। ਆਪਣੀ ਕਿਸਮ ਦੇ ਨਿਵੇਕਲੇ ਸੀਨੀਅਰ ਫੋਟੋਗ੍ਰਾਫਰ, ਲਿਖਾਰੀ ਅਤੇ ਹਰ ਸਮੇਂ ਸੱਚ ਤੇ ਪਹਿਰਾ ਦੇਣ ਵਾਲੇ ਹਰਭਜਨ ਸਿੰਘ ਬਾਜਵਾ (ਬਾਬਾ ਬਾਜਵਾ) ਵੱਲੋਂ ਆਪਣੀਆਂ ਬੇਸ਼ਕੀਮਤੀ ਅਤੇ ਅਮੁੱਲ ਸੈਂਕੜੇ ਪੁਸਤਕਾਂ ਸੰਸਥਾ ਨੂੰ ਭੇਟ ਕੀਤੀਆਂ ਸਨ, ਜਿਸ ਦਾ ਉਦਘਾਟਨ ਕਾਲਜ ਦੀ ਲਾਇਬਰੇਰੀ ਦੇ ਨਾਲ ਨਵੇਂ ਬਲਾਕ ਵਿੱਚ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਦੱਸਿਆ ਕਿ ਇਹ ਕਿਤਾਬਾਂ ਹੀ ਹਨ ਜੋ ਦਿਮਾਗ ਅਤੇ ਸਮਾਜ ਨੂੰ ਬਦਲਣ ਦੀ ਸ਼ਕਤੀ ਰੱਖਦੀਆਂ ਹਨ। ਇਸੇ ਸ਼ਕਤੀ ਨੂੰ ਬੜਾਵਾ ਦੇਣ ਲਈ ਸੰਸਥਾ ਵਿੱਚ ਹਮੇਸ਼ਾ ਕਿਤਾਬਾਂ ਦੇ ਹੀ ਇਨਾਮ, ਕਿਤਾਬਾਂ ਦਾ ਹੀ ਪ੍ਰਸ਼ਾਦ ਅਤੇ ਕਿਤਾਬਾਂ ਹੀ ਤੋਹਫੇ ਵਜੋਂ ਭੇਟ ਕਰਦੇ ਹਾਂ। ਉਨ੍ਹਾਂ ਨੇ ਇਸ ਮੌਕੇ ਮੇਜਰ ਕਰਤਾਰ ਸਿੰਘ ਦੇ ਪਰਿਵਾਰ ਦਾ, ਬਲਵਿੰਦਰ ਬਾਲਮ, ਡਾ. ਨਿਰਮਲ ਸਿੰਘ ਲਾਂਬੜਾ ਅਤੇ ਸ਼ਾਹੀ ਪਰਵਾਰ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਆਪਣਾ ਪੁਸਤਕਾਂ ਦਾ ਕੀਮਤੀ ਸਰਮਾਇਆ ਹਜ਼ਾਰਾਂ ਦੀ ਤਾਦਾਦ 'ਚ ਸੰਸਥਾ ਦੀ ਲਾਇਬ੍ਰੇਰੀ ਨੂੰ ਭੇਟ ਕੀਤਾ ਹੈ। ਅੱਜ ਬਾਬਾ ਬਾਜਵਾ ਸਾਹਿਬ ਵੱਲੋਂ ਆਪਣਾ ਕੀਮਤੀ ਪੁਸਤਕਾਂ ਦਾ ਵਿਰਸਾ, ਵਿਦਿਆਰਥੀਆਂ ਦੀ ਇਸ ਨਵੀਂ ਪੀੜ੍ਹੀ ਨੂੰ ਸਮਰਪਤ ਕਰਨਾ ਆਪਣੇ ਆਪ ਵਿੱਚ ਹੀ ਬਹੁਤ ਵੱਡੀ ਗੱਲ ਹੈ। ਉਹਨਾਂ ਕਿਹਾ ਕਿ ਇਹ ਹੁਣ ਵਿਦਿਆਰਥੀਆਂ ਦੇ ਜ਼ਿੰਮੇ ਹੈ ਕਿ ਉਹ ਇਸ ਅਮੁੱਲ ਸਾਹਿਤ ਦੀ ਵਰਤੋਂ ਕਿਸ ਬਾਖੂਬੀ ਨਾਲ ਕਰਨਗੇ। ਇਸ ਮੌਕੇ ਸੰਬੋਧਨ ਹੁੰਦੇ ਹੋਏ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿਤਾਬਾਂ ਤੋਂ ਵੱਡਾ ਵਿਦਿਆਰਥੀ ਦਾ ਹੋਰ ਕੋਈ ਦੋਸਤ ਨਹੀਂ ਹੋ ਸਕਦਾ ਅਤੇ ਇਹ ਕਿਤਾਬਾਂ ਹੀ ਹਨ ਜੋ ਹਮੇਸ਼ਾ ਸਾਨੂੰ ਸਹੀ ਰਸਤੇ ਤੇ ਪਾਈ ਰੱਖਦੀਆਂ ਹਨ। ਅੱਜ ਦੇ ਸ਼ੋਸ਼ਲ ਮੀਡੀਏ ਦਾ ਕੱਚਾ ਪੱਕਾ ਗਿਆਨ ਕਿਤਾਬਾਂ ਦਾ ਕਦੇ ਮੁਕਾਬਲਾ ਨਹੀਂ ਕਰ ਪਾਵੇਗਾ। ਉਨ੍ਹਾਂ ਕਿਹਾ ਕਿ ਬਾਜਵਾ ਸਾਹਿਬ ਦੇ ਇਸ ਕਿਤਾਬਾਂ ਦੇ ਖਜ਼ਾਨੇ ਨਾਲ ਸੰਸਥਾ ਆਪਣੇ ਆਪ ਤੇ ਹੋਰ ਵੀ ਮਾਣ ਮਹਿਸੂਸ ਕਰ ਰਹੀ ਹੈ। ਬਾਬਾ ਬਾਜਵਾ (ਹਰਭਜਨ ਸਿੰਘ ਬਾਜਵਾ) ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਏਥੋਂ ਦੀਆਂ ਵਿਦਿਆਰਥਣਾਂ ਪੜ੍ਹਾਈ ਦੇ ਨਾਲ-ਨਾਲ ਚੰਗੀਆਂ ਗ੍ਰਹਿਣੀਆਂ ਵੀ ਤਿਆਰ ਹੋ ਰਹੀਆਂ ਹਨ, ਜੋ ਕਾਬਿਲ ਏ ਤਾਰੀਫ ਹੈ। ਇਸ ਮੌਕੇ ਲਾਇਬਰੇਰੀ ਦੀ ਇੰਚਾਰਜ ਪਵਨਦੀਪ ਕੌਰ ਅਤੇ ਪੰਜਾਬੀ ਵਿਭਾਗ ਦੇ ਮੁਖੀ ਸੁਖਬੀਰ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਨਾਲ ਵਿਦਿਆਰਥੀਆਂ ਦੀ ਟੀਮ ਸਾਰੀਆਂ ਕਿਤਾਬਾਂ ਦਾ ਡਿਜਟੇਲਾਈਜੇਸ਼ਨ ਕਰ ਰਹੀ ਹੈ ਅਤੇ ਇਸ ਨਵੇਂ ਬਲਾਕ ਦੀਆਂ ਕਿਤਾਬਾਂ ਦਾ ਡਿਜਟੇਲਾਈਜੇਸ਼ਨ ਵੀ ਜਲਦ ਹੀ ਕਰ ਲਿਆ ਜਾਵੇਗਾ। ਇਸ ਮੌਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਅਤੇ ਸਟੂਡੈਂਟ ਕਮੇਟੀ ਦੁਆਰਾ ਕਾਲਜ ਦੇ ਔਰਗੈਨਿਕ ਗੁੜ, ਚੌਲ, ਸਿਰੋਪਾਉ ਅਤੇ ਸ਼ੁਕ

22-April-PAGE-12.qxd 4/21/2023 10:56 PM Page 1

ਪੁਣਛ 'ਚ ਵਾਪਰੀ ਮੰਦਭਾਗੀ ਘਟਨਾ : ਰਾਣਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਡਿਫੈਂਸ ਵੈਟਰਨਜ ਆਰਗੇਨਾਈਜੇਸ਼ਨ ਦੇ ਮੀਤ ਪ੍ਰਧਾਨ ਜਤਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਜੰਮੂ ਕਸ਼ਮੀਰ ਪੁਣਛ ਏਰੀਆ ਵਿੱਚ ਫੌਜ ਦੀ ਗੱਡੀ 'ਤੇ ਹੋਏ ਆਤੰਕੀ ਹਮਲੇ ਦੌਰਾਨ 4 ਫੌਜੀ ਨੌਜਵਾਨਾਂ ਦੇ ਸ਼ਹੀਦ ਹੋ ਗਏ ਜੋ ਕਿ ਬਹੁਤ ਮੰਦਭਾਗੀ ਘਟਨਾ ਹੈ। ਉਨਾਂ ਕਿਹਾ ਕਿ ਭਾਰਤ ਸਰਕਾਰ ਨੂੰ ਜੰਮੂ ਕਸ਼ਮੀਰ ਵਿੱਚ ਅਮਨ ਸ਼ਾਂਤੀ ਲਈ ਕੰਮ ਕਰਨਾ ਚਾਹੀਦਾ ਚਾਹੇ ਸ਼ਕਤੀ ਨਾਲ, ਚਾਹੇ ਸਦਭਾਵਨਾ ਨਾਲ ਕਰੇ। ਸਾਡੇ ਪੰਜਾਬ ਦੇ 4 ਸਪੂਤ ਆਪਣੇ ਦੇਸ਼ ਦੀਆਂ ਸਰਹੱਦਾਂ ਦੀ ਚੌਕਸੀ ਕਰਦਿਆਂ ਸ਼ਹੀਦ ਹੋਏ ਹਨ ਡਿਫੈਂਸ ਵੈਟਰਨਜ ਆਰਗੇਨਾਈਜੇਸਨ ਇਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਾ ਹੈ। ਵਾਹਿਗੁਰੂ ਇਹਨਾਂ ਮਹਾਨ ਯੋਧਿਆਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਪਿਛੇ ਪਰਵਾਰਾਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ।

ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀਆਂ ਦਾ ਬੀ.ਐੱਡ. ਦੇ ਨਤੀਜੇ 'ਚ ਸ਼ਾਨਦਾਰ ਪ੍ਰਦਰਸ਼ਨ

ਫਗਵਾੜਾ (ਡਾ. ਰਮਨ)-ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਨੇ ਗੁਰੂ ਨਾਨਕ ਦੇਵ

ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਬੀ.ਐੱਡ ਸਮੈਸਟਰ ਪਹਿਲੇ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਾਲਜ ਦੀਆਂ ਹੋਣਹਾਰ ਵਿਦਿਆਰਥਣਾਂ ਵੰਸ਼ਿਕਾ ਨੇ 365/475, ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ।ਅਭਿਲਾਸ਼ਾ ਨੇ 356/475 ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਪੂਜਾ ਰਾਣੀ ਨੇ 348/475 ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਤੀਜਾ ਸਥਾਨ ਹਾਸਿਲ ਕੀਤਾ। ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ ਚੇਅਰਪਰਸਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਅਤੇ ਡਾ. ਵਿਓਮਾ ਭੋਗਲ ਢੱਟ, ਡਾਇਰੈਕਟਰ, ਰਾਮਗੜ੍ਹੀਆ ਐਜੂਕੇਸ਼ਨਲ ਇੰਸਟੀਟਿਊਸ਼ਨਜ਼ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਇਸ ਸ਼ਲਾਘਾਯੋਗ ਪ੍ਰਾਪਤੀ 'ਤੇ ਵਧਾਈ ਦਿੱਤੀ।

ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ ਜਲੰਧਰ 'ਚ ਸਰਕਾਰ ਵਿਰੁੱਧ ਸੂਬਾ ਪੱਧਰੀ ਰੈਲੀ 28 ਨੂੰ

ਨਵਾਂਸ਼ਹਿਰ (ਮਨੋਜ ਲਾਡੀ)

ਡੈਮੋਕ੍ਰੇਟਿਕ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਨੇ ਯੂਨੀਅਨ ਦੀਆਂ ਮੰਗਾਂ ਨਾ ਮੰਨੇ ਜਾਣ ਉੱਤੇ 28 ਅਪ੍ਰੈਲ ਨੂੰ ਜਲੰਧਰ ਵਿਖੇ ਪੰਜਾਬ ਸਰਕਾਰ ਵਿਰੁੱਧ ਸੂਬਾ ਪੱਧਰੀ ਰੈਲੀ ਕਰਨ ਦੀ ਚੇਤਾਵਨੀ ਦਿੱਤੀ ਹੈ। ਯੂਨੀਅਨ ਦੇ ਜ਼ਿਲ੍ਹਾ ਆਗੂਆਂ ਚਰਨਜੀਤ ਕੌਰ, ਰਾਜਵਿੰਦਰ ਕੌਰ ਕੱਟ ਅਤੇ ਬਲਵਿੰਦਰ ਕੌਰ ਬਾਗੋਵਾਲ ਦੀ ਅਗਵਾਈ ਵਿੱਚ ਸਿਹਤ ਮੰਤਰੀ ਪੰਜਾਬ ਦੇ ਨਾਂਅ ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਰਾਹੀਂ ਦਿੱਤੇ ਗਏ ਮੰਗ ਪੱਤਰ ਰਾਹੀਂ ਆਖਿਆ ਗਿਆ ਹੈ ਕਿ ਆਸ਼ਾ ਵਰਕਰਾਂ ਨੂੰ ਘੱਟੋ ਘੱਟ 18000 ਰੁਪਏ ਮਾਸਿਕ ,ਫ਼ੈਸਿਲੀਟੇਟਰਾਂ ਨੂੰ ਆਂਗਣਵਾੜੀ ਸੁਪਰਵਾਈਜ਼ਰ ਬਰਾਬਰ ਤਨਖਾਹ ਦੇਣ,ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਦਾ ਈ.ਪੀ .ਐਫ ਕੱਟਣ, ਫਿਕਸ ਤਨਖਾਹਾਂ ,ਇੰਨਸੈਂਟਿਵ ਵਿੱਚ ਵਾਧਾ ਕਰਨ, ਸੀ ਐਚ ਓ ਦੇ ਪ੍ਰੋਗਰਾਮਾਂ ਦਾ ਬਣਦਾ ਇੰਨਸੈਂਟਿਵ ਦੇਣ,5 ਲੱਖ ਦਾ ਮੁਫਤ ਬੀਮਾ ਅਤੇ ਪ੍ਰਸੂਤਾ ਛੁੱਟੀ ਦੇ ਫੌਰੀ ਨੋਟੀਫਿਕੇਸ਼ਨ ਜਾਰੀ ਕਰਕੇ ਲਾਗੂ ਕਰਨ, ਕੋਵਿਡ ਮਹਾਂਮਾਰੀ ਵਿੱਚ ਮਾਰੇ ਗਏ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਦੇ ਵਾਰਸਾਂ ਨੂੰ 5 ਲੱਖ ਰੁਪਏ ਮੁਆਵਜਾ ਦੇਣ ਪਰਵਾਰਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ ਗਈ।

ਬੀ ਐਸ ਪੀ ਆਗੂ ਹੋਏ ਆਮ ਆਦਮੀ ਪਾਰਟੀ 'ਚ ਸ਼ਾਮਲ

ਜਲੰਧਰ, (ਸ਼ੈਲੀ ਐਲਬਰਟ)

ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਕਰਨੀਆਂ ਤੋਂ ਪ੍ਰਭਾਵਿਤ ਹੋਣ ਵਾਲੇ ਹੋਰਨਾਂ ਪਾਰਟੀਆਂ ਦੇ ਆਗੂਆਂ ਅਤੇ ਆਮ ਲੋਕਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਜਾਰੀ ਹੈ। ਪਾਰਟੀ ਨੂੰ ਉਸ ਵੇਲੇ ਹੋਰ ਮਜਬੂਤੀ ਮਿਲੀ ਜਦੋਂ ਬਹੁਜਨ ਸਮਾਜ ਪਾਰਟੀ ਪੰਜਾਬ ਨਾਲ ਜੁੜੇ ਵੱਡੀ ਗਿਣਤੀ ਵਿੱਚ ਆਗੂ ਅਤੇ ਹੋਰ ਲੋਕ ਆਪਣੇ ਸਾਥੀਆਂ ਸਮੇਤ 'ਆਪ' ਵਿੱਚ ਸ਼ਾਮਲ ਹੋ ਗਏ। 'ਆਪ' ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਨ੍ਹਾਂ ਬੀਐਸਪੀ ਆਗੂਆਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਸਵਾਗਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਅਤੇ ਰਾਜਵਿੰਦਰ ਕੌਰ ਥਿਆੜਾ ਵੀ ਹਾਜਰ ਸਨ। ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਸ਼ਾਲੀਮਾਰ, ਪੰਜ ਵਾਰ ਪੰਜਾਬ ਬੀਐਸਪੀ ਦੇ ਸਟੇਟ ਇੰਚਾਰਜ ਰਹੇ ਰਾਜਿੰਦਰ ਸਿੰਘ ਰਿਹਾਲ, ਗਉ ਸ਼ਾਲਾ ਕਮਿਸ਼ਨਰ ਪੰਜਾਬ ਦੇ ਸਾਬਕਾ ਚੇਅਰਮੈਨ ਕੀਮਤੀ ਭਗਤ, ਬੀਐਸਪੀ ਜਲੰਧਰ ਦੇ ਨੌਜਵਾਨ ਨੇਤਾ ਹਰਪ੍ਰੀਤ ਸਿੰਘ, ਅਭਿਸ਼ੇਕ ਨਿੱਕਾ, ਬੀਐਸਪੀ ਜਲੰਧਰ ਜ਼ੋਨ ਦੇ ਇੰਚਾਰਜ ਜਸਵਿੰਦਰ ਸਿੰਘ ਪ੍ਰਜਾਪਤੀ, ਅਮਰੀਕ ਸਿੰਘ, ਡਾਕਟਰ ਇਕਬਾਲ ਸਿੰਘ ਭੋਮਾ, ਬੀਐਸਪੀ ਦੇ ਸੀਨੀਅਰ ਆਗੂ ਭਾਰਤ ਭੂਸ਼ਨ ਕੰਡਾ, ਮਨਜੀਤ ਨੰਦਰਾ, ਬਾਬਾ ਜਸਵੰਤ ਸਿੰਘ ਚੀਮਾ, ਲਾਇਨਸ ਕਲੱਬ ਜਲੰਧਰ ਦੇ ਡਾਇਰੈਕਟਰ ਸੇਵਾ ਸਿੰਘ, ਬੀਐਸਪੀ ਜਲੰਧਰ ਜ਼ਿਲ੍ਹੇ ਦੇ ਆਗੂ ਪ੍ਰਦੀਪ ਧਾਲੀਵਾਲ, ਮੋਹਿੰਦਰ ਪ੍ਰਤਾਪ, ਸਮਾਜ ਸੇਵੀ ਸ਼ਮਸ਼ੇਰ ਸਿੰਘ, ਗੁਰਸ਼ਰਨ ਸਿੰਘ ਵਿਰਕ, ਕਿਸਾਨ ਯੂਨੀਅਨ (ਰਾਜੇਵਾਲ) ਤਹਿਸੀਲ ਪ੍ਰਧਾਨ ਬਲਵੀਰ ਸਿੰਘ, ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਪ੍ਰੈਸੀਡੈਂਟ ਗੁਰਪਾਲ ਸਿੰਘ ਆਪਣੇ ਹੋਰ ਸਾਥੀਆਂ ਸਮੇਤ 'ਆਪ' ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਪੰਜਾਬ 'ਆਪ' ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪਾਰਟੀ ਵਿੱਚ ਇਮਾਨਦਾਰ ਅਤੇ ਲੋਕਾਂ ਦੀ ਭਲਾਈ ਕਰਨ ਵਿੱਚ ਵਿਸ਼ਵਾਸ਼ ਕਰਨ ਵਾਲਿਆਂ ਦੇ ਹਮੇਸ਼ਾ ਹੀ ਸਵਾਗਤ ਹੈ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਇਕ ਵਰਕਰ ਦਾ ਬਰਾਬਰ ਸਤਿਕਾਰ ਕੀਤਾ ਜਾਂਦਾ ਹੈ।

ਪੰਜਾਬੀ 'ਵਰਸਿਟੀ ਵੱਲੋਂ ਨਵੇਂ ਕੋਰਸਾਂ ਨਾਲ ਹੋਈ ਨਵੇਂ ਯੁੱਗ ਦੀ ਸ਼ੁਰੂਆਤ : ਸੰਧਵਾਂ

ਐੱਸ ਏ ਐੱਸ ਨਗਰ, (ਗੁਰਜੀਤ ਬਿੱਲਾ)

ਪੰਜਾਬੀ ਯੂਨੀਵਰਸਿਟੀ ਵੱਲੋਂ ਐੱਸ ਏ ਐੱਸ ਨਗਰ (ਮੋਹਾਲੀ) ਸਥਿਤ ਆਪਣੇ ਕੇਂਦਰ ਨੂੰ ਹੋਰ ਵਧੇਰੇ ਸਰਗਰਮ ਕਰਨ ਲਈ ਇੱਥੇ ਨਵੇਂ ਯੁੱਗ ਦੇ ਹਾਣੀ 33 ਨਵੇਂ ਸਾਰਟ ਟਰਮ ਕੋਰਸ ਸ਼ੁਰੂ ਕੀਤੇ ਗਏ ਹਨ ਜਿਨ੍ਹਾਂ ਦਾ ਉਦਘਾਟਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੀਤਾ। ਇਹ ਕੋਰਸ ਸਭੁੱਧ ਫਾਊਂਡੇਸਨ ਦੇ ਸਹਿਯੋਗ ਨਾਲ ਸ਼ੁਰੂ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ ਇਸ ਕੇਂਦਰ ਨੂੰ ਸਰਗਰਮ ਕਰਨ ਦੇ ਪੜਾਅ ਵਜੋਂ ਪਿਛਲੇ ਦਿਨੀਂ ਇਸ ਦਾ ਨਾਂਅ ਬਦਲ ਕੇ 'ਪੰਜਾਬੀ ਯੂਨੀਵਰਸਿਟੀ ਸੈਂਟਰ ਫਾਰ ਐਮਰਜਿੰਗ ਐਂਡ ਇਨੋਵੇਟਿਵ ਟੈਕਨਾਲੋਜੀ, ਮੋਹਾਲੀ' ਕਰ ਦਿੱਤਾ ਗਿਆ ਸੀ। ਇਸੇ ਦਿਸ਼ਾ ਵਿੱਚ ਹੁਣ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡੈਟਾ ਸਾਇੰਸ ਨਾਲ ਸੰਬੰਧਤ ਇਹ ਨਵੇਂ ਕੋਰਸ ਸ਼ੁਰੂ ਕੀਤੇ ਗਏ ਹਨ। ਇਸ ਕੇਂਦਰ ਵਿੱਚ ਰੱਖੇ ਗਏ ਵਿਸ਼ੇਸ਼ ਉਦਘਾਟਨੀ ਸੈਸਨ ਦੌਰਾਨ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸਮੇਂ ਦੇ ਹਾਣ ਦੇ ਅਜਿਹੇ ਕੋਰਸਾਂ ਨਾਲ ਪੰਜਾਬ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋ ਗਈ ਹੈ। ਇਸ ਲਈ ਇਹ ਸਾਰੇ ਕੋਰਸ ਲਾਭਦਾਇਕ ਸਿੱਧ ਹੋਣਗੇ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਜਾਗ ਪਿਆ ਹੈ ਅਤੇ ਤਕਨੀਕ ਦੇ ਨਵੇਂ ਦੌਰ ਵਿੱਚ ਲੋੜੀਂਦੇ ਅਜਿਹੇ ਨਵੀਂ ਕਿਸਮ ਦੇ ਕੋਰਸ ਹੁਣ ਪੰਜਾਬ ਦੇ ਨੌਜਵਾਨਾਂ ਨੂੰ ਵਧੇਰੇ ਸਮਰੱਥ ਬਣਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੁਣ ਸਹੀ ਅਰਥਾਂ ਵਿੱਚ ਸਿੱਖਿਆ ਦਾ ਦੌਰ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬੀ ਯੂਨੀਵਰਸਿਟੀ ਦੀ ਇਸ ਨਿਵੇਕਲੀ ਪਹਿਲਕਦਮੀ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਵੀ ਵਿਚਾਰ-ਚਰਚਾ ਕਰਨਗੇ ਤਾਂ ਕਿ ਇਸ ਦਿਸਾ ਵਿੱਚ ਹੋਰ ਵਧੇਰੇ ਸਮਰੱਥਾ ਸਹਿਤ ਕੰਮ ਕੀਤਾ ਜਾ ਸਕੇ। ਇਸ ਪ੍ਰੋਗਰਾਮ ਵਿੱਚ ਡੀਨ ਅਕਾਦਮਿਕ ਮਾਮਲੇ ਡਾ. ਅਸ਼ੋਕ ਤਿਵਾੜੀ ਅਤੇ ਰਜਿਸਟਰਾਰ ਡਾ. ਨਵਜੋਤ ਕੌਰ, ਡੀਨ ਵਿਦਿਆਰਥੀ ਭਲਾਈ ਡਾ. ਅਨੁਪਮਾ, ਕਰੈੱਸਪ ਦੇ ਡਾਇਰੈਕਟਰ ਡਾ. ਹਿਮੇਂਦਰ ਭਾਰਤੀ, ਐੱਨ. ਐੱਸ. ਐੱਸ. ਕੋਆਰਡੀਨੇਟਰ ਡਾ. ਮਮਤਾ ਸ਼ਰਮਾ, ਡਾਇਰੈਕਟਰ ਯੁਵਕ ਭਲਾਈ ਡਾ. ਗਗਨਦੀਪ ਥਾਪਾ, ਸੀਨੀਅਰ ਪ੍ਰੋਫੈਸਰ ਗੁਰਪ੍ਰੀਤ ਸਿੰਘ ਲਹਿਲ ਤੋਂ ਇਲਾਵਾ ਪੰਜਾਬੀ ਯੂਨੀਵਰਸਿਟੀ ਤੋਂ ਵੱਖ-ਵੱਖ ਫੈਕਲਟੀਆਂ ਦੇ ਡੀਨ ਅਤੇ ਹੋਰ ਅਧਿਕਾਰੀ ਹਾਜਰ ਸਨ।

ਆਪ ਨੇ ਨਕੋਦਰ 'ਚ ਖੋਲ੍ਹਿਆ ਪਾਰਟੀ ਦਫਤਰ

ਨਕੋਦਰ, (ਨਵਾਂ ਜ਼ਮਾਨਾ ਸਰਵਿਸ)

ਆਮ ਆਦਮੀ ਪਾਰਟੀ ਪਾਰਟੀ ਵੱਲੋਂ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਦੇ ਮੱਦੇਨਜਰ ਨਕੋਦਰ ਵਿਖੇ ਪਾਰਟੀ ਦਫਤਰ ਖੋਲ੍ਹਿਆ ਗਿਆ ਹੈ। ਇਸ ਮੌਕੇ ਪੰਜਾਬ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਰਣਜੀਤ ਸਿੰਘ ਚੀਮਾ (ਚੇਅਰਮੈਨ ਵਾਟਰ ਸਪਲਾਈ ਮਹਿਕਮਾ), ਜਗਤਾਰ ਸਿੰਘ (ਕਿਸਾਨ ਵਿੰਗ ਪ੍ਰਧਾਨ), ਦਰਸ਼ਨ ਸਿੰਘ ਟਾਹਲੀ (ਜ਼ਿਲ੍ਹਾ ਪ੍ਰੀਸ਼ਦ ਮੀਤ ਪ੍ਰਧਾਨ) ਅਤੇ ਹਲਕਾ ਨਕੋਦਰ ਤੋਂ ਵਿਧਾਇਕਾ ਇੰਦਰਜੀਤ ਕੌਰ ਮਾਨ ਹਾਜਰ ਸਨ। ਉਨ੍ਹਾਂ ਦੇ ਨਾਲ ਪਾਰਟੀ ਦੇ ਹੋਰ ਅਹੁਦੇਦਾਰਾਂ ਅਤੇ ਵਲੰਟੀਅਰਾਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਹਲਕਾ ਵਿਧਾਇਕਾ ਨੇ ਸੰਬੋਧਨ ਕਰਦਿਆਂ ਆਪਣੇ ਹਲਕੇ ਦੇ ਵਲੰਟੀਅਰਾਂ ਨੂੰ ਦਫਤਰ ਦੇ ਉਦਘਾਟਨ ਦੀ ਵਧਾਈ ਦਿੱਤੀ। ਇਸ ਤੋਂ ਇਲਾਵਾ ਪੰਜਾਬ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਵੀ ਸੰਬੋਧਨ ਕੀਤਾ ਅਤੇ ਕਿਹਾ ਕਿ ਇਸ ਵਾਰ ਆਮ ਆਦਮੀ ਪਾਰਟੀ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਵੱਡੇ ਫਰਕ ਨਾਲ ਜਿੱਤੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਸਰਕਾਰ ਦੇ ਕੀਤੇ ਹੋਏ ਕੰਮਾਂ ਤੋਂ ਕਾਫੀ ਖੁਸ਼ ਹਨ। ਜੋ ਵੀ ਗਰੰਟੀਆਂ ਵੋਟਾਂ ਤੋਂ ਪਹਿਲਾਂ ਦਿੱਤੀਆਂ ਗਈਆਂ ਸਨ, ਇੱਕ-ਇੱਕ ਕਰਕੇ ਸਭ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਜ਼ਿਕਰਯੋਗ ਹੈ ਕਿ ਨਕੋਦਰ ਵਿੱਚ ਪਾਰਟੀ ਨੂੰ ਉਸ ਵਕਤ ਵੱਡਾ ਬਲ ਮਿਲਿਆ ਜਦੋਂ ਕਾਂਗਰਸੀ ਆਗੂ ਮੋਹਿਤ ਅਤੇ ਭਾਜਪਾ ਆਗੂ ਨਿੱਕਾ ਖਾਨ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਉਨ੍ਹਾਂ ਦੇ ਨਾਲ ਜਸਵੀਰ ਸਿੰਘ ਧੰਜਲ ,ਸ਼ਾਂਤੀ ਸਰੂਪ, ਪਰਦੀਪ ਸ਼ੇਰਪੁਰ, ਨਰੇਸ਼ ਕੁਮਾਰ ,ਬਲਦੇਵ ਸਹੋਤਾ, ਸੰਜੀਵ ਅਹੂਜਾ, ਲਖਵੀਰ ਕੌਰ ਸੰਘੇੜਾ, ਸੁਰਿੰਦਰ ਕੁਮਾਰ ਪਿੰਡ ਉੱਗੀ, ਹਿਮਾਂਸ਼ੂ ਜੈਨ, ਬੋਬੀ ਸ਼ਰਮਾ, ਨਰਿੰਦਰ ਸ਼ਰਮਾ, ਜਸਵੀਰ ਸੰਗੋਵਾਲ, ਮਿਲਖਾ ਸਿੰਘ, ਅਨੂਪ ਬਿਲਗਾ, ਪਰਮਿੰਦਰ ਬਿਲਗਾ, ਜਸਵੀਰ ਸਿੰਘ ਸ਼ੰਕਰ, ਵਿੱਕੀ ਭਗਤ, ਸੁਖਵਿੰਦਰ ਗਡਵਾਲ, ਅਜੀਤ ਸਿਧਮ, ਪੰਕਜ ਮਾਲੜੀ ਸੰਜੀਵ, ਅਰਜਨ ਸਿੰਘ, ਪ੍ਰਿਤਪਾਲ ਸਿੰਘ, ਹਰਪ੍ਰੀਤ ਹੈਪੀ, ਗੁਰਜੰਟ ਸਿੰਘ, ਗੁਰਿੰਦਰ ਸਿੰਘ ਆਦਿ ਹਾਜਰ ਸਨ ।

ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀ ਸਵੀਪ ਮੁਕਾਬਲਿਆਂ 'ਚ ਚਮਕੇ

ਜਲੰਧਰ (ਸ਼ੈਲੀ ਐਲਬਰਟ)

ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਕਰਵਾਏ ਗਏ ਸਵੀਪ ਅੰਤਰਗਤ ਚੋਣ ਸਬੰਧੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਦਾ ਆਯੋਜਨ ਕਰਤਾਰਪੁਰ ਖੇਤਰ ਦੀਆਂ ਆਉਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਵੋਟਿੰਗ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਕੀਤਾ ਗਿਆ ਸੀ।

ਪ੍ਰਿੰਸੀਪਲ ਪ੍ਰੋ: ਜਸਰੀਨ ਕੌਰ ਨੇ ਜੇਤੂਆਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਲੋਕਤੰਤਰ ਲਈ ਇੱਕ ਸਕਾਰਾਤਮਕ ਸੰਕੇਤ ਹੈ। ਜੇਕਰ ਨੌਜਵਾਨ ਜਾਗਰੂਕ ਹੋਣ ਤਾਂ ਉਹ ਦੇਸ਼ ਨੂੰ ਹਰ ਖੇਤਰ ਵਿੱਚ ਵਿਕਾਸ ਵੱਲ ਲੈ ਜਾ ਸਕਦੇ ਹਨ। ਕਾਲਜ ਸਵੀਪ ਦੇ ਨੋਡਲ ਅਫ਼ਸਰ ਡਾ: ਸੁਰਿੰਦਰ ਪਾਲ ਮੰਡ ਨੇ ਕਿਹਾ ਕਿ ਨੌਜਵਾਨ ਭਵਿੱਖ ਦੇ ਆਗੂ ਹੁੰਦੇ ਹਨ ਅਤੇ ਇਹ ਸਮਾਗਮ ਉਨ੍ਹਾਂ ਨੂੰ ਭਵਿੱਖ ਦੀਆਂ ਜ਼ਿੰਮੇਵਾਰੀਆਂ ਅਤੇ ਚੁਣੌਤੀਆਂ ਲਈ ਤਿਆਰ ਕਰਦੇ ਹਨ । ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਪ੍ਰੋ: ਸਤਪਾਲ ਸਿੰਘ ਨੇ ਦੱਸਿਆ ਕਿ ਕਾਲਜ ਦੇ ਐਨ.ਐਸ.ਐਸ. ਵਲੰਟੀਅਰਾਂ ਨੇ ਨਾ ਸਿਰਫ਼ ਭਾਗ ਲਿਆ ਸਗੋਂ ਕਈ ਪੁਜ਼ੀਸ਼ਨਾਂ ਵੀ ਜਿੱਤੀਆਂ। ਉਨ੍ਹਾਂ ਦੱਸਿਆ ਕਿ ਐਚ.ਐਮ.ਵੀ. ਵਿਖੇ ਕਰਵਾਏ ਗਏ ਭਾਸ਼ਣ ਮੁਕਾਬਲੇ ਵਿੱਚ ਬਲਪ੍ਰੀਤ ਕੌਰ ਨੇ ਭਾਸ਼ਣ ਮੁਕਾਬਲੇ ਵਿੱਚ ਪਹਿਲਾ, ਸ਼ਿਵਮ ਨੇ ਕਵਿਤਾ ਉਚਾਰਨ ਵਿੱਚ ਪਹਿਲਾ, ਅਮਿਤ ਨੇ ਲੇਖ